ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਬੱਸੀ ਪਠਾਨਾਂ ਯੂਥ ਕਾਂਗਰਸ ਵੱਲੋਂ ਚੁੰਨੀ, ਖਮਾਣੋਂ ਵਿੱਚ ਹੋਣਗੀਆਂ ਦੋ ਰੈਲੀਆਂ 03

ਸਾਲ 1, ਅੰਕ 7 Ph (Mohali Office) : 0160-2990739; (M) : +91-98156-16078 ਬੁੱਧਵਾਰ, 7 ਅਕਤੂਬਰ 2026 (21 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 12 ਮੁੱਲ :₹2

ਰਾਸ਼ਟਰਪਤੀ ਮੁਰਮੂ ਦਾ ਚੰਡੀਗੜ੍ਹ ਪਹੁੰਚਣ 'ਤੇ ਸੀਐਮ ਭਗਵੰਤ ਮਾਨ ਨੇ ਕੀਤਾ ਸਵਾਗਤ

ਦੇਸ਼ ਪ੍ਰਦੇਸ਼

ਚੰਡੀਗੜ੍ਹ, 6 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):- ਭਾਰਤ ਦੀ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਮੰਗਲਵਾਰ ਨੂੰ ਚੰਡੀਗੜ੍ਹ ਪਹੁੰਚੇ, ਜਿੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ। ਰਾਸ਼ਟਰਪਤੀ ਦੇ ਪਹੁੰਚਣ 'ਤੇ ਮੁੱਖ ਮੰਤਰੀ ਮਾਨ ਨੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਪੰਜਾਬ ਦੀ ਧਰਤੀ 'ਤੇ ਜੀ ਆਇਆਂ ਆਖਿਆ। ਇਸ ਮੌਕੇ ਦੋਵਾਂ ਵਿਚਾਲੇ ਪੰਜਾਬ ਅਤੇ ਦੇਸ਼ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਵੀ ਹੋਇਆ। ਰਾਸ਼ਟਰਪਤੀ ਦੇ ਸਵਾਗਤ ਲਈ ਸੀਐਮ ਮਾਨ ਤੋਂ ਇਲਾਵਾ ਪੰਜਾਬ ਦੇ ਰਾਜਪਾਲ ਗੁਲਾਬਚੰਦ ਕਟਾਰੀਆ ਅਤੇ ਹਰਿਆਣਾ ਦੇ ਰਾਜਪਾਲ ਘੋਸ਼ ਵੀ ਮੌਜੂਦ ਸਨ। ਮੁੱਖ ਮੰਤਰੀ ਭਗਵੰਤ ਮਾਨ ਨੇ ਰਾਸ਼ਟਰਪਤੀ ਮੁਰਮੂ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਪੰਜਾਬ ਦੇ ਲੋਕਾਂ ਲਈ ਮਾਣ ਵਾਲੀ ਗੱਲ ਹੈ ਕਿ ਦੇਸ਼ ਦੀ ਰਾਸ਼ਟਰਪਤੀ ਗੁਰੂਆਂ ਅਤੇ ਪੀਰਾਂ ਦੀ ਪਵਿੱਤਰ ਧਰਤੀ 'ਤੇ ਪਹੁੰਚੇ ਹਨ। ਉਨ੍ਹਾਂ ਨੇ ਪੰਜਾਬ ਦੀ ਰਵਾਇਤੀ ਮਹਿਮਾਨ-ਨਿਵਾਜ਼ੀ ਅਤੇ ਸਤਿਕਾਰ ਦੀ ਭਾਵਨਾ ਨਾਲ ਰਾਸ਼ਟਰਪਤੀ ਨੂੰ ਜੀ ਆਇਆਂ ਕਿਹਾ।

ਰਾਸ਼ਟਰਪਤੀ ਮੁਰਮੂ ਦਾ ਇਹ ਚੰਡੀਗੜ੍ਹ ਦੌਰਾ ਉਨ੍ਹਾਂ ਦੇ ਤਿੰਨ ਦਿਨਾਂ ਦੇ ਹਿਮਾਚਲ ਪ੍ਰਦੇਸ਼ ਦੌਰੇ ਨਾਲ ਜੁੜਿਆ ਹੋਇਆ ਹੈ। ਚੰਡੀਗੜ੍ਹ ਪਹੁੰਚਣ ਤੋਂ ਬਾਅਦ ਰਾਸ਼ਟਰਪਤੀ ਹਿਮਾਚਲ ਪ੍ਰਦੇਸ਼ ਲਈ ਰਵਾਨਾ ਹੋਏ। ਉਨ੍ਹਾਂ ਦੇ ਦੌਰੇ ਦੌਰਾਨ ਬਿਲਾਸਪੁਰ ਵਿੱਚ ਸਥਿਤ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਦੇ ਪਹਿਲੇ ਦੀਕਸ਼ਾਂਤ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਦਾ ਪ੍ਰੋਗਰਾਮ ਹੈ। ਰਾਸ਼ਟਰਪਤੀ ਮੁਰਮੂ ਦੇ ਪੰਜਾਬ ਨਾਲ ਜੁੜੇ ਇਸ ਦੌਰੇ ਦਾ ਇੱਕ ਮਹੱਤਵਪੂਰਨ ਪੱਖ ਇਹ ਵੀ ਹੈ ਕਿ ਚੰਡੀਗੜ੍ਹ ਵਿੱਚ ਮੁੱਖ ਮੰਤਰੀ ਮਾਨ ਨਾਲ ਉਨ੍ਹਾਂ ਦੀ ਮੁਲਾਕਾਤ ਦੌਰਾਨ ਪੰਜਾਬ ਅਤੇ ਕੌਮੀ ਮਹੱਤਤਾ ਵਾਲੇ ਮੁੱਦਿਆਂ 'ਤੇ ਗੱਲਬਾਤ ਹੋਈ। ਹਾਲਾਂਕਿ ਇਸ ਗੱਲਬਾਤ ਦੇ ਵਿਸਥਾਰਤ ਵੇਰਵੇ ਜਨਤਕ ਤੌਰ 'ਤੇ

ਬਾਕੀ ਸਫ਼ਾ 7 'ਤੇ

ਸੀਈਸੀ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈਕੇ ਰਾਹੁਲ, ਪ੍ਰੀਅੰਕਾ ਤੇ ਅਖਿਲੇਸ਼ ਯਾਦਵ ਸਮੇਤ ਕਈ ਆਗੂਆਂ ਵਲੋਂ ਵਿਰੋਧ ਪ੍ਰਦਰਸ਼ਨ

ਦੇਸ਼ ਪ੍ਰਦੇਸ਼

ਨਵੀਂ ਦਿੱਲੀ, 6 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):- ਭਾਰਤ ਦੇ ਵਿਰੋਧੀ ਧਿਰਾਂ ਦੇ 'ਇੰਡੀਆ' ਗਠਜੋੜ ਦੇ ਸੰਸਦ ਮੈਂਬਰਾਂ ਨੇ ਅੱਜ ਨਵੀਂ ਦਿੱਲੀ ਵਿੱਚ ਚੋਣ ਕਮਿਸ਼ਨ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਵਿਰੋਧੀ ਆਗੂ ਸੰਸਦ ਭਵਨ ਤੋਂ ਚੋਣ ਕਮਿਸ਼ਨ ਦੇ ਮੁੱਖ ਦਫ਼ਤਰ ਵੱਲ ਮਾਰਚ ਕਰਦੇ ਹੋਏ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਸਨ। ਉਨ੍ਹਾਂ ਦਾ ਮੁੱਖ ਮੁੱਦਾ ਵੋਟਰ ਸੂਚੀਆਂ ਦੀ ਐਸਆਈਆਰ ਪ੍ਰਕਿਰਿਆ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਭੂਮਿਕਾ ਸੀ। ਪ੍ਰਦਰਸ਼ਨਕਾਰੀਆਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ। 'ਇੰਡੀਆ' ਗਠਜੋੜ ਦੀਆਂ ਮੁੱਖ ਮੰਗਾਂ ਵਿੱਚ ਐਸਆਈਆਰ ਪ੍ਰਕਿਰਿਆ ਨੂੰ ਰੋਕਣਾ, ਵੋਟਰ ਸੂਚੀਆਂ ਵਿੱਚੋਂ ਕਥਿਤ ਤੌਰ 'ਤੇ ਹਟਾਏ ਗਏ ਯੋਗ ਵੋਟਰਾਂ ਦੇ ਨਾਮ ਮੁੜ ਸ਼ਾਮਲ ਕਰਨਾ ਅਤੇ ਚੋਣ ਪ੍ਰਕਿਰਿਆ ਵਿੱਚ ਵਧੇਰੇ ਪਾਰਦਰਸ਼ਤਾ ਯਕੀਨੀ ਬਣਾਉਣਾ ਸ਼ਾਮਲ ਹੈ। ਵਿਰੋਧੀ ਧਿਰਾਂ ਦਾ ਦੋਸ਼ ਹੈ ਕਿ ਵੋਟਰ ਸੂਚੀਆਂ ਵਿੱਚ ਤਬਦੀਲੀਆਂ ਨਾਲ ਵੱਡੀ ਗਿਣਤੀ ਵਿੱਚ ਲੋਕਾਂ ਦੇ ਵੋਟ ਦੇ ਅਧਿਕਾਰ 'ਤੇ ਅਸਰ ਪੈ ਸਕਦਾ ਹੈ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ, ਪ੍ਰਿਯੰਕਾ ਗਾਂਧੀ ਵਾਡਰਾ, ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਅਤੇ ਤ੍ਰਿਣਮੂਲ ਕਾਂਗਰਸ ਦੇ ਆਗੂਆਂ ਸਮੇਤ ਕਈ ਵਿਰੋਧੀ ਨੇਤਾ ਇਸ ਮਾਰਚ ਵਿੱਚ ਸ਼ਾਮਲ ਹੋਏ। ਪ੍ਰਦਰਸ਼ਨ ਦੌਰਾਨ ਆਗੂਆਂ ਅਤੇ ਸੰਸਦ ਮੈਂਬਰਾਂ ਨੇ ਚੋਣ ਕਮਿਸ਼ਨ ਤੋਂ ਆਪਣੀਆਂ ਮੰਗਾਂ 'ਤੇ ਜਵਾਬ ਮੰਗਿਆ।

ਮਾਰਚ ਨੂੰ ਰੋਕਣ ਲਈ ਦਿੱਲੀ ਪੁਲਿਸ ਵੱਲੋਂ ਵੱਡੀ ਗਿਣਤੀ ਵਿੱਚ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਸਨ। ਪੁਲਿਸ ਨੇ ਸੰਸਦ ਅਤੇ ਚੋਣ ਕਮਿਸ਼ਨ ਦਫ਼ਤਰ ਦੇ ਵਿਚਕਾਰ ਕਈ ਥਾਵਾਂ 'ਤੇ ਬੈਰੀਕੇਡ ਲਗਾਏ। ਜਦੋਂ ਵਿਰੋਧੀ ਆਗੂਆਂ ਨੇ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਨੇ ਕਈ ਆਗੂਆਂ ਅਤੇ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲੈ ਲਿਆ। ਰਿਪੋਰਟਾਂ ਮੁਤਾਬਕ ਅਖਿਲੇਸ਼ ਯਾਦਵ ਅਤੇ ਟੀਐਮਸੀ ਦੇ ਸੰਸਦ

ਬਾਕੀ ਸਫ਼ਾ 7 'ਤੇ

ਰਾਹੁਲ ਗਾਂਧੀ ਨੇ ਸੰਸਦ ਮੈਂਬਰਾਂ ਨੂੰ ਕਮਿਸ਼ਨ ਦੇ ਅਧਿਕਾਰੀਆਂ ਨਾਲ ਮਿਲਣ ਤੋਂ ਰੋਕੇ ਜਾਣ 'ਤੇ ਚੁੱਕੇ ਸਵਾਲ

ਨਵੀਂ ਦਿੱਲੀ, 6 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):- ਚੋਣ ਕਮਿਸ਼ਨ ਖ਼ਿਲਾਫ਼ 'ਇੰਡੀਆ' ਗਠਜੋੜ ਦੇ ਅੱਜ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਅਤੇ ਵਿਰੋਧੀ ਸੰਸਦ ਮੈਂਬਰਾਂ ਨੂੰ ਕਮਿਸ਼ਨ ਦੇ ਅਧਿਕਾਰੀਆਂ ਨਾਲ ਮਿਲਣ ਤੋਂ ਰੋਕੇ ਜਾਣ 'ਤੇ ਸਵਾਲ ਉਠਾਏ। ਇਹ ਬਿਆਨ ਉਸ ਸਮੇਂ ਆਇਆ ਜਦੋਂ 'ਇੰਡੀਆ' ਗਠਜੋੜ ਦੇ ਸੰਸਦ ਮੈਂਬਰ ਸੰਸਦ ਭਵਨ ਤੋਂ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਮਾਰਚ ਕਰ ਰਹੇ ਸਨ ਅਤੇ ਪੁਲਿਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਰਾਹੁਲ ਗਾਂਧੀ ਨੇ ਕਿਹਾ ਕਿ 300 ਤੋਂ ਵੱਧ ਵਿਰੋਧੀ ਸੰਸਦ ਮੈਂਬਰ ਚੋਣ ਕਮਿਸ਼ਨ ਦੇ ਅਧਿਕਾਰੀਆਂ ਨਾਲ ਮੁਲਾਕਾਤ ਕਰਨ ਲਈ ਮਾਰਚ ਵਿੱਚ ਸ਼ਾਮਲ ਹੋਏ ਸਨ। ਉਨ੍ਹਾਂ ਦਾ ਸਵਾਲ ਸੀ ਕਿ ਜਦੋਂ ਇੰਨੇ ਚੁਣੇ ਹੋਏ ਨੁਮਾਇੰਦੇ ਚੋਣ ਕਮਿਸ਼ਨ ਕੋਲ ਆਪਣੀਆਂ ਗੱਲਾਂ ਰੱਖਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਕਿਉਂ ਰੋਕਿਆ ਜਾ ਰਿਹਾ ਹੈ। ਉਨ੍ਹਾਂ ਨੇ ਪੁਲਿਸ ਵੱਲੋਂ ਸੰਸਦ ਮੈਂਬਰਾਂ ਨੂੰ ਰੋਕੇ ਜਾਣ ਅਤੇ ਕਥਿਤ ਤੌਰ 'ਤੇ ਧਮਕਾਉਣ 'ਤੇ ਵੀ ਸਵਾਲ ਕੀਤੇ। ਰਾਹੁਲ ਗਾਂਧੀ ਨੇ ਕਿਹਾ ਕਿ ਵਿਰੋਧੀ ਸੰਸਦ ਮੈਂਬਰ ਦੇਸ਼ ਦੇ ਕਰੋੜਾਂ ਲੋਕਾਂ ਦੀ ਨੁਮਾਇੰਦਗੀ ਕਰਦੇ ਹਨ ਅਤੇ ਉਹ ਚੋਣ ਕਮਿਸ਼ਨ

ਬਾਕੀ ਸਫ਼ਾ 7 'ਤੇ

ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਸੀਐਮ ਮਾਨ ਦੀ ਕੌਮੀ ਇਨਸਾਫ਼ ਮੋਰਚਾ ਤੇ ਧਰਮ ਯੁੱਧ ਮੋਰਚਾ ਨਾਲ ਮੁਲਾਕਾਤ

ਦੇਸ਼ ਪ੍ਰਦੇਸ਼

ਚੰਡੀਗੜ੍ਹ, 6 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ): ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਪਣੇ ਨਿਵਾਸ 'ਤੇ ਕੌਮੀ ਇਨਸਾਫ਼ ਮੋਰਚਾ ਅਤੇ ਧਰਮ ਯੁੱਧ ਮੋਰਚਾ ਦੇ ਆਗੂਆਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਮੁਲਾਕਾਤ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਨਾਲ ਜੁੜੇ ਕਾਨੂੰਨੀ ਅਤੇ ਪ੍ਰਸ਼ਾਸਨਿਕ ਪਹਿਲੂਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਕੌਮੀ ਇਨਸਾਫ਼ ਮੋਰਚਾ ਵੱਲੋਂ ਬਣਾਈ ਗਈ ਚਾਰ ਮੈਂਬਰੀ ਕਮੇਟੀ ਨੇ ਮੁੱਖ ਮੰਤਰੀ ਅੱਗੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਆਪਣੀਆਂ ਮੰਗਾਂ ਅਤੇ ਵਿਚਾਰ ਰੱਖੇ। ਕਮੇਟੀ ਵਿੱਚ ਗੁਰਦੀਪ ਸਿੰਘ ਬਠਿੰਡਾ, ਐਡਵੋਕੇਟ ਜਸਪਾਲ ਸਿੰਘ ਮੰਝਪੁਰ, ਪਾਲ ਸਿੰਘ ਫਰਾਂਸ ਅਤੇ ਬਲਵਿੰਦਰ ਪਾਲ ਸਿੰਘ ਸ਼ਾਮਲ ਹਨ। ਕਮੇਟੀ ਨੇ ਸਰਕਾਰ ਤੋਂ ਮੰਗ ਕੀਤੀ ਕਿ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੇ ਮਾਮਲਿਆਂ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਅੱਗੇ ਵਧਾਇਆ ਜਾਵੇ।

ਮੀਟਿੰਗ ਦੌਰਾਨ ਮੁੱਖ ਮੰਤਰੀ ਮਾਨ ਨੇ ਕਮੇਟੀ ਮੈਂਬਰਾਂ ਦੀਆਂ ਗੱਲਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਦਾ ਉਚਿਤ ਅਤੇ ਕਾਨੂੰਨੀ ਹੱਲ ਕੱਢਣ ਲਈ ਯਤਨ ਕਰੇਗੀ। ਮਾਨ ਨੇ ਕਿਹਾ ਕਿ ਜਿਹੜੇ ਜਾਇਜ਼ ਅਤੇ ਕਾਨੂੰਨੀ ਕਦਮ ਪਿਛਲੀਆਂ ਸਰਕਾਰਾਂ ਵੱਲੋਂ ਲੰਮੇ ਸਮੇਂ ਤੋਂ ਨਹੀਂ ਚੁੱਕੇ ਗਏ, ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

> **ਪੰਜਾਬ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕਾਨੂੰਨੀ ਹੱਲ ਕੱਢਣ ਲਈ ਯਤਨਸ਼ੀਲ-ਸੀਐਮ ਮਾਨ**

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਇਸ ਮਾਮਲੇ ਵਿੱਚ ਕਾਨੂੰਨ ਦੇ ਦਾਇਰੇ ਅੰਦਰ ਰਹਿੰਦਿਆਂ ਲੋੜੀਂਦੇ ਕਦਮ ਚੁੱਕੇਗੀ ਅਤੇ ਬੰਦੀ

ਬਾਕੀ ਸਫ਼ਾ 7 'ਤੇ

ਸੀਐਮ ਨਾਇਬ ਸਿੰਘ ਸੈਣੀ ਦੇ ਸਿੰਗਾਪੁਰ ਦੌਰੇ ਦਾ ਤੀਜਾ ਦਿਨ

ਸਿੰਗਾਪੁਰ ਕੰਪਨੀਆਂ ਨਾਲ ਰਾਊਂਡ ਟੇਬਲ ਕਾਨਫਰੰਸ, ਸੈਮੀਕੰਡਕਟਰ ਤੋਂ ਗ੍ਰੀਨ ਐਨਰਜੀ ਤੱਕ ਨਿਵੇਸ਼ 'ਤੇ ਵਿਸਥਾਰ ਚਰਚਾ

ਦੇਸ਼ ਪ੍ਰਦੇਸ਼

ਚੰਡੀਗੜ੍ਹ, 6 ਅਕਤੂਬਰ (ਰਾਜੇਂਦਰ ਸਿੰਘ ਜਾਦੌਂ):- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਿੰਗਾਪੁਰ ਦੌਰੇ ਦੇ ਤੀਜੇ ਦਿਨ ਮੰਗਲਵਾਰ ਨੂੰ ਸਿੰਗਾਪੁਰ ਬਿਜ਼ਨਸ ਫੋਰਮ ਦੇ ਤਹਿਤ ਆਯੋਜਿਤ ਮਹੱਤਵਪੂਰਨ ਰਾਊਂਡ ਟੇਬਲ ਕਾਨਫਰੰਸ ਦਾ ਆਯੋਜਨ ਹੋਇਆ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਇੱਕ ਦਰਜਨ ਤੋਂ ਵੱਧ ਸਿੰਗਾਪੁਰ ਕੰਪਨੀਆਂ ਦੇ ਪ੍ਰਤੀਨਿਧੀਆਂ, ਸਿੰਗਾਪੁਰ ਬਿਜ਼ਨਸ ਫੈਡਰੇਸ਼ਨ ਦੇ ਅਹੁਦੇਦਾਰਾਂ, ਉਦਯੋਗ ਪ੍ਰਤੀਨਿਧੀਆਂ, ਨਿਵੇਸ਼ਕਾਂ ਅਤੇ ਬਿਜ਼ਨਸ ਲੀਡਰਾਂ ਨਾਲ ਵੱਖ-ਵੱਖ ਖੇਤਰਾਂ ਵਿੱਚ ਨਿਵੇਸ਼ ਸੰਬੰਧੀ ਵਿਸਥਾਰ ਚਰਚਾ ਕੀਤੀ।

ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਹਰਿਆਣਾ ਦਾ ਟੀਚਾ ਸਿੰਗਾਪੁਰ ਕੰਪਨੀਆਂ ਦੇ ਸਹਿਯੋਗ ਨਾਲ ਸੈਮੀਕੰਡਕਟਰ, ਗ੍ਰੀਨ ਐਨਰਜੀ, ਵੇਅਰਹਾਊਸਿੰਗ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਵਿੱਚ ਨਿਵੇਸ਼ ਨੂੰ ਵਧਾਉਣਾ ਹੈ। ਉਹਨਾਂ ਨੇ ਕਿਹਾ ਕਿ ਗੁਰੂਗ੍ਰਾਮ ਤੋਂ ਇਲਾਵਾ ਪੰਚਕੂਲਾ, ਕਰਨਾਲ, ਹਿਸਾਰ, ਸੋਨੀਪਤ ਅਤੇ ਰੋਹਤਕ ਵਰਗੇ ਸ਼ਹਿਰਾਂ ਨੂੰ ਗਲੋਬਲ ਕੈਪੇਬਿਲਟੀ ਸੈਂਟਰਾਂ ਅਤੇ ਟੈਕਨੋਲੋਜੀ-ਲੇਡ ਬਿਜ਼ਨਸਾਂ ਦੇ ਅਗਲੇ ਗ੍ਰੋਥ ਸੈਂਟਰਾਂ ਵਜੋ ਵਿਕਸਿਤ ਕਰਨਾ ਸਾਡਾ ਉਦੇਸ਼ ਹੈ।

ਰਾਊਂਡ ਟੇਬਲ ਕਾਨਫਰੰਸ ਨੂੰ ਸੰਬੋਧਿਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਿੰਗਾਪੁਰ ਅਤੇ ਹਰਿਆਣਾ ਭਾਵੇਂ ਭੂਗੋਲਿਕ ਤੌਰ 'ਤੇ ਵੱਖਰੇ ਹੋਣ, ਪਰ ਦੋਵਾਂ ਦੀ ਸੋਚ ਅਤੇ ਪ੍ਰਾਥਮਿਕਤਾਵਾਂ ਇੱਕ-ਦੂਜੇ ਦੇ ਬਹੁਤ ਕਰੀਬ ਹਨ। ਸਿੰਗਾਪੁਰ ਇਨੋਵੇਸ਼ਨ, ਐਫੀਸ਼ੀਐਂਸੀ ਅਤੇ ਗਲੋਬਲ ਕਨੈਕਟੀਵਿਟੀ ਦਾ ਕੇਂਦਰ ਹੈ, ਜਦੋਂ ਕਿ ਹਰਿਆਣਾ ਐਂਟਰਪ੍ਰਾਈਜ਼, ਮੈਨੂਫੈਕਚਰਿੰਗ ਅਤੇ ਮਾਰਕੀਟ ਐਕਸੈਸ ਦੀ ਸ਼ਕਤੀ ਰੱਖਦਾ ਹੈ। ਇਹਨਾਂ ਦੋਵਾਂ ਸਮਰੱਥਾਵਾਂ ਦਾ ਮੇਲ ਆਰਥਿਕ ਭਾਈਵਾਲੀ ਨੂੰ ਨਵੀਂ ਉੱਚਾਈ ਦੇ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸਿਰਫ ਹਰਿਆਣਾ ਦੀ ਤਾਕਤ

ਬਾਕੀ ਸਫ਼ਾ 7 'ਤੇ

ਹਰਮਨਪ੍ਰੀਤ ਕੌਰ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨੀ ਛੱਡੀ

ਦੇਸ਼ ਪ੍ਰਦੇਸ਼

ਨਵੀਂ ਦਿੱਲੀ, 6 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):- ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਵਿਸ਼ਵ ਕੱਪ ਜੇਤੂ ਕਪਤਾਨ ਹਰਮਨਪ੍ਰੀਤ ਕੌਰ ਨੇ ਇੱਕ ਵੱਡਾ ਫੈਸਲਾ ਲਿਆ ਹੈ। ਉਨ੍ਹਾਂ ਨੇ ਅੱਜ ਤਿੰਨੋਂ ਫਾਰਮੈਟਾਂ ਵਿੱਚ ਭਾਰਤੀ ਟੀਮ ਦੀ ਕਪਤਾਨੀ ਛੱਡਣ ਦੇ ਆਪਣੇ ਫੈਸਲੇ ਦਾ ਐਲਾਨ ਕੀਤਾ ਹੈ। ਸੋਸ਼ਲ ਮੀਡੀਆ 'ਤੇ ਇੱਕ ਭਾਵੁਕ ਸੰਦੇਸ਼ ਸਾਂਝਾ ਕਰਦੇ ਹੋਏ ਹਰਮਨਪ੍ਰੀਤ ਨੇ ਕਿਹਾ ਕਿ ਇਹ ਫੈਸਲਾ ਉਸਦੇ ਲਈ ਆਸਾਨ ਨਹੀਂ ਸੀ, ਪਰ ਹੁਣ ਉਹ ਇੱਕ ਖਿਡਾਰੀ ਦੇ

ਬਾਕੀ ਸਫ਼ਾ 7 'ਤੇ

ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਬਾਰੇ ਜਾਂਚ ਰਿਪੋਰਟ ਦੇ ਤੱਥ ਐਡਵੋਕੇਟ ਧਾਮੀ ਨੇ ਕੀਤੇ ਜਨਤਕ

ਦੇਸ਼ ਪ੍ਰਦੇਸ਼

ਅੰਮ੍ਰਿਤਸਰ, 6 ਅਕਤੂਬਰ ਮੋਹਕਮ ਸਿੰਘ- ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ

ਯੂਨੀਵਰਸਿਟੀ ਕਾਲਜ ਮੂਣਕ ਦੇ ਖਿਡਾਰੀਆਂ ਨੇ ਖੇਡਾਂ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ- ਜਿੱਤੇ ਗੋਲਡ ਮੈਡਲ

ਪੰਜਾਬ ਸਰਕਾਰ ਦੁਆਰਾ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜਨ-4 ਵਿੱਚ ਯੂਨੀਵਰਸਿਟੀ ਕਾਲਜ ਮੂਣਕ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ । ਸਰੀਰਕ ਸਿੱਖਿਆ ਅਤੇ ਸਪੋਰਟਸ ਵਿਭਾਗ ਦੇ ਮੁਖੀ ਪ੍ਰੋਫੈਸਰ ਗੁਰਜੰਟ ਸਿੰਘ ਨੇ ਖੁਸ਼ੀ ਜਾਹਰ ਕਰਦਿਆਂ ਦੱਸਿਆ ਕਿ ਖੋ ਖੋ, ਜੂਡੋ ਅਤੇ ਕੁਸ਼ਤੀ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ ਜਿਨਾਂ ਵਿੱਚੋਂ ਨੈਸੀ ਬੀਏ ਭਾਗ ਪਹਿਲਾ ਦੇ ਵਿਦਿਆਰਥੀ ਨੇ 50 ਕਿਲੋ ਭਾਰ ਵਰਗ ਅੰਡਰ 21 ਗਰੁੱਪ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ, ਖੁਸ਼ਪ੍ਰੀਤ ਕੌਰ ਬੀਏ ਭਾਗ ਪਹਿਲਾ ਨੇ ਕੁਸ਼ਤੀ ਮੁਕਾਬਲੇ 65 ਕਿਲੋ ਭਾਰ ਉਮਰ 21 ਵਰਗ ਵਿੱਚ ਵੀ ਖੇਡਾ ਵਤਨ ਦੀਆਂ ਜਿਲਾ ਪੱਧਰੀ ਮੁਕਾਬਲਿਆਂ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ। ਮਨਪ੍ਰੀਤ ਕੌਰ ਅਤੇ ਹੁਸਨਪ੍ਰੀਤ ਕੌਰ ਬੀਏ ਭਾਗ ਤੀਜਾ ਦੇ ਵਿਦਿਆਰਥੀਆਂ ਨੇ ਖੋਖੋ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਗੋਲਡ ਮੈਡਲ ਪ੍ਰਾਪਤ ਕੀਤਾ , ਇੰਡੀਅਨ ਰੋਂਡ ਆਰਚਰੀ ਵਿੱਚ ਗਗਨ ਕੌਰ ਬੀਏ ਭਾਗ ਤੀਜਾ ਨੇ ਗੋਲਡ ਮੈਡਲ ਪ੍ਰਾਪਤ ਕੀਤਾ। ਇਸ

ਪ੍ਰਾਪਤੀ @ਤੇ ਪ੍ਰਿੰਸੀਪਲ ਡਾ. ਮਨਮੀਤ ਕੌਰ ਨੇ ਖਿਡਾਰੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਖੁਸ਼ੀ ਜਾਹਰ ਕੀਤੀ।ਇਹ ਵੀ ਕਿਹਾ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਿਆ ਜਾਵੇ ਕਿਉਂਕਿ ਸਮਾਜ ਵਿੱਚ ਫੈਲ ਰਹੀਆਂ ਸਮਾਜਿਕ ਬੁਰਾਈਆਂ ਜਿਵੇਂ ਜਾਤ-ਪਾਤ, ਨਸਲ, ਵਰਗ, ਉੱਚਾ ਨੀਵਾਂ, ਅਮੀਰ-ਗਰੀਬ, ਧਰਮ ਆਦਿ ਨੂੰ ਦੂਰ ਕਰਦੀਆਂ ਹਨ ਅਤੇ ਇਹਨਾਂ ਤੋਂ ਉੱਪਰ ਉੱਠ ਕੇ ਖੇਡਿਆ ਜਾਂਦਾ ਹੈ । ਖੇਡਾ ਚੰਗੇ ਨਾਗਰਿਕ ਬਣਾਉਣ ਵਿੱਚ ਵਿਅਕਤੀ ਦਾ ਸਹਿਯੋਗ ਕਰਦੀਆਂ ਹਨ। ਇਸ ਲਈ ਪੜ੍ਹਾਈ ਦੇ ਨਾਲ ਨਾਲ ਖੇਡਾਂ ਖੇਡਣਾ ਬਹੁਤ ਜਰੂਰੀ ਹੈ। ਖੇਡਾ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਹੁੰਦਾ ਹੈ ਅਤੇ ਅੱਜ ਦੇ ਸਮੇਂ ਲੱਗ ਰਹੀਆਂ ਭਿਆਨਕ ਬਿਮਾਰੀਆਂ ਤੋਂ ਬਚਦਾ ਹੈ। ਖਿਡਾਰੀਆਂ ਦੀ ਆਮਦ ਤੇ ਪ੍ਰੋਫੈਸਰਾਂ ਦੁਆਰਾ ਖਿਡਾਰੀਆਂ ਨੂੰ ਤਮਗੇ ਪਹਿਨਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਡਾ. ਰਜਿੰਦਰ ਸਿੰਘ, ਡਾ ਗੁਰਪ੍ਰੀਤ ਸਿੰਘ ਹਰੀਕਾ , ਡਾ ਰਣਜੀਤ ਸਿੰਘ, ਪ੍ਰੋਫੈਸਰ ਜਰਨੈਲ ਸਿੰਘ, ਪ੍ਰੋਫੈਸਰ ਗੁਰਸੇਵਕ ਸਿੰਘ ਕੰਪਿਊਟਰ, ਡਾ ਰਾਜੀਵਿੰਦਰ ਡਾ ਗੁਰਸੇਵਕ ਸਿੰਘ, ਪ੍ਰੋਫੈਸਰ ਗੁਰਪ੍ਰਿਆਨ ਸ਼ਿੰਘ, ਪ੍ਰੋਫੈਸਰ ਵਕੀਲ ਸਿੰਘ ਆਦਿ ਹਾਜ਼ਰ ਸਨ।

ਮੱਲਵੀਵਾਲਾ ਦਾ ਚੇਅਰਮੈਨ ਜੁਨੇਜਾ ਨੇ ਗਰਮਜੋਸ਼ੀ ਨਾਲ ਕੀਤਾ ਸਵਾਗਤ

ਨੌਜਵਾਨ ਵਰਗ 2027 ਵਿਚ ਦੁਬਾਰਾ ਮਾਨ ਸਰਕਾਰ ਬਨਾਉਣ ਲਈ ਤਿਆਰ .ਨਵਲਦੀਪ , ਹਰਪਾਲ ਜੁਨੇਜਾ

ਪਟਿਆਲਾ 6 ਅਕਤੂਬਰ:(ਰਾਜਿੰਦਰ ਥਿੰਦ) ਅੱਜ ਹਰਪਾਲ ਜੁਨੇਜਾ ਚੇਅਰਮੈਨ ਪੀ ਆਰ ਟੀ ਸੀ ਨੇ ਆਮ ਆਦਮੀ ਪਾਰਟੀ ਪਟਿਆਲਾ ਅਰਬਨ ਦੇ ਨਵੇਂ ਬਣੇ ਜਿਲਾ ਪ੍ਰਧਾਨ ਸ੍ .ਨਵਲਦੀਪ ਸਿੰਘ ਮੌਲਵੀਵਾਲਾ ਦਾ ਸਨਮਾਨ ਕੀਤਾ । ਇਸ ਮੌਕੇ ਪ੍ਰਧਾਨ ਨਵਲਦੀਪ ਸਿੰਘ ਨੇ ਚੇਅਰਮੈਨ ਹਰਪਾਲ ਜੁਨੇਜਾ ਦਾ ਮਾਣ ਸਤਿਕਾਰ ਦੇਣ ਲਈ ਧੰਨਵਾਦ ਕੀਤਾ । ਇਸ ਮੌਕੇ ਪ੍ਰਧਾਨ ਨਵਲਦੀਪ ਸਿੰਘ ਨੇ ਸਾਰੇ ਅਹੁਦੇਦਾਰਾਂ , ਵਲੰਟੀਅਰ ਨੂੰ ਕਿਹਾ ਕੇ 2027 ਦੇ ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਅਤੇ ਕਿਹਾ ਕੇ ਜੋ ਆਮ ਆਦਮੀ ਪਾਰਟੀ ਨੇ 2022 ਵਿਚ ਗਰੰਟੀਆ ਦਿਤੀਆਂ ਸਨ । ਉਹ ਗਰੰਟੀਆ ਸਾਰੀਆਂ ਪੂਰੀਆਂ ਕੀਤੀਆ। ਵੱਖ ਵੱਖ ਵਿੰਗਾ ਦੇ ਪ੍ਰਧਾਨ , ਬਲਾਕ ਪ੍ਰਧਾਨ , ਵਲੰਟੀਅਰ ਨੂੰ ਕਿਹਾ ਕੇ ਸਭ ਆਪਣੇ ਆਪਣੇ ਵਾਰਡਾਂ ਵਿਚ ਮਾਨ ਸਰਕਾਰ ਵਲੋਂ ਕੀਤੇ ਕੰਮਾਂ ਦਾ ਪ੍ਰਚਾਰ ਕੀਤਾ ਜਾਵੇ ਜੇ ਕਿਸੀ ਸਹਿਰ ਵਾਸੀ ਨੂੰ ਕੋਈ ਦਿੱਕਤ ਆ ਰਹੀ ਹੈ ਉਸ ਤੋਂ ਜਾਣੂ ਕਰਵਾਇਆ ਜਾਵੇ । ਇਸ ਮੌਕੇ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਜੀ , ਪੰਜਾਬ ਦੇ ਮਾਣ-ਯੋਗ ਮੁਖ ਮੰਤਰੀ ਸ੍ ਭਗਵੰਤ ਸਿੰਘ ਮਾਨ ਜੀ ਦੇ ਦਿਸ਼ਾ ਨਿਰਦੇਸ਼ਾ ਤੇ ਮਾਨ ਸਰਕਾਰ ਵਲੋਂ ਕੀਤੇ ਲੋਕ ਭਲਾਈ ਦੀਆਂ ਸਕੀਮਾਂ ਨੂੰ ਘਰ ਘਰ ਪਹੁੰਚਾਇਆ ਜਾ ਰਿਹਾ ਹੈ । ਆਮ ਆਦਮੀ ਪਾਰਟੀ ਦੇ ਸਕੱਤਰ ਜਰਦੀਪ ਸਿੰਘ ਜੱਗਾ , ਮੇਅਰ ਕੁੰਦਨ ਗੋਗੀਆ , ਲੋਕ ਸਭਾ ਇੰਚਾਰਜ ਬਲਜਿੰਦਰ ਢਿੱਲੋਂ ,ਬੀ ਸੀ ਵਿੰਗ ਦੇ ਸਕੱਤਰ ਅਮਰੀਕ ਸਿੰਘ ਬਾਗਰ ਨੇ ਸਾਂਝੇ ਤੌਰ ਤੇ ਕਿਹਾ ਕੇ ਪਟਿਆਲਾ ਸ਼ਹਿਰ ਦੀ ਲੀਡਰਸ਼ਿਪ ਇੱਕ ਜੁਟ ਹੋ ਕੇ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਨਾਉਂਣ ਲਈ ਤਿਆਰ ਬਰ ਤਿਆਰ ਨੇ । ਇਸ ਮੌਕੇ ਮਾਲਵਾ ਜੋਨ ਮਹਿਲਾ ਵਿੰਗ ਇੰਚਾਰਜ ਵੀਰਪਾਲ ਕੌਰ ,ਜਿਲਾ ਪਟਿਆਲਾ ਦੇ ਮੀਡੀਆ ਇੰਚਾਰਜ ਰਵਿੰਦਰ ਪਾਲ ਸਿੰਘ (ਪ੍ਰਿੰਸ ਲਾਂਬਾ) , ਟ੍ਰੇਡ ਵਿੰਗ ਦੇ ਇੰਚਾਰਜ ਵਿਨੋਦ ਸਿੰਗਲਾ , ਇਸਤਰੀ ਵਿੰਗ ਇੰਚਾਰਜ ਆਰਤੀ ਗੁਪਤਾ ,ਮੀਡਿਆ ਸੈਕਟਰੀ ਸ੍ .ਗੱਜਣ ਸਿੰਘ ਇਸ ਤੋਂ ਇਲਾਵਾ ਪਟਿਆਲਾ ਸਹਿਰ ਦੇ ਮੌਜੂਦਾ ਅਤੇ ਸਾਬਕਾ ਬਲਾਕ ਪ੍ਰਧਾਨ , ਬੂਥ ਇੰਚਾਰਜ ਅਤੇ ਸਤਿਕਾਰਤ ਵਲੰਟੀਅਰ ਸ਼ਹਿਬਾਨ ਹਾਜਰ ਸਨ ।

ਪਿੰਡ-ਪਿੰਡ, ਘਰ-ਘਰ ਪਹੁੰਚੀ ਸ਼੍ਰੋਮਣੀ ਅਕਾਲੀ ਦਲ ਦੀ ਡੋਰ-ਟੂ-ਡੋਰ ਮੁਹਿੰਮ, ਅਮਰਗੜ੍ਹ ਕਲੇਰ ਵਿਖੇ ਹੋਇਆ ਭਰਵਾਂ ਇਕੱਠ

ਜਗਰਾਓਂ, 6 ਅਕਤੂਬਰ (ਜਗਦੀਪ ਸਿੰਘ) — ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਧਾਨ ਸਭਾ ਹਲਕਾ ਜਗਰਾਓਂ ਵਿੱਚ ਪਿੰਡ-ਪਿੰਡ, ਘਰ-ਘਰ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਪਿੰਡ ਅਮਰਗੜ੍ਹ ਕਲੇਰ ਤੋਂ ਕੀਤੀ ਗਈ। ਮੁਹਿੰਮ ਦੀ ਸ਼ੁਰੂਆਤ ਤੋਂ ਪਹਿਲਾਂ ਪਿੰਡ ਵਿੱਚ ਪਾਰਟੀ ਦੀ ਸਮੁੱਚੀ ਲੀਡਰਸ਼ਿਪ, ਅਹੁਦੇਦਾਰਾਂ ਅਤੇ ਵਰਕਰਾਂ ਦਾ ਭਰਵਾਂ ਇਕੱਠ ਕੀਤਾ ਗਿਆ। ਇਸ ਮੌਕੇ ਪਾਰਟੀ ਆਗੂਆਂ ਨੇ ਘਰ-ਘਰ ਪਹੁੰਚ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਿਛਲੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇ

ਇਸ ਮੌਕੇ ਐੱਸ. ਆਰ. ਕਲੇਰ ਨੇ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਸੰਪਰਕ ਕਰਨਾ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਮਝਣਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਇਹ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਲੋਕ ਭਲਾਈ ਦੀਆਂ ਸਕੀਮਾਂ ਬੰਦ ਕਰ ਦਿੱਤੀਆਂ ਜਾਣਗੀਆਂ, ਜਦਕਿ ਅਕਾਲੀ ਦਲ ਦੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਕਈ ਲੋਕ ਭਲਾਈ ਯੋਜਨਾਵਾਂ ਅੱਜ ਵੀ ਜਾਰੀ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਮੌਜੂਦਾ ਲੋਕ ਭਲਾਈ ਸਕੀਮਾਂ ਨੂੰ ਜਾਰੀ ਰੱਖਣ ਦੇ ਨਾਲ ਲੋਕਾਂ ਨੂੰ ਹੋਰ ਬਿਹਤਰ ਸੇਵਾਵਾਂ ਦੇਣ ਲਈ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਅਤੇ ਸੁਝਾਅ ਸੁਣਨਾ ਇਸ ਮੁਹਿੰਮ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪਿੰਡ-ਪਿੰਡ, ਘਰ-ਘਰ ਸੰਪਰਕ ਮੁਹਿੰਮ ਅੱਗੇ ਵੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਨਾਲ ਸਰਕਲ ਪ੍ਰਧਾਨ ਮਨਦੀਪ ਸਿੰਘ ਗ਼ਾਲਿਬ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਰਣਧੀਰ ਸਿੰਘ ਚੱਕਰ,ਯੂਥ ਆਗੂ ਜਤਿੰਦਰ ਸਿੰਘ ਅਮਰਗੜ੍ਹ ਕਲੇਰ, ਅਗਰੇਜ ਸਿੰਘ ਅਮਰਗੜ੍ਹ ਕਲੇਰ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ ਚਕਰ,ਐਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ , ਬੀ ਸੀ ਵਿੰਗ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਇਸਤਰੀ ਅਕਾਲੀ ਦਲ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਲੀਲਾਂ, ਪ੍ਰਧਾਨ ਮਨਪ੍ਰੀਤ ਸਿੰਘ ਅਮਰਗੜ੍ਹ ਕਲੇਰ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਸੀਨੀਅਰ ਅਕਾਲੀ ਆਗੂ ਜਗਰੂਪ ਸਿੰਘ ਕੌਠੇ ਅੱਠ ਚੱਕ,ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਪ੍ਰਧਾਨ ਸੁਖਪ੍ਰੀਤ ਸਿੰਘ ਸੁੱਖੂ ਜਗਰਾਓਂ, ਬਲਰਾਜ ਸਿੰਘ ਗਰੇਵਾਲ ਲੀਲਾਂ, ਗੁਰਸੇਵਕ ਸਿੰਘ ਅਮਰਗੜ੍ਹ ਕਲੇਰ , ਦਰਸ਼ਨ ਸਿੰਘ ਅਮਰਗੜ੍ਹ ਕਲੇਰ, ਗੁਰਚਰਨ ਸਿੰਘ ਅਮਰਗੜ੍ਹ ਕਲੇਰ, ਰਣਜੀਤ ਸਿੰਘ ਅਮਰਗੜ੍ਹ ਕਲੇਰ, ਕੇਵਲ ਸਿੰਘ ਅਮਰਗੜ੍ਹ ਕਲੇਰ, ਮੈਜ਼ਰ ਸਿੰਘ ਅਮਰਗੜ੍ਹ ਕਲੇਰ, ਕਰਨਵੀਰ ਸਿੰਘ ਅਮਰਗੜ੍ਹ ਕਲੇਰ , ਰੂਪ ਸਿੰਘ ਬਾਠ, ਝਲਮਣ ਸਿੰਘ ਬਾਠ ਚਕਰ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਤੇ ਬੀਬੀਆ ਹਾਜ਼ਰ ਸਨ।

ਬੀਕੇਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਗਿਆਸਪੁਰਾ ਨੂੰ ਸਦਮਾ, ਮਾਤਾ ਸੁਰਗਵਾਸ

ਸਮਰਾਲਾ,6 ਅਕਤੂਬਰ(ਬ੍ਰਹਮਜੋਤਭੰਗਲਾਂ) ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਮਾਤਾ ਸੁਰਿੰਦਰ ਕੌਰ ਜੀ ਇੱਕ ਸੰਖੇਪ ਬਿਮਾਰੀ ਮਗਰੋਂ ਇਸ ਫਾਨੀ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਏ। ਜਾਣਕਾਰੀ ਸਾਂਝੀ ਕਰਦਿਆਂ ਹਰਦੀਪ ਸਿੰਘ ਗਿਆਸਪੁਰਾ ਨੇ ਦੱਸਿਆ ਕੇ ਉਹਨਾਂ ਦੇ ਪੂਜਨੀਕ ਮਾਤਾ ਸੁਰਿੰਦਰ ਕੌਰ ਦਾ ਅੰਤਿਮ ਸੰਸਕਾਰ ਅੱਜ ਦਿਨ ਬੁੱਧਵਾਰ ਨੂੰ ਉਹਨਾਂ ਦੇ ਗ੍ਰਹਿ ਪਿੰਡ ਮੁਸ਼ਕਾਬਾਦ ਵਿਖੇ ਕੀਤਾ ਜਾਵੇਗਾ। ਇਸ ਦੁੱਖ ਦੀ ਘੜੀ ਵਿੱਚ ਹਰਦੀਪ ਸਿੰਘ ਗਿਆਸਪੁਰਾ ਨਾਲ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਤੋਂ ਇਲਾਵਾ ਜਥੇਬੰਦੀ ਦੇ ਹੋਰ ਆਗੂਆਂ @ਚ ਜਨਰਲ ਸੱਕਤਰ ਮਨਪ੍ਰੀਤ ਸਿੰਘ ਘੁਲਾਲ, ਬਲਾਕ ਪ੍ਰਧਾਨ ਦਰਸ਼ਨ ਸਿੰਘ ਰੋਹਲੇ, ਸ਼੍ਰੀ ਮਾਛੀਵਾੜਾ ਸਾਹਿਬ ਦੇ ਬਲਾਕ ਪ੍ਰਧਾਨ ਮੋਹਣ ਸਿੰਘ ਬਾਲਿਓਂ ਅਤੇ ਜਸਪਾਲ ਸਿੰਘ ਸਲੌਦੀ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਪ੍ਰਸ਼ਾਸਨ ਦੇ ਧੱਕੇ ਦਾ ਸ਼ਿਕਾਰ ਦਲਿਤ ਨੌਜਵਾਨ ਸੰਨੀ ਕਾਨੋਈ ਦੇ ਪਰਿਵਾਰ ਨਾਲ ਜਨਤਕ ਜੱਥੇਬੰਦੀਆਂ ਨੇ ਦੁੱਖ ਸਾਂਝਾ ਕੀਤਾ, ਇਨਸਾਫ ਤੱਕ ਫੁੱਲ ਨਾ ਪਾਉਣ ਅਤੇ ਭੋਗ ਨਾ ਪਾਉਣ ਦਾ ਐਲਾਨ

ਲੌਂਗੋਵਾਲ 6 ਅਕਤੂਬਰ (ਰਵੀ ਗਰਗ)-- ਪਿਛਲੇ ਦਿਨੀਂ ਪਿੰਡ ਕਾਨੋਈ ਦੇ ਦਲਿਤ ਨੌਜਵਾਨ ਸਮਨਦੀਪ ਸਿੰਘ ਸੰਨੀ ਨੂੰ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਿਖਰਲੇ ਧੱਕੇ, ਗੈਰ-ਜਮਹੂਰੀ ਅਤੇ ਸੰਵਿਧਾਨ ਵਿਰੋਧੀ ਢੰਗ ਨਾਲ ਲਾਵਾਰਿਸ਼ਾਂ ਵਾਂਗ ਸੰਸਕਾਰ ਕਰ ਦਿੱਤਾ ਗਿਆ ਸੀ। ਇਸ ਸਬੰਧ ਵਿੱਚ ਅੱਜ ਵੱਖ-ਵੱਖ ਜਨਤਕ, ਮਜ਼ਦੂਰ, ਕਿਸਾਨ ਅਤੇ ਇਨਸਾਫ ਪਸੰਦ ਜੱਥੇਬੰਦੀਆਂ ਦੇ ਆਗੂ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਿੰਡ ਕਾਨੋਈ ਪਹੁੰਚੇ। ਜਿਸ ਵਿੱਚ ਦੇਸ਼ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ ਸਿੰਘ ਲੌਂਗੋਵਾਲ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਜੁਝਾਰ ਸਿੰਘ ਸਿੰਘ ਲੌਂਗੋਵਾਲ ਸ਼ਾਮਿਲ ਸਨ। ਮਰਹੂਮ ਸੰਨੀ ਦੇ ਭਰਾ ਰਵੀ ਕਾਨੋਈ ਅਤੇ ਪਿਤਾ ਪਰਮਜੀਤ ਸਿੰਘ ਨੇ ਬੇਹੱਦ ਪੀੜ ਭਰੇ ਮਨ ਨਾਲ ਆਗੂਆ ਨੂੰ ਦੱਸਿਆ ਕਿ ਪ੍ਰਸ਼ਾਸਨ ਨੇ ਉਨ੍ਹਾਂ ਨਾਲ ਗੈਰ-ਮਨੁੱਖੀ ਅਤੇ ਗੈਰ ਲੋਕਤੰਤਰਿਕ ਕਾਰਨਾਮਾ ਕਰਦਿਆ ਧੱਕਾ ਕੀਤਾ ਗਿਆ ਹੈ। ਪਰਿਵਾਰ ਨੇ ਐਲਾਨ ਕੀਤਾ ਹੈ ਕਿ ਜਦੋਂ ਤੱਕ ਪ੍ਰੀਵਾਰ ਨੂੰ ਇਨਸਾਫ਼ ਨਹੀਂ ਮਿਲਦਾ ਅਤੇ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ ਉਹ ਸੰਨੀ ਦੇ ਫੁੱਲ ਨਹੀਂ ਪਾਉਣਗੇ ਅਤੇ ਨਾ ਹੀ ਅੰਤਿਮ ਅਰਦਾਸ ਕਰਨਗੇ।ਸੰਨੀ ਕਾਨੋਈ ਦੀ ਮੌਤ ਦੇ ਅਸਲ ਕਾਰਨਾਂ ਦੀ ਨਿਆਂਇਕ ਜਾਂਚ ਕਰਵਾਉਣ ਦੀ ਵੀ ਮੰਗ ਰੱਖੀ ਗਈ। ਪਰਿਵਾਰ ਦੀ ਸਹਿਮਤੀ ਤੋਂ ਬਿਨਾ ਲਾਵਾਰਿਸ਼ ਵਾਂਗ ਸੰਸਕਾਰ ਕਰਨ ਵਾਲੇ ਦੋਸ਼ੀ ਸਿਵਲ ਅਤੇ ਪੁਲਿਸ ਅਧਿਕਾਰੀਆਂ ਖਿਲਾਫ਼ ਐਸ.ਸੀ/ਐਸ.ਟੀ ਐਕਟ ਅਤੇ ਹੋਰ ਬਣਦੀਆਂ ਧਾਰਾਵਾਂ ਤਹਿਤ ਪਰਚਾ ਦਰਜ ਕਰਕੇ ਕਾਰਵਾਈ ਕੀਤੀ ਜਾਵੇ। ਪੀੜਤ ਦਲਿਤ ਪਰਿਵਾਰ ਨੂੰ ਆਰਥਿਕ ਮੁਆਵਜ਼ਾ ਦਿੱਤਾ ਜਾਵੇ।ਪਰਿਵਾਰ ਨੂੰ ਡਰਾਉਣ-ਧਮਕਾਉਣ ਅਤੇ ਦਬਾਉਣ ਦੀਆਂ ਕੋਸ਼ਿਸ਼ਾਂ ਤੁਰੰਤ ਬੰਦ ਕੀਤੀਆਂ ਜਾਣ। ਮੰਗਾਂ ਮਨਵਾਉਣ ਲਈ, ਪ੍ਰਸ਼ਾਸਨ ਤੋਂ ਜਲਦੀ ਇਨਸਾਫ ਦਿਵਾਉਣ ਲਈ 7 ਅਕਤੂਬਰ ਦਿਨ ਬੁੱਧਵਾਰ 11 ਵਜੇ ਸਵੇਰੇ ਨੂੰ ਸੰਗਰੂਰ ਵਿਖੇ ਡੀ.ਸੀ ਦਫ਼ਤਰ ਅੱਗੇ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ।

ਮੰਗਾਂ ਦੀ ਸੁਣਵਾਈ ਲਈ 13 ਅਕਤੂਬਰ ਨੂੰ ਸਰਕਾਰ ਨਾਲ ਮੀਟਿੰਗ, ਕਿਸਾਨਾਂ ਨੇ ਘਿਰਾਓ ਚੁੱਕਿਆ

ਸੰਗਰੂਰ 'ਚ ਦੋ ਦਿਨਾਂ ਦੇ ਪ

ਸਿੰਗਾਪੁਰ ਤੋਂ ਹਰਿਆਣਾ ਲਈ 5,500 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ- ਸੀਐਮ ਸੈਣੀ

ਚੰਡੀਗੜ੍ਹ, 6 ਅਕਤੂਬਰ(ਦੇਸ਼ ਪ੍ਰਦੇਸ਼ ਬਿਊਰੋ):-: ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਿੰਗਾਪੁਰ ਦੌਰੇ ਦੌਰਾਨ ਹਰਿਆਣਾ ਵਿੱਚ ਲਗਭਗ 5,500 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵਾਂ 'ਤੇ ਸਹਿਮਤੀ ਬਣੀ ਹੈ। ਇਨ੍ਹਾਂ ਵਿੱਚ ਹੈਲਥ ਅਤੇ ਵੈਲਨੈੱਸ ਖੇਤਰ ਲਈ 3,000 ਕਰੋੜ ਰੁਪਏ, ਜਲ ਇਲਾਜ ਅਤੇ ਪ੍ਰਬੰਧਨ ਲਈ 1,500 ਕਰੋੜ ਰੁਪਏ ਅਤੇ ਸਿੱਖਿਆ ਤੇ ਹੁਨਰ ਵਿਕਾਸ ਲਈ 1,000 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ। ਸਰਕਾਰ ਮੁਤਾਬਕ ਇਨ੍ਹਾਂ ਨਿਵੇਸ਼ਾਂ ਨਾਲ ਸੂਬੇ ਵਿੱਚ ਆਧੁਨਿਕ ਸਹੂਲਤਾਂ ਦੇ ਵਿਸਥਾਰ ਦੇ ਨਾਲ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਦੀ ਸੰਭਾਵਨਾ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿੰਗਾਪੁਰ ਦਾ ਦੌਰਾ ਹਰਿਆਣਾ ਨੂੰ ਵਿਸ਼ਵ ਪੱਧਰੀ ਨਿਵੇਸ਼ ਨਕਸ਼ੇ 'ਤੇ ਹੋਰ ਮਜ਼ਬੂਤ ਪਛਾਣ ਦਿਵਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨਿਵੇਸ਼ਕਾਂ ਨੂੰ ਪਾਰਦਰਸ਼ੀ ਪ੍ਰਸ਼ਾਸਨ, ਬਿਹਤਰ ਬੁਨਿਆਦੀ ਢਾਂਚਾ, ਮਜ਼ਬੂਤ ਕਨੈਕਟੀਵਿਟੀ, ਕੁਸ਼ਲ ਮਨੁੱਖੀ ਸਰੋਤ ਅਤੇ ਸੁਖਾਵਾਂ ਕਾਰੋਬਾਰੀ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਹੈਲਥ ਅਤੇ ਵੈਲਨੈੱਸ ਖੇਤਰ ਵਿੱਚ ਪ੍ਰਸਤਾਵਿਤ 3,000 ਕਰੋੜ ਰੁਪਏ ਦੇ ਨਿਵੇਸ਼ ਨਾਲ ਆਧੁਨਿਕ ਹਸਪਤਾਲਾਂ, ਸਿਹਤ ਕੇਂਦਰਾਂ, ਵੈਲਨੈੱਸ ਸਹੂਲਤਾਂ ਅਤੇ ਮੈਡੀਕਲ ਤਕਨਾਲੋਜੀ ਦੇ ਵਿਸਥਾਰ ਨੂੰ ਹੁਲਾਰਾ ਮਿਲਣ ਦੀ ਉਮੀਦ ਹੈ। ਇਸੇ ਤਰ੍ਹਾਂ ਜਲ ਇਲਾਜ ਅਤੇ ਪ੍ਰਬੰਧਨ ਖੇਤਰ ਵਿੱਚ 1,500 ਕਰੋੜ ਰੁਪਏ ਦੇ ਨਿਵੇਸ਼ ਨਾਲ ਆਧੁਨਿਕ ਜਲ ਇਲਾਜ ਪਲਾਂਟ, ਸੀਵਰੇਜ ਟ ?ਰੀਟਮੈਂਟ, ਪਾਣੀ ਦੀ ਮੁੜ ਵਰਤੋਂ ਅਤੇ ਸਮਾਰਟ ਵਾਟਰ ਮੈਨੇਜਮੈਂਟ ਪ੍ਰਣਾਲੀਆਂ ਨੂੰ ਵਿਕਸਤ ਕਰਨ ਵਿੱਚ ਮਦਦ ਮਿਲ ਸਕਦੀ ਹੈ। ਸਿੱਖਿਆ ਅਤੇ ਹੁਨਰ ਵਿਕਾਸ ਖੇਤਰ ਵਿੱਚ 1,000 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵਾਂ ਨਾਲ ਆਧੁਨਿਕ ਵਿਦਿਅਕ ਸੰਸਥਾਵਾਂ, ਸਕਿਲ ਡਿਵੈਲਪਮੈਂਟ ਸੈਂਟਰਾਂ, ਤਕਨੀਕੀ ਸਿੱਖਿਆ ਅਤੇ ਡਿਜੀਟਲ ਲਰਨਿੰਗ ਸਹੂਲਤਾਂ ਦੇ ਵਿਸਥਾਰ ਦੀ ਸੰਭਾਵਨਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਐਨਸੀਆਰ ਨਾਲ ਨੇੜਤਾ, ਮਜ਼ਬੂਤ ਸੜਕ ਅਤੇ ਰੇਲ ਸੰਪਰਕ, ਵਿਕਸਤ ਉਦਯੋਗਿਕ ਆਧਾਰ ਅਤੇ ਕੁਸ਼ਲ ਮਨੁੱਖੀ ਸਰੋਤ ਹਰਿਆਣਾ ਦੀਆਂ ਮੁੱਖ ਤਾਕਤਾਂ ਹਨ। ਉਨ੍ਹਾਂ ਭਰੋਸਾ ਜਤਾਇਆ ਕਿ ਸਿੰਗਾਪੁਰ ਤੋਂ ਪ੍ਰਾਪਤ ਨਿਵੇਸ਼ ਪ੍ਰਸਤਾਵਾਂ ਨੂੰ ਅਸਲ ਪ੍ਰਾਜੈਕਟਾਂ ਵਿੱਚ ਬਦਲਣ ਨਾਲ ਨੌਜਵਾਨਾਂ ਲਈ ਰੋਜ਼ਗਾਰ, ਹੁਨਰ ਵਿਕਾਸ ਅਤੇ ਤਕਨੀਕੀ ਸਹਿਯੋਗ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ 'ਵਿਕਸਤ ਹਰਿਆਣਾ-ਵਿਕਸਤ ਭਾਰਤ' ਦੇ ਟੀਚੇ ਨੂੰ ਹੋਰ ਗਤੀ ਮਿਲੇਗੀ।

ਖਰੜ ਹਲਕੇ 'ਚ ਕਾਂਗਰਸ ਦੀ ਜਥੇਬੰਦੀ ਮਜਬੂਤ ਕਰਨ ਲਈ ਜੀਤੀ ਪਡਿਆਲਾ ਵੱਲੋਂ ਕੀਤੀ ਗਈ ਮੀਟਿੰਗ

ਸ਼ਸ਼ੀ ਪਾਲ ਜੈਨ

ਖਰੜ 6 ਅਕਤੂਬਰ

ਵਿਧਾਨ ਸਭਾ ਹਲਕਾ ਖਰੜ ਵਿੱਚ ਕਾਂਗਰਸ ਪਾਰਟੀ ਦੀਆਂ ਜਥੇਬੰਦਕ ਸਰਗਰਮੀਆਂ ਨੂੰ ਹੋਰ ਮਜਬੂਤ ਕਰਨ ਦੇ ਉਦੇਸ਼ ਨਾਲ ਸਾਬਕਾ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਮੁਹਾਲੀ ਰਣਜੀਤ ਸਿੰਘ ਜੀਤੀ ਪਡਿਆਲਾ ਵੱਲੋਂ ਪਿੰਡ ਘਟੌਰ ਵਿਖੇ ਕਾਂਗਰਸੀ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ ਅਤੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਰਣਜੀਤ ਸਿੰਘ ਜੀਤੀ ਪਡਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸੱਤਾ ਵਿੱਚ ਆਉਣ ਸਮੇਂ ਇਮਾਨਦਾਰ ਅਤੇ ਭ ?ਸਟਾਚਾਰ ਮੁਕਤ ਸਰਕਾਰ ਦੇ ਵੱਡੇ ਦਾਅਵੇ ਕੀਤੇ ਗਏ ਸਨ, ਪਰ ਹੁਣ ਉਨਾਂ ਦੇ ਅਨੁਸਾਰ ਸਰਕਾਰ ਨਾਲ ਜੁੜੇ ਕਈ ਮਾਮਲਿਆਂ ਵਿੱਚ ਗੰਭੀਰ ਸਵਾਲ ਸਾਹਮਣੇ ਆ ਰਹੇ ਹਨ।

ਉਨਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਭ ?ਸਟਾਚਾਰ ਦੀਆਂ ਪਰਤਾਂ ਹੁਣ ਖੁੱਲਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਮਾਨਯੋਗ ਅਦਾਲਤਾਂ ਨੂੰ ਮਾਮਲਿਆਂ ਦੀ ਨਿਰਪੱਖ ਜਾਂਚ ਲਈ ਸੀਬੀਆਈ ਨੂੰ ਜਾਂਚ ਸੌਂਪਣੀ ਪੈ ਰਹੀ ਹੈ।

ਜੀਤੀ ਪਡਿਆਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਹਲਕਾ ਖਰੜ ਦੇ ਪਿੰਡਾਂ ਵਿੱਚ ਲਗਾਤਾਰ ਵਰਕਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਿਆ ਜਾ ਸਕੇ ਅਤੇ ਉਨਾਂ ਦੀ ਆਵਾਜ ਨੂੰ ਮਜਬੂਤੀ ਨਾਲ ਉਠਾਇਆ ਜਾ ਸਕੇ। ਉਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜਰ ਬੂਥ ਪੱਧਰ 'ਤੇ ਪਾਰਟੀ ਦੀ ਜਥੇਬੰਦੀ ਨੂੰ ਮਜਬੂਤ ਕਰਨ ਲਈ ਵਰਕਰਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਇਸ ਮੌਕੇ ਸਰਪੰਚ ਹਰਿਦਰਪਾਲ ਸਿੰਘ, ਪੰਚ ਗੁਰਤੇਜ ਸਿੰਘ, ਪੰਚ ਜਤਿੰਦਰਪਾਲ ਸਿੰਘ, ਪਿਆਰਾ ਸਿੰਘ, ਨੰਬਰਦਾਰ ਗੁਰਮੀਤ ਸਿੰਘ, ਗੁਰਮੁਖ ਸਿੰਘ, ਤਲਵਿੰਦਰ ਸਿੰਘ, ਕੁਲਦੀਪ ਸਿੰਘ ਸਹੋੜਾਂ, ਸੁਰਿਦਰ ਸਿੰਘ ਸਹੋੜਾਂ ਅਤੇ ਹਰਿਦਰ ਸਿੰਘ ਸਾਹੁਪਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਕਾਂਗਰਸੀ ਵਰਕਰ ਹਾਜ਼ਰ ਸਨ।

ਸੀਪੀਆਈ ਐਮ ਤਹਿਸੀਲ ਮੋਰਿੰਡਾ ਵਲੋਂ ਹਲਕਾ ਵਿਧਾਇਕ ਡਾ.ਚਰਨਜੀਤ ਸਿੰਘ ਨੂੰ ਦਿੱਤਾ ਮੰਗ ਪੱਤਰ

ਮੋਰਿੰਡਾ,6 ਸਤੰਬਰ(ਬਲਵੀਰ ਸਿੰਘ ਚਲਾਕੀ): ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੀ ਸੂਬਾ ਕਮੇਟੀ ਦੇ ਸਾਰੇ ਵਿਧਾਇਕਾਂ ਨੂੰ ਕਿਸਾਨਾਂ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਸਬੰਧੀ ਮੰਗ ਪੱਤਰ ਦੇਣ ਦੇ ਫੈਸਲੇ ਤਹਿਤ ਅੱਜ ਸੀਪੀਆਈਐਮ ਤਹਿਸੀਲ ਮੋਰਿੰਡਾ ਵੱਲੋਂ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ । ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਵੱਲੋਂ ਮਜ਼ਦੂਰਾਂ ਦੇ ਹੱਕਾਂ ਤੇ ਡਾਕਾ ਮਾਰਦਿਆਂ ਜੋ ਚਾਰ ਕੋਡ ਲਾਗੂ ਕੀਤੇ ਗਏ ਹਨ,ਉਹਨਾਂ ਨੂੰ ਰੱਦ ਕਰਕੇ ਪੁਰਾਣੇ ਲੇਬਰ ਕਾਨੂੰਨ ਬਹਾਲ ਕਰਵਾਏ ਜਾਣ, ਵੀ ਬੀ ਗ੍ਰਾਮ ਜੀ ਕਨੂੰਨ ਵਾਪਸ ਲਿਆ ਜਾਵੇ, ਮਨਰੇਗਾ ਕਨੂੰਨ ਬਹਾਲ ਕੀਤਾ ਜਾਵੇ ਅਤੇ ਦਿਹਾੜੀ 200 ਦਿਨ ਕੰਮ ਦਿੱਤਾ ਜਾਵੇ ਅਤੇ ਮੁਕਤ ਵਪਾਰ ਸਮਝੌਤਾ ਜਿਹੜਾ ਕਿਸਾਨਾਂ ਅਤੇ ਮਜ਼ਦੂਰਾਂ ਦੇ ਹਿੱਤਾਂ ਤੇ ਜਬਰਦਸਤ ਸੱਟ ਮਾਰਦਾ ਹੈ,ਰੱਦ ਕਰਵਾਇਆ ਜਾਵੇ,ਬੀਬੀਐਮਬੀ ਵਿੱਚ ਪੰਜਾਬ ਦੀ ਹਿੱਸੇਦਾਰੀ ਬਹਾਲ ਕਰਵਾਈ ਜਾਵੇ,ਸਹਿਕਾਰੀ ਅਦਾਰਿਆਂ ਨੂੰ ਖੇਤੀ ਅਧਾਰਤ ਸਨਅਤਾਂ ਨਾਲ ਜੋੜ ਕੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ, ਬੇਰੋਜ਼ਗਾਰਾਂ ਨੂੰ 10 ਹਜ਼ਾਰ ਰੁਪਏ ਮਹੀਨਾ ਭੱਤਾ ਦਿੱਤਾ ਜਾਵੇ,ਬੁਢਾਪਾ ਵਿਧਵਾ ਅੰਗਹੀਣ ਪੈਨਸ਼ਨ 10 ਰੁਪਏ ਮਹੀਨਾ ਕੀਤੀ ਜਾਵੇ, ਕਿਸਾਨਾਂ ਨੂੰ ਉਨਾਂ ਦੀ ਪੈਦਾਵਾਰ ਦਾ ਲਾਹੇਵੰਦ ਭਾਅ ਦਿੱਤਾ ਜਾਵੇ । ਹਲਕਾ ਵਿਧਾਇਕ ਡਾ.ਚਰਨਜੀਤ ਸਿੰਘ ਵੱਲੋਂ ਸਾਰੀਆਂ ਮੰਗਾਂ ਨੂੰ ਧਿਆਨ ਪੂਰਵਕ ਸੁਣਿਆ ਗਿਆ ਅਤੇ ਯੋਗ ਕਾਰਵਾਈ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਤਹਿਸੀਲ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਦੁੱਮਣਾ, ਕਾਮਰੇਡ ਬਜਿੰਦਰ ਪੰਡਿਤ, ਕਾਮਰੇਡ ਪਵਨ ਕੁਮਾਰ,ਸਰਪੰਚ ਚੱਕ ਕਰਮਾਂ, ਕਾਮਰੇਡ ਦਲੀਪ ਸਿੰਘ ਘਨੌਲਾ, ਕਾਮਰੇਡ ਭੁਪਿੰਦਰ ਮਦਨਹੇੜੀ , ਕਾਮਰੇਡ ਜਗੀਰ ਸਿੰਘ. ਕਾਮਰੇਡ ਸ੍ਰੀ ਪਾਲ. ਨਿਰਮਲ ਸਿੰਘ. ਰਣਧੀਰ ਸਿੰਘ. ਕਾਮਰੇਡ ਧਰਮ ਸਿੰਘ ਕਾਈਨੌਰ, ਪਰਮਜੀਤ ਸਿੰਘ ਮੋਰਿੰਡਾ ,ਸੁਰਿਦਰ ਸਿੰਘ. ਸੋਹਨ ਸਿੰਘ. ਭਾਗ ਸਿੰਘ. ਕਰਮ ਸਿੰਘ ਆਦਿ ਹਾਜ਼ਰ ਸਨ।

ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਚੇਅਰਮੈਨ ਧਮੋਲੀ ਨੇ ਕੀਤੀ ਈ.ਓ ਨਾਲ ਮੀਟਿੰਗ

ਰਾਜਪੁਰਾ 6 ਅਕਤੂਬਰ (ਗੁਰਪ੍ਰੀਤ ਬੱਲ) ਪੰਜਾਬ ਵਪਾਰ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਵੱਲੋਂ ਵਪਾਰੀਆਂ ਦੀਆਂ ਬਾਥਰੂਮ ਨਾਲ ਸੰਬੰਧਿਤ ਮੰਗਾਂ ਨੂੰ ਲੈ ਕੇ ਇਕ ਮੀਟਿੰਗ ਨਗਰ ਕੌਂਸਲ ਰਾਜਪੁਰਾ ਦੇ ਈਓ ਅਵਤਾਰ ਚੰਦ ਸੇਖੜੀ ਦੇ ਦਫ਼ਤਰ ਵਿਖੇ ਕੀਤੀ ਗਈ। ਇਸ ਮੌਕੇ ਗੁਰਪ੍ਰੀਤ ਸਿੰਘ ਧਮੋਲੀ ਨੇ ਵਪਾਰੀਆਂ ਵੱਲੋਂ ਰਾਜਪੁਰਾ ਦੇ ਬਾਜ਼ਾਰਾਂ ਵਿੱਚ ਸਥਿਤ ਬਾਥਰੂਮਾਂ ਦੀ ਸਾਫ਼ ਸਫ਼ਾਈ ਦਾ ਮੁੱਦਾ ਨਗਰ ਕੌਂਸਲ ਦੇ ਈਓ ਦੇ ਧਿਆਨ ਵਿੱਚ ਲਿਆਂਦਾ। ਮੀਟਿੰਗ ਉਪਰੰਤ ਗੁਰਪ੍ਰੀਤ ਸਿੰਘ ਧਮੋਲੀ ਨੇ ਦੱਸਿਆ ਕਿ ਈਓ ਅਵਤਾਰ ਚੰਦ ਸੇਖੜੀ ਨੇ ਉਨ੍ਹਾਂ ਨੂੰ ਯਕੀਨ ਦਿਵਾਇਆ ਹੈ ਕਿ ਹਰ ਇੱਕ ਪਬਲਿਕ ਬਾਥਰੂਮ ਦੀ ਹਰ ਰੋਜ਼ ਸਫਾਈ ਹੋਇਆ ਕਰੇਗੀ ਅਤੇ ਜਿਨ੍ਹਾਂ ਬਾਥਰੂਮਾਂ ਦੀ ਮੁਰੰਮਤ ਹੋਣ ਵਾਲੀ ਹੈ, ਉਨ੍ਹਾਂ ਦੀ ਛੇਤੀ ਹੀ ਮੁਰੰਮਤ ਕਰਵਾ ਦਿੱਤੀ ਜਾਵੇਗੀ ਅਤੇ ਵਪਾਰੀਆਂ ਨੂੰ ਕਿਸੇ ਕਿਸਮ ਦੀ ਕੋਈ ਵੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹਲਕਾ ਰਾਜਪੁਰਾ ਦੇ ਚੇਅਰਮੈਨ ਟਿੰਕੂ ਬਾਂਸਲ,ਮੈਂਬਰ ਮਨੀਸ਼ ਸ਼ਰਮਾ, ਮੁਕੇਸ਼ ਗੁਪਤਾ, ਜਨਕ ਰਾਜ, ਜਸਵਿੰਦਰ ਸਿੰਘ ਸੁਨੇਜਾ,ਬਿਕਰਮ ਸਿੰਘ ਕੰਡੇਵਾਲਾ, ਜਸਬੀਰ ਸਿੰਘ, ਭਵਨ ਉਤਰੇਜਾ, ਕੀਰਤ ਸਿੰਘ ਸੇਹਰਾ ਵੀ ਮੌਜੂਦ ਸਨ।

ਝਿੰਜਰ ਨੇ ਘਨੌਰ 'ਚ ਅਕਾਲੀ ਦਲ ਦੀ ਘਰ-ਘਰ ਮੁਹਿੰਮ ਦੀ ਕੀਤੀ ਅਗਵਾਈ

ਘਨੌਰ, 6 ਅਕਤੂਬਰ(ਗੁਰਪ੍ਰੀਤ ਬੱਲ) ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਅਤੇ ਹਲਕਾ ਘਨੌਰ ਦੇ ਇੰਚਾਰਜ ਸਰਬਜੀਤ ਸਿੰਘ ਝਿੰਜਰ ਨੇ ਘਨੌਰ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜ਼ਮੀਨੀ ਪੱਧਰ ਦੀ ਘਰ-ਘਰ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਝਿੰਜਰ ਨੇ ਕਿਹਾ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਸ ਮੁਹਿੰਮ ਤਹਿਤ ਯੂਥ ਅਕਾਲੀ ਦਲ ਦੇ ਆਗੂ ਅਤੇ ਪਾਰਟੀ ਵਰਕਰ ਪਿੰਡਾਂ ਵਿੱਚ ਘਰ-ਘਰ ਜਾ ਕੇ ÷ਪੰਜਾਬ ਮੰਗਦਾ ਹਿਸਾਬ, ਦੇਣਾ ਪਵੇਗਾ ਜਵਾਬ÷ ਸਿਰਲੇਖ ਵਾਲੇ ਸਰਵੇਖਣ ਫਾਰਮਾਂ ਰਾਹੀਂ ਲੋਕਾਂ ਦੀ ਰਾਏ ਇਕੱਤਰ ਕਰ ਰਹੇ ਹਨ। ਇਸ ਫਾਰਮ ਵਿੱਚ ਜਨ-ਅੰਕੜੇ ਦਰਜ ਕੀਤੇ ਜਾਂਦੇ ਹਨ ਅਤੇ ਨਸ਼ਾ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਗੈਂਗਸਟਰ ਰਾਜ, ਸੂਬੇ ਸਿਰ ਚੜ੍ਹਿਆ ਕਰਜ਼ਾ ਅਤੇ ਬਿਜਲੀ ਦੇ ਭਾਰੀ ਬਿੱਲਾਂ ਵਰਗੇ ਮੁੱਖ ਮੁੱਦਿਆਂ 'ਤੇ ਵੋਟਰਾਂ ਦੀਆਂ ਚਿੰਤਾਵਾਂ ਨੂੰ ਦਰਜ ਕੀਤਾ ਜਾਂਦਾ ਹੈ ਉਨ੍ਹਾਂ ਕਿਹਾ ਕਿ ਲੋਕਾਂ ਤੋਂ ਇਕੱਤਰ ਕੀਤੇ ਇਹ ਸੁਝਾਅ ਸਿੱਧੇ ਤੌਰ 'ਤੇ ਅਕਾਲੀ ਦਲ ਦੇ ਚੋਣ ਮੈਨੀਫੈਸਟੋ ਨੂੰ ਆਕਾਰ ਦੇਣਗੇ, ਜੋ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 1 ਨਵੰਬਰ ਨੂੰ ਜਾਰੀ ਕੀਤਾ ਜਾਣਾ ਹੈ। ਇਸ ਮੌਕੇ ਸਥਾਨਕ ਯੂਥ ਅਕਾਲੀ ਦਲ ਦੇ ਅਹੁਦੇਦਾਰ ਅਤੇ ਪਾਰਟੀ ਵਰਕਰ ਝਿੰਜਰ ਦੇ ਨਾਲ ਸਨ, ਜਿਨ੍ਹਾਂ ਨੇ ਘਰ-ਘਰ ਜਾ ਕੇ ਮੁਹਿੰਮ ਸਮੱਗਰੀ ਵੰਡੀ ਅਤੇ ਵੋਟਰਾਂ ਦੀ ਫੀਡਬੈਕ ਦਰਜ ਕੀਤੀ।

ਬੱਸੀ ਪਠਾਣਾਂ ਯੂਥ ਕਾਂਗਰਸ ਵੱਲੋਂ ਚੁੰਨੀ, ਖਮਾਣੋਂ ਵਿੱਚ ਹੋਣਗੀਆਂ ਦੋ ਰੈਲੀਆਂ

ਖਮਾਣੋਂ, 06ਅਕਤੂਬਰ(ਬਲਬੀਰ ਸਿੰਘ ਸਿੱਧੂ) ਹਲਕਾ ਬੱਸੀ ਪਠਾਣਾਂ ਯੂਥ ਕਾਂਗਰਸ ਵੱਲੋਂ ਆਉਣ ਵਾਲੀ 10 ਤੇ 11 ਅਕਤੂਬਰ ਸ਼ਨੀਵਾਰ, ਐਤਵਾਰ ਵਾਲੇ ਦਿਨ ਪਿੰਡ ਚੁੰਨੀ ਅਤੇ ਖਮਾਣੋਂ ਵਿੱਚ ਇੰਡੀਅਨ ਯੂਥ ਕਾਂਗਰਸ ਵੱਲੋਂ ਚੱਲ ਰਹੀ ਮੁਹਿੰਮ "ਘਰ ਘਰ ਤਿਰੰਗਾ "ਤਹਿਤ ਦੋ ਹੋਰ ਰੈਲੀਆਂ ਕੀਤੀਆਂ ਜਾਣਗੀਆਂ। ਇਹ ਜਾਣਕਾਰੀ ਸਾਂਝਾ ਕਰਦਿਆਂ ਹਲਕਾ ਯੂਥ ਪ੍ਰਧਾਨ ਹਰਮਨ ਸਿੰਘ ਸਿੱਧੂ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਸ਼ਗਨਪ੍ਰੀਤ ਸਿੰਘ ਅੰਜਲਾ ਨੇ ਦੱਸਿਆ ਕਿ ਪਿਛਲੇ ਮਹੀਨੇ ਵਿੱਚ ਭੜੀ ਅਤੇ ਬੱਸੀ ਪਠਾਣਾਂ ਵਿਖੇ ਕੀਤੀਆਂ ਰੈਲੀਆਂ ਦੀ ਸਫਲਤਾ ਨੂੰ ਦੇਖਦੇ ਹੋਏ ਅਗਲੀਆਂ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਸਾਰੇ ਬੱਸੀ ਪਠਾਣਾਂ ਹਲਕੇ ਤੇ ਖਾਸ ਕਰਕੇ ਚੁੰਨੀ ਤੇ ਖਮਾਣੋਂ ਦੇ ਨਾਲ ਲੱਗਦੇ ਪਿੰਡਾਂ ਵਿੱਚੋਂ ਨੌਜਵਾਨ, ਕਾਂਗਰਸ ਪਾਰਟੀ ਵਰਕਰ, ਅਹੁਦੇਦਾਰ ਅਤੇ ਆਗੂ ਸ਼ਾਮਲ ਹੋਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਰੈਲੀਆਂ ਦੀ ਪ੍ਰਧਾਨਗੀ ਸੀਨੀਅਰ ਕਾਂਗਰਸੀ ਆਗੂ ਇੰਟਕ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਡਾ ਮਨੋਹਰ ਸਿੰਘ ਕਰਨਗੇ। ਇਲਾਕੇ ਦੇ ਪ੍ਰਮੁੱਖ ਕਾਂਗਰਸ ਪਾਰਟੀ ਆਗੂ ਰੈਲੀ ਨੂੰ ਸੰਬੋਧਨ ਕਰਨਗੇ।

ਖਮਾਣੋਂ ਬਲਾਕ ਯੂਥ ਕਾਂਗਰਸ ਪ੍ਰਧਾਨ ਹਰਜਸ ਸਿੰਘ ਅਤੇ ਬਲਾਕ ਬੱਸੀ ਮੀਤ ਪ੍ਰਧਾਨ ਦਲਜੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਦੋਵੇਂ ਰੈਲੀਆਂ ਦਾ ਆਯੋਜਨ ਦਿਨ ਸ਼ਨੀਵਾਰ ਅਤੇ ਐਤਵਾਰ ਨੂੰ ਬਾਅਦ ਦੁਪਹਿਰ ਤਿੰਨ ਵਜੇ ਕੀਤਾ ਜਾਵੇਗਾ ਜਿੱਥੇ ਯੂਥ ਕਾਂਗਰਸ ਦੀ ਮੁਹਿੰਮ "ਘਰ ਘਰ ਤਿਰੰਗਾ"ਨੂੰ ਹਲਕੇ ਭਰ ਵਿੱਚ ਚਲਾਉਣ ਦੀ ਸ਼ੁਰੂਆਤ ਕੀਤੀ ਜਾਵੇਗੀ। ਖਮਾਣੋਂ ਰੈਲੀ ਬਾਬਾ ਪੂਰਨਗਿਰ ਮੇਲੇ ਵਾਲੇ ਦਿਨ ਉਨ੍ਹਾਂ ਦੇ ਸਥਾਨਾਂ ਨੇੜੇ ਸਥਿਤ ਕਨਾਲ ਵਿਸ਼ਰਾਮ ਘਰ ਦੇ ਸਾਹਮਣੇ ਆਯੁਜਿੱਤ ਕੀਤੀ ਜਾਵੇਗੀ।

ਪੰਜਾਬ ਦੇ ਨੌਜਵਾਨਾਂ ਦੀ ਆਵਾਜ਼ ਬਣੇ ਡਾ. ਸੁਖਜੋਤ ਸਿੰਘ, ਸਚਿਨ ਪਾਇਲਟ ਨਾਲ ਅਹਿਮ ਮ

ਸੰਪਾਦਕੀ

ਆਮ ਹੋਣ ਦਾ ਅਸਲ ਸਕੂਨ

ਅਜੋਕੇ ਦੌਰ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਅਸੀਂ ਸਹਿਜਤਾ ਨਾਲ ਜਿਊਣਾ ਭੁੱਲ ਚੁੱਕੇ ਹਾਂ ਤੇ ਹਰ ਘੜੀ ਇਕ ਅਣਦੱਸੀ, ਬੇਮੁਹਾਰੀ ਦੌੜ ਦਾ ਸ਼ਿਕਾਰ ਹਾਂ। ਹਰ ਸ਼ਖ਼ਸ ਦੀ ਇਹ ਜ਼ਿੱਦ ਬਣ ਗਈ ਹੈ ਕਿ ਉਹ ਭੀੜ 'ਚੋਂ ਵੱਖਰਾ ਦਿਖੇ, ਲੋਕ ਉਸ ਵੱਲ ਉਂਗਲ ਕਰ ਕੇ ਵੇਖਣ ਅਤੇ ਉਸ ਨੂੰ ਕੋਈ ਗ਼ੈਰ-ਮਾਮੂਲੀ ਸ਼ਖ਼ਸੀਅਤ ਸਮਝਿਆ ਜਾਵੇ। ਸਵੇਰੇ ਅੱਖ ਖੁੱਲ੍ਹਣ ਤੋਂ ਲੈ ਕੇ ਰਾਤ ਨੂੰ ਸੌਣ ਤੱਕ ਅਸੀਂ ਇਸੇ ਕੋਸ਼ਿਸ਼ 'ਚ ਖ਼ੁਦ ਨੂੰ ਥਕਾਉਂਦੇ ਰਹਿੰਦੇ ਹਾਂ ਕਿ ਆਪਣੀ ਹੋਂਦ ਨੂੰ ਦੂਜਿਆਂ ਅੱਗੇ ਕਿਵੇਂ ਵੱਡਾ, ਕਾਮਯਾਬ ਤੇ ਅਹਿਮ ਸਾਬਤ ਕਰੀਏ ਪਰ ਜ਼ਿੰਦਗੀ ਦੇ ਤਜਰਬੇ ਤੇ ਅਸਲੀਅਤ ਨੂੰ ਜਦੋਂ ਗਹੁ ਨਾਲ ਵਾਚੀਏ ਤਾਂ ਇਹ ਸੱਚ ਸਾਫ਼ ਨਜ਼ਰ ਆਉਂਦਾ ਹੈ ਕਿ ਸਾਡੇ ਅੱਧੇ ਤੋਂ ਵੱਧ ਦੁੱਖ, ਚਿੰਤਾਵਾਂ ਤੇ ਅੰਦਰੂਨੀ ਬੇਚੈਨੀ ਸਿਰਫ਼ ਇਸੇ ਭੁਲੇਖੇ ਦੀ ਦੇਣ ਹਨ। ਜਿਸ ਪਲ ਅਸੀਂ ਇਹ ਮੰਨ ਲੈਂਦੇ ਹਾਂ ਕਿ ਅਸੀਂ ਇਸ ਵਿਸ਼ਾਲ ਕਾਇਨਾਤ ਦਾ ਇਕ ਬਹੁਤ ਹੀ ਸਧਾਰਨ ਤੇ ਆਮ ਜੀਵ ਹਾਂ, ਉਸੇ ਪਲ ਸਾਡੇ ਮਨ ਦੀਆਂ ਅਣਸੁਲਝੀਆਂ ਗੰਢਾਂ ਆਪਣੇ ਆਪ ਖੁੱਲ੍ਹਣ ਲੱਗ ਪੈਂਦੀਆਂ ਹਨ। ਉਦਾਹਰਨ ਵਜੋਂ, ਜਦੋਂ ਜੇਠ-ਹਾੜ੍ਹ ਦੇ ਮਹੀਨੇ ਅਸਮਾਨ 'ਚੋਂ ਅੱਗ ਵਰ੍ਹਦੀ ਹੈ, ਤਾਂ ਹਰ ਰਾਹੀ ਸੁੱਕੇ ਤੇ ਕੰਡਿਆਲੇ ਰੁੱਖਾਂ ਨੂੰ ਵੀ ਛੱਡ ਕੇ ਕਿਸੇ ਸੰਘਣੀ ਛਾਂ ਵਾਲੇ ਰੁੱਖ ਵੱਲ ਭੱਜਦਾ ਹੈ ਤੇ ਉਸ ਦੀ ਛਾਂ ਦੀ ਸ਼ਲਾਘਾ ਕਰਦਾ ਨਹੀਂ ਥੱਕਦਾ। ਜਦੋਂ ਤੱਕ ਤੁਹਾਡੇ ਕੋਲ ਕੋਈ ਅਹੁਦਾ ਹੈ, ਸਾਧਨ ਹਨ ਜਾਂ ਤੁਹਾਡੇ ਤੋਂ ਕਿਸੇ ਦਾ ਕੰਮ ਨਿਕਲਦਾ ਹੈ, ਲੋਕ ਤੁਹਾਨੂੰ ਸਿਰ-ਮੱਥੇ ਬਿਠਾਉਂਦੇ ਹਨ ਪਰ ਜਿਉਂ ਹੀ ਉਹ ਲੋੜ ਮੁੱਕ ਜਾਂਦੀ ਹੈ, ਤਿਉਂ ਹੀ ਸਦੀਵੀ ਪਿਆਰ ਦੇ ਦਾਅਵੇ ਪਲਾਂ 'ਚ ਹਵਾ ਹੋ ਜਾਂਦੇ ਹਨ। ਇਹ ਸੰਸਾਰ ਦਾ ਕੁਦਰਤੀ ਨਿਯਮ ਹੈ। ਅਸਲ ਦੁੱਖ ਉਦੋਂ ਜਨਮ ਲੈਂਦਾ ਹੈ ਜਦੋਂ ਅਸੀਂ ਇਹ ਭਰਮ ਪਾਲ ਕੇ ਬੈਠ ਜਾਂਦੇ ਹਾਂ ਕਿ ਅਸੀਂ ਕਿਸੇ ਦੀ ਜ਼ਿੰਦਗੀ ਦਾ ਧੁਰਾ ਹਾਂ ('ਖ਼ਾਸ' ਬਣ ਕੇ ਜਿਊਣਾ ਦਰਅਸਲ ਇਕ ਭਾਰੀ ਮਾਨਸਿਕ ਗ਼ੁਲਾਮੀ ਹੈ, ਜਿਸ ਦੀ ਕੀਮਤ ਅਸੀਂ ਆਪਣਾ ਅਸਲ ਸਕੂਨ ਗੁਆ ਕੇ ਚੁਕਾਉਂਦੇ ਹਾਂ। ਅੱਜ ਦੇ ਡਿਜੀਟਲ ਦੌਰ ਦੀ ਉਦਾਹਰਨ ਲਓ, ਸੋਸ਼ਲ ਮੀਡੀਆ 'ਤੇ ਲੋਕ ਖ਼ੁਦ ਨੂੰ ਸੁਖੀ ਤੇ ਖ਼ਾਸ ਦਿਖਾਉਣ ਲਈ ਕਿਸ ਹੱਦ ਤੱਕ ਜਾਂਦੇ ਹਨ। ਕੈਮਰੇ ਅੱਗੇ ਮੁਸਕਰਾਉਣ ਵਾਲਾ ਚਿਹਰਾ ਫੋਨ ਬੰਦ ਹੁੰਦਿਆਂ ਹੀ ਚਿੰਤਾਵਾਂ ਦੇ ਸਮੁੰਦਰ 'ਚ ਡੁੱਬ ਜਾਂਦਾ ਹੈ ਕਿ ਅਗਲੀ ਵਾਰ ਆਪਣੇ ਆਪ ਨੂੰ ਹੋਰ ਵੱਡਾ ਕਿਵੇਂ ਦਿਖਾਇਆ ਜਾਵੇ। ਇਹ ਦੌੜ ਸਾਨੂੰ ਅੰਦਰੋਂ ਬਿਲਕੁਲ ਖੋਖਲਾ ਕਰ ਦਿੰਦੀ ਹੈ। ਇਸ ਦੇ ਉਲਟ, 'ਆਮ' ਹੋ ਜਾਣ 'ਚ ਇਕ ਅਸੀਮ ਆਜ਼ਾਦੀ ਹੈ। ਇਕ ਆਮ ਇਨਸਾਨ ਨੂੰ ਕਿਸੇ ਨੂੰ ਪ੍ਰਭਾਵਿਤ ਕਰਨ ਦੀ ਕੋਈ ਫ਼ਿਕਰ ਨਹੀਂ ਹੁੰਦੀ। ਉਹ ਪੁਰਾਣੇ ਕੁੜਤੇ-ਪਜਾਮੇ 'ਚ ਵੀ ਓਨਾ ਹੀ ਮਾਣ ਮਹਿਸੂਸ ਕਰਦਾ ਹੈ, ਜਿੰਨਾ ਕੋਈ ਸੂਟ-ਬੂਟ 'ਚ। ਉਹ ਕਿਸੇ ਢਾਬੇ 'ਤੇ ਬੈਠ ਕੇ ਕੁੱਲ੍ਹੜ ਵਾਲੀ ਚਾਹ ਦਾ ਆਨੰਦ ਵੀ ਪੂਰੀ ਮੌਜ ਨਾਲ ਲੈਂਦਾ ਹੈ, ਜਦਕਿ 'ਖ਼ਾਸ' ਬਣਨ ਦਾ ਭਾਰ ਚੁੱਕੀ ਫਿਰਦਾ ਬੰਦਾ ਪੰਜ ਤਾਰਾ ਹੋਟਲ 'ਚ ਬੈਠ ਕੇ ਵੀ ਸਿਰਫ਼ ਆਪਣੇ ਅਕਸ ਤੇ ਲੋਕਾਂ ਦੇ ਨਜ਼ਰੀਏ ਬਾਰੇ ਸੋਚ ਕੇ ਉਲਝਿਆ ਰਹਿੰਦਾ ਹੈ। ਕੁਦਰਤ ਸਾਨੂੰ ਸਾਦਗੀ ਦਾ ਸਭ ਤੋਂ ਵੱਡਾ ਸਬਕ ਸਿਖਾਉਂਦੀ ਹੈ। ਜੰਗਲ ਵਿੱਚ ਇੱਕ ਨਿੱਕਾ ਜਿਹਾ ਜੰਗਲੀ ਫੁੱਲ ਖਿੜਦਾ ਹੈ, ਉਸਨੂੰ ਇਸ ਗੱਲ ਦੀ ਰੱਤੀ ਭਰ ਵੀ ਪਰਵਾਹ ਨਹੀਂ ਹੁੰਦੀ ਕਿ ਕੋਈ ਉਸਦੀ ਤਾਰੀਫ਼ ਕਰ ਰਿਹਾ ਹੈ ਜਾਂ ਨਹੀਂ, ਕੋਈ ਉਸਦੀ ਫੋਟੋ ਖਿੱਚ ਰਿਹਾ ਹੈ ਜਾਂ ਉਸ ਕੋਲੋਂ ਲੰਘ ਰਿਹਾ ਹੈ। ਉਹ ਆਪਣੀ ਪੂਰੀ ਮਸਤੀ ਵਿੱਚ ਮਹਿਕ ਵੰਡਦਾ ਹੈ ਅਤੇ ਸ਼ਾਮ ਨੂੰ ਚੁੱਪ-ਚਾਪ ਝੜ ਜਾਂਦਾ ਹੈ। ਦਰਿਆ ਕਦੇ ਇਹ ਦਾਅਵਾ ਨਹੀਂ ਕਰਦਾ ਕਿ ਉਸਦਾ ਪਾਣੀ ਕਿੰਨਾ ਮਿੱਠਾ ਹੈ, ਉਹ ਬੱਸ ਆਪਣੀ ਮੌਜ 'ਚ ਚੱਲਦਾ ਰਹਿੰਦਾ ਹੈ ਤੇ ਤਿਹਾਇਆਂ ਦੀ ਪਿਆਸ ਬੁਝਾਉਂਦਾ ਹੈ ਪਰ ਇਨਸਾਨ ਥੋੜ੍ਹਾ ਜਿਹਾ ਕੁਝ ਹਾਸਲ ਕਰ ਕੇ ਹੀ ਆਪਣੇ ਆਪ ਨੂੰ ਅਜਿੱਤ ਤੇ ਖ਼ਾਸ ਸਮਝਣ ਲੱਗ ਪੈਂਦਾ ਹੈ। ਜਦੋਂ ਸਾਡੀ ਸੋਚ ਸਾਫ਼ ਤੇ ਸਰਲ ਹੁੰਦੀ ਹੈ, ਤਾਂ ਮਨ 'ਚੋਂ ਮੁਕਾਬਲੇਬਾਜ਼ੀ ਦੀ ਅੱਗ ਬੁੱਝ ਜਾਂਦੀ ਹੈ। ਫਿਰ ਗੁਆਂਢੀ ਦੀ ਨਵੀਂ ਕਾਰ ਵੇਖ ਕੇ ਛਾਤੀ 'ਤੇ ਸੱਪ ਨਹੀਂ ਲੋਟਦਾ, ਸਗੋਂ ਆਪਣੇ ਘਰ ਦੇ ਵਿਹੜੇ ਵਿੱਚ ਲੱਗੇ ਰੁੱਖਾਂ ਦੀਆਂ ਹਰੀਆਂ ਸ਼ਾਖ਼ਾਂ, ਸਵੇਰ ਵੇਲੇ ਪੰਛੀਆਂ ਦੀਆਂ ਚਹਿਕਾਂ ਤੇ ਬੱਚਿਆਂ ਦੇ ਹਾਸੇ ਹੀ ਜੱਗ ਜਿੱਤਣ ਵਰਗਾ ਸਕੂਨ ਦੇ ਦਿੰਦੇ ਹਨ।

ਅਠਾਰਵੀਂ ਸਦੀ ਦਾ ਨਿੱਡਰ ਤੇ ਨਿਰਭੈ ਯੋਧਾ ਨਵਾਬ ਕਪੂਰ ਸਿੰਘ

ਨਵਾਬ ਕਪੂਰ ਸਿੰਘ ਅਠਾਰਵੀਂ ਸਦੀ ਦਾ ਇੱਕ ਬਹਾਦਰ ਯੋਧਾ, ਮਹਾਨ ਆਗੂ, ਨਿਪੁੰਨ ਹਾਕਮ, ਮਿਲਣਸਾਰ, ਉਚਾ-ਲੰਮਾ, ਫੁਰਤੀਲਾ, ਇਸਤਰੀਆਂ ਦੇ ਪ੍ਰਭਾਵ ਤੋਂ ਮੁਕਤ, ਬੜਾ ਸੂਝਵਾਨ ਤੇ ਰੋਹਬਦਾਰ ਘੋੜ ਸਵਾਰ ਸਿੱਖ ਸਰਦਾਰ ਸੀ। ਉਹ ਤੀਰ ਅੰਦਾਜ਼ੀ, ਤਲਵਾਰਬਾਜ਼ੀ, ਭਾਲੇ ਅਤੇ ਬੰਦੂਕ ਚਲਾਉਣ ਵਿੱਚ ਮਾਹਰ ਸੀ। ਉਸਦੇ ਸਰੀਰ ਤੇ ਅਗਲੇ ਹਿੱਸੇ ਤੇ ਤਲਵਾਰਾਂ ਦੇ 43 ਜਖਮਾਂ ਦੇ ਨਿਸ਼ਾਨ ਸਨ। ਜੋ ਉਸਦੇ ਬਹਾਦਰ ਸੂਰਬੀਰ ਹੋਣ ਦੀ ਗਵਾਹੀ ਭਰਦੇ ਸਨ ਲੜਾਈ ਦੇ ਮੈਦਾਨ ਵਿੱਚ ਉਹ ਸ਼ੇਰ ਦੀ ਤਰਾਂ ਗਰਜਦਾ ਸੀ, ਜਿਸ ਨੂੰ ਵੇਖ ਕੇ ਵੈਰੀਆਂ ਦੇ ਹੌਸਲੇ ਪਸਤ ਹੋ ਜਾਂਦੇ ਸਨ। ਸਿੱਖ ਕੌਮ ਦੇ ਇਸ ਬੱਬਰ ਸ਼ੇਰ ਦਾ ਜਨਮ ਪੱਛਮੀ ਪਾਕਿਸਤਾਨ ਦੇ ਜਿਲਾਹ ਸ਼ੇਖੂਪੁਰਾ ਦੇ ਪਿੰਡ ਕਾਲੇਕੇ ਵਿੱਚ ਪਿਤਾ ਸ੍. ਦਲੀਪ ਸਿੰਘ ਵਿਰਕ ਦੇ ਘਰ ਜੱਟ ਪ੍ਰੀਵਾਰ ਵਿੱਚ 1697 ਈ: ਵਿੱਚ ਹੋਇਆ। ਜਦੋ ਸੰਨ 1715 ਈ: ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੂੰ ਗ੍ਰਿਫਤਾਰ ਕਰਕੇ ਦਿੱਲੀ ਲਿਆਂਦਾ ਗਿਆ ਤਾਂ ਉਸਦੇ ਤਿੰਨ ਸਾਲ ਦੇ ਪੁੱਤਰ ਨੂੰ ਬੜੀ ਬੁਰੀ ਤਰਾਂ ?ਹ ਕੋਹਿਆ ਗਿਆ ਤੇ ਉਸ ਬੱਚੇ ਦੀ ਬੋਟੀ-ਬੋਟੀ ਕਰਕੇ ਉਸਦੇ ਕਾਲਜੇ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿੱਚ ਪਾਇਆ ਗਿਆ ਤੇ ਬਾਦ ਵਿੱਚ ਬੰਦਾ ਬਹਾਦਰ ਦੀ ਵੀ ਬੋਟੀ-ਬੋਟੀ ਕਰਕੇ ਸ਼ਹੀਦ ਕੀਤਾ ਗਿਆ। ਬਾਬਾ ਬੰਦਾ ਬਹਾਦਰ ਦੀ ਪਤਨੀ ਨੂੰ ਜਬਰਦਸਤੀ ਮੁਸਲਮਾਨ ਬਣਾ ਕੇ ਸ਼ਾਹੀ ਹਰਮ ਵਿੱਚ ਰੱਖਿਆ ਗਿਆ ਤਾਂ ਇੰਨੇਹ ਜ਼ੁਲਮ ਤੋਂ ਬਾਅਦ ਸਿੱਖ ਹਿਰਦੇ ਵਲੂੰਧਰੇ ਗਏ। 1300 ਸਿੱਖ ਸ਼ਰਧਾਲੂ ਕੁਰਬਾਨੀਆਂ ਦੇਣ ਲਈ ਉਤਾਵਲੇ ਹੋ ਰਹੇ ਸਨ। ਬਾਕੀ ਬਚੇ ਸਿੱਖਾਂ ਨੇ ਜਥੇ ਬਣਾ ਲਏ। ਇਸ ਵਿੱਚ ਇੱਕ ਜਥਾ ਸ੍. ਕਪੂਰ ਸਿੰਘ ਦਾ ਵੀ ਸੀ। ਸ੍. ਕਪੂਰ ਸਿੰਘ ਨੇ ਅੰਮ੍ਰਿਤਸਰ ਦੇ ਨੇੜੇ ਪਿੰਡ ਫੈਜ਼ਲਪੁਰ ਉੱਤੇ ਕਬਜ਼ਾ ਕਰਕੇ ਉਸਦਾ ਨਾਂਅ 'ਸਿੰਘਪੁਰਾ' ਰੱਖਿਆ ਤੇ ਆਪਣੀ ਰਿਹਾਇਸ਼ ਵੀ ਇਸੇ ਪਿੰਡ ਹੀ ਰੱਖ ਲਈ। ਸੰਨ 1921 ਦੇ ਨੇੜੇ ਤੇੜੇ ਸ੍. ਕਪੂਰ ਸਿੰਘ ਨੇ ਮਹਾਨ ਗੁਰਸਿੱਖ ਸ਼ਹੀਦ ਭਾਈ ਮਨੀ ਸਿੰਘ ਜੀ ਤੋਂ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕੀਤੀ। ਅਜਿਹੀ ਖਤਰੇ ਭਰੀ ਸਥਿਤੀ ਵਿੱਚ ਜਕਰੀਆਂ ਖਾਨ ਦੀ ਸਿਫਾਰਸ਼ ਤੇ ਮੁਗਲ ਹਕੂਮਤ ਨੇ ਸਿੱਖਾਂ ਪ੍ਰਤੀ ਸਦਭਾਵਨਾਂ ਵਾਲੀ ਨੀਤੀ ਅਪਣਾਈ ਤੇ ਸਰਦਾਰ ਕਪੂਰ ਸਿੰਘ ਨੂੰ ਮਾਲੀਏ ਤੋਂ ਮੁੱਕਤ ਜਗੀਰ ਵੀ ਦਿੱਤੀ ਤੇ ਨਾਲ ਹੀ 'ਨਵਾਬ' ਦਾ ਖਿਤਾਬ ਵੀ ਦਿੱਤਾ। ਜਦੋਂ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ ਜੋਤ ਸਮਾਉਣ ਤੋਂ ਬਾਅਦ ਪਵਿੱਤਰ ਮਾਤਾਵਾਂ ਮਾਤਾ ਸੁੰਦਰੀ ਜੀ ਮੱਥਰਾ ਵਿਖੇ ਰਹਿ ਰਹੇ ਸਨ ਤਾਂ ਸ੍. ਜੱਸਾ ਸਿੰਘ ਆਹਲੂਵਾਲੀਆ ਛੋਟੀ ਉਮਰ ਵਿੱਚ ਹੀ ਮਾਤਾ ਸੁੰਦਰੀ ਜੀ ਕੋਲ ਰਹਿੰਦਾ ਸੀ। ਬਾਅ ਸਿੰਘ ਸ੍. ਜੱਸਾ ਸਿੰਘ ਦਾ ਮਾਮਾ ਲੱਗਦਾ ਸੀ। ਇਸ ਲਈ ਸ੍. ਬਾਘ ਸਿੰਘ ਨੇ ਨਵਾਬ ਕਪੂਰ ਸਿੰਘ ਰਾਹੀਂ ਮਾਤਾ ਸੁੰਦਰੀ ਜੀ ਲਈ ਮਾਇਆ ਅਤੇ ਰਸਦ ਭੇਟ ਕਰਨੀ ਕੀਤੀ। ਜਦੋਂ ਇਸ ਦਾ ਪਤਾ ਸਿੱਖ ਸੰਗਤਾਂ ਨੂੰ ਲੱਗਿਆ ਤਾਂ ਉਹਨਾਂ ਵੀ ਗੁਰੂ ਘਰ ਵਾਸਤੇ ਮਾਤਾ ਸੁੰਦਰੀ ਜੀ ਲਈ ਕੁਝ ਤੋਹਫੇ ਤੇ ਸੌਗਾਤਾਂ ਭੇਟ ਕੀਤੀਆਂ। ਉਸ ਸਮੇਂ ਖਾਲਸੇ ਦੀ ਮਾਤਾ ਸੁੰਦਰੀ ਜੀ ਅਤੇ ਸਿੱਖਾਂ ਵਿਚਕਾਰ ਸ੍. ਕਪੂਰ ਸਿੰਘ ਨੇ ਇੱਕ ਪੁਲ ਦਾ ਕੰਮ ਕੀਤਾ। ਇਸ ਲਈ ਸ੍. ਕਪੂਰ ਸਿੰਘ ਨੇ ਸਿੱਖ ਸੰਗਤਾਂ ਵਿੱਚ ਹਰਮਨਪਿਆਰਤਾ ਹਾਸਲ ਕੀਤੀ। ਉ ੱਥੇ ਸ੍. ਜੱਸਾ ਸਿੰਘ ਆਹਲੂਵਾਲੀਆ ਨੂੰ ਵੇਖ ਕੇ ਸ੍. ਕਪੂਰ ਸਿੰਘ ਨੇ ਆਪਣੀ ਗੋਦ ਵਿੱਚ ਚੁੱਕ ਲਿਆ ਸੀ ਤੇ ਮਾਤਾ ਸੁੰਦਰੀ ਜੀ ਨੂੰ ਜੱਸਾ ਸਿੰਘ ਨੂੰ ਗੁਰੀਲਾ ਯੁੱਧ ਵਿੱਚ ਪ੍ਰਬੀਨ ਬਣਾਉਣ ਦੀ ਪੇਸ਼ਕਸ਼ ਕੀਤੀ। ਮਾਤਾ ਜੀ ਨੇ ਸਹਿਮਤੀ ਦੇ ਦਿੱਤੀ ਤੇ ਨਾਲ ਹੀ ਸ੍. ਜੱਸਾ ਸਿੰਘ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਤਲਵਾਰ, ਢਾਲ, ਤੀਰ ਕਮਾਨ ਨਾਲ ਸ਼ਸਤਰਬੱਧ ਕੀਤਾ ਤੇ ਸ੍. ਕਪੂਰ ਸਿੰਘ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸ਼ਾਹੀ ਆਸਾ ਵੀ ਦਿੱਤਾ ਅਤੇ ਹੁਕਮ ਕੀਤਾ ਕਿ ਜਦੋਂ ਮੇਰਾ ਪੁੱਤਰ ਸ੍. ਜੱਸਾ ਸਿੰਘ ਜੰਗ ਵਿੱਚ ਜਿੱਤ ਪ੍ਰਾਪਤ ਕਰਕੇ ਆਵੇ ਤਾਂ ਉਸ ਸਮੇਂ ਸ਼ਾਹੀ ਆਸਾ ਉਸਨੂੰ ਇਨਾਮ ਵਿੱਚ ਦਿੱਤਾ ਜਾਵੇ। ਸ੍. ਜੱਸਾ ਸਿੰਘ ਨੂੰ ਅੰਮ੍ਰਿਤ ਸ੍. ਕਪੂਰ ਸਿੰਘ ਨੇ ਆਪਣੇ ਹੱਥੀਂ ਛਕਾਇਆ। ਸੰਨ 1734 ਈ: ਦੀ ਵਿਸਾਖੀ ਨੂੰ ਹਰਿਮੰਦਰ ਸਾਹਿਬ ਵਿੱਚ ਤਰਨਾ ਦਲ ਤੇ ਬੁੱਢਾ ਦਲ ਦੀ ਸਥਾਪਨਾ ਕੀਤੀ ਗਈ। ਬੁੱਢਾ ਦਲ ਵਿੱਚ ਤਕਰੀਬਨ 40 ਸਾਲ ਤੋਂ ਵੱਧ ਉਮਰ ਦੇ ਸਿੰਘ ਸ਼ਾਮਿਲ ਹੁੰਦੇ ਸਨ। ਨਵਾਬ ਕਪੂਰ ਸਿੰਘ ਨੇ ਬੁੱਢਾ ਦਲ ਦੀ ਕਮਾਨ ਆਪ ਸੰਭਾਲੀ। ਫਿਰ ਦੁਬਾਰਾ ਸੰਨ 1748 ਈ: ਦੀ ਵਿਸਾਖੀ ਨੂੰ ਸਿੱਖ ਸਰਦਾਰਾਂ ਦੀ ਸਹਿਮਤੀ ਨਾਲ ਸ੍. ਜੱਸਾ ਸਿੰਘ ਆਹਲੂਵਾਲੀਆ ਨੂੰ 'ਦਲ ਖਾਲਸਾ' ਦਾ ਜਥੇਦਾਰ ਬਣਾ ਦਿੱਤਾ। ਉਸ ਸਮੇਂ ਵਿਚਰ ਰਹੇ 65 ਜੱਥਿਆਂ ਨੂੰ ਇੱਕ ਪਲੇਟਫਾਰਮ ਤੇ ਇੱਕਠਾ ਕਰਕੇ 12 ਮਿਸਲਾਂ ਵਿੱਚ ਵੰਡ ਦਿੱਤਾ ਗਿਆ। ਨਵਾਬ ਕਪੂਰ ਸਿੰਘ ਆਪਣੀ ਜਥੇਦਾਰੀ ਤੇ ਨਵਾਬੀ ਸ੍. ਜੱਸਾ ਸਿੰਘ ਆਹਲੂਵਾਲੀਆ ਨੂੰ ਭੇਟ ਕਰਕੇ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਕੀਤੀ ਹੋਈ 56 ਸਾਲ ਦੀ ਉਮਰ ਭੋਗ ਕੇ ਪ੍ਰਲੋਕ ਸਿਧਾਰ ਗਏ। ਨਵਾਬ ਕਪੂਰ ਸਿੰਘ ਜੀ ਦੀ ਸਮਾਧ ਬਾਬਾ ਅਟੱਲ ਰਾਏ ਜੀ ਦੇ ਸਥਾਨ ਦੇ ਬਿਲਕੁਲ ਨਜ਼ਦੀਕ ਸਥਿੱਤ ਹੈ। ਸਿੱਖ ਕੌਮ ਨੂੰ ਅਜਿਹੇ ਮਹਾਨ ਸੂਰਬੀਰ ਯੋਧਿਆਂ ਤੇ ਸਦਾ ਮਾਣ ਰਹੇਗਾ।

ਲੇਖਕ- ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022, email:dharminders-inghchabba@gmail.com

62 ਦੀ ਉਮਰ 'ਚ ਵੀ ਪਹਾੜਾਂ ਨਾਲ ਇਸ਼ਕ: ਗੁਰਸ਼ਰਨ ਸਿੰਘ ਬਾਹੀਆ ਦੀ ਜ਼ਿੰਦਾਦਿਲੀ ਦੀ ਦਾਸਤਾਨ

ਸਰਕਾਰੀ ਨੌਕਰੀ ਤੋਂ ਸੇਵਾ ਮੁਕਤੀ ਸਰਕਾਰ ਦੇ ਨਿਰਧਾਰਤ ਨਿਯਮਾਂ ਅਨੁਸਾਰ ਸੇਵਾ ਦਾ ਇੱਕ ਪੜਾਅ ਪੂਰਾ ਹੋਣਾ ਹੈ। ਆਮ ਤੌਰ 'ਤੇ 58 ਸਾਲ ਦੀ ਉਮਰ ਨੂੰ ਸਰਕਾਰੀ ਸੇਵਾ ਤੋਂ ਵਿਦਾਇਗੀ ਦੀ ਹੱਦ ਮੰਨਿਆ ਜਾਂਦਾ ਹੈ, ਪਰ ਜ਼ਿੰਦਗੀ ਦੇ ਸੁਪਨਿਆਂ, ਹੌਸਲੇ ਅਤੇ ਉੱਦਮ ਲਈ ਉਮਰ ਦੀ ਕੋਈ ਹੱਦ ਨਹੀਂ ਹੁੰਦੀ। ਉੱਦਮੀਆਂ ਅਤੇ ਜ਼ਿੰਦਾਦਿਲ ਮਨੁੱਖਾਂ ਲਈ ਉਮਰ ਸਿਰਫ਼ ਇੱਕ ਅੰਕ ਹੈ, ਜਦਕਿ ਅਸਲ ਤਾਕਤ ਮਨ ਦੇ ਜਜ਼ਬੇ ਅਤੇ ਕੁਝ ਨਵਾਂ ਕਰਨ ਦੀ ਲਗਨ ਵਿੱਚ ਵੱਸਦੀ ਹੈ। ਜੇ ਮਨ ਵਿੱਚ ਕੁਝ ਹਾਸਲ ਕਰਨ ਦਾ ਜਜ਼ਬਾ, ਸਰੀਰ ਵਿੱਚ ਤੰਦਰੁਸਤੀ ਅਤੇ ਨਵੀਆਂ ਚੁਣੌਤੀਆਂ ਨੂੰ ਸਵੀਕਾਰ ਕਰਨ ਦਾ ਹੌਸਲਾ ਹੋਵੇ ਤਾਂ ਜ਼ਿੰਦਗੀ ਦੇ ਹਰ ਪੜਾਅ 'ਤੇ ਨਵੀਆਂ ਮੰਜ਼ਿਲਾਂ ਤੈਅ ਕੀਤੀਆਂ ਜਾ ਸਕਦੀਆਂ ਹਨ। ਸੇਵਾ ਮੁਕਤੀ ਨੂੰ ਜ਼ਿੰਦਗੀ ਦਾ ਅੰਤ ਨਹੀਂ, ਸਗੋਂ ਆਪਣੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਅਤੇ ਨਵੇਂ ਤਜਰਬਿਆਂ ਨਾਲ ਜ਼ਿੰਦਗੀ ਨੂੰ ਹੋਰ ਰੰਗੀਨ ਬਣਾਉਣ ਦਾ ਨਵਾਂ ਅਧਿਆਇ ਬਣਾਇਆ ਜਾ ਸਕਦਾ ਹੈ। ਪੰਜਾਬ ਦੀ ਆਰਥਿਕ ਤਰੱਕੀ ਵਿੱਚ ਮੁੱਖ ਭਾਈਵਾਲ ਬਿਜਲੀ ਵਿਭਾਗ ਦੀ ਕਾਰਪੋਰੇਸ਼ਨ,ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਤੋਂ ਬਤੌਰ ਉਪ ਮੁੱਖ ਇੰਜੀਨੀਅਰ/ਸਿਵਲ ਸੇਵਾ ਮੁਕਤ ਹੋਏ ਇੰਜ. ਗੁਰਸ਼ਰਨ ਸਿੰਘ ਬਾਹੀਆ ਨੂੰ ਸੇਵਾ ਮੁਕਤ ਹੋਇਆਂ ਚਾਰ ਸਾਲ ਬੀਤ ਚੁੱਕੇ ਹਨ। ਉਨ੍ਹਾਂ ਦਾ ਜਨਮ 16 ਨਵੰਬਰ 1964 ਨੂੰ ਪਿਤਾ ਸਰਦਾਰ ਪ੍ਰੀਤਮ ਸਿੰਘ ਮਾਤਾ ਸਰਦਾਰਨੀ ਪ੍ਰਕਾਸ਼ ਕੌਰ ਦੇ ਘਰ ਹੋਇਆ।ਹੁਣ ਉਹ ਸੇਵਾ ਮੁਕਤੀ ਉਪਰੰਤ ਆਪਣੇ ਗ੍ਰਹਿ ਪਿੰਡ ਕੁੱਕੜ (ਜ਼ਿਲ੍ਹਾ ਜਲੰਧਰ) ਵਿੱਚ ਪੱਕੇ ਤੌਰ 'ਤੇ ਵਸੇ ਹੋਏ ਹਨ। ਪਾਵਰਕਾਮ ਵਿੱਚ ਸੇਵਾ ਦੌਰਾਨ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਸੰਜੀਦਗੀ ਅਤੇ ਸਮਰਪਣ ਨਾਲ ਨਿਭਾਉਣ ਵਾਲੇ ਇੰਜ. ਬਾਹੀਆ ਨੇ ਸੇਵਾ ਮੁਕਤੀ ਤੋਂ ਬਾਅਦ ਆਪਣੀ ਜ਼ਿੰਦਗੀ ਦਾ ਇੱਕ ਨਵਾਂ ਅਧਿਆਇ ਸ਼ੁਰੂ ਕੀਤਾ ਹੈ, ਜਿਸ ਵਿੱਚ ਪਹਾੜ, ਕੁਦਰਤ, ਟਰੈਕਿੰਗ ਅਤੇ ਮੋਟਰਸਾਈਕਲ ਰਾਈਡਿੰਗ ਉਨ੍ਹਾਂ ਦੇ ਸਾਥੀ ਬਣ ਗਏ ਹਨ। ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਪਰਮਜੀਤ ਕੌਰ ਅਨੁਸਾਰ ਕਿ ਬਚਪਨ ਤੋਂ ਹੀ ਇੰਜ. ਬਾਹੀਆ ਦੀ ਕੁਦਰਤ ਪ੍ਰਤੀ ਵਿਸ਼

'ਆਪ' ਨੂੰ ਵੱਡਾ ਝਟਕਾ, ਡੇਰਾ ਬਾਬਾ ਨਾਨਕ ਦੇ ਸਰਗਰਮ ਆਗੂ ਗੁਰਿੰਦਰਜੀਤ ਸਿੰਘ ਪੱਡਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ

ਅੰਮ੍ਰਿਤਸਰ 6 ਅਕਤੂਬਰ (ਰਾਜੇਸ਼ ਡੈਨੀ, ਸੰਜੀਵ ਨਈਅਰ, ਗੁਲਸ਼ਨ ਰਣੀਆਂ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਭਰ ਵਿੱਚ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਲਗਾਤਾਰ ਹੁੰਗਾਰਾ ਮਿਲ ਰਿਹਾ ਹੈ। ਇਸੇ ਤਹਿਤ ਅੱਜ ਬਟਾਲਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਲੀਮਾਨੀ ਬੋਰਡ ਤੇ ਤਾਲਮੇਲ ਕਮੇਟੀ ਤੋਂ ਸ. ਸੁਖਵਿੰਦਰ ਸਿੰਘ ਅਗਵਾਨ ਕੋਆਰਡੀਨੇਟਰ ਇੰਚਾਰਜ, ਸਰਦਾਰ ਪ੍ਰਗਟ ਸਿੰਘ ਰਈਆ, ਮੈਂਬਰ ਤੇ ਜਿਲ੍ਹਾ ਪ੍ਰਧਾਨ ਗੁਰਦਾਸਪੁਰ ਦਿਹਾਤੀ ਤੋਂ ਸ੍. ਮਨਜਿੰਦਰ ਸਿੰਘ ਬੱਲ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਹੋਈ, ਜਿਸ ਦੌਰਾਨ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਸ੍. ਗੁਰਦੀਪ ਸਿੰਘ ਰੰਧਾਵਾ ਦੇ ਪਰਿਵਾਰਿਕ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਸ੍. ਗੁਰਿੰਦਰਜੀਤ ਸਿੰਘ ਪੱਡਾ ਨੇ ਆਮ ਆਦਮੀ ਪਾਰਟੀ ਦਾ ਪੱਲਾ ਛੱਡ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ, ਤੇ ਆਗੂਆਂ ਨੇ ਉਹਨਾਂ ਨੂੰ ਪਾਰਟੀ ਚਿੰਨ ਦੇ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਕੀਤਾ। ਪਾਰਟੀ ਆਗੂਆਂ ਵੱਲੋਂ ਸ੍. ਗੁਰਿੰਦਰਜੀਤ ਸਿੰਘ ਪੱਡਾ, ਕਾਬਲ ਸਿੰਘ ਭਗਵਾਨਪੁਰ, ਇੰਦਰਜੀਤ ਸਿੰਘ ਪੱਡਾ, ਗੁਰਪ੍ਰੀਤ ਸਿੰਘ ਸ਼ਾਹਪੁਰ ਜਾਜਨ, ਸਤਨਾਮ ਸਿੰਘ ਪੱਡਾ, ਉਪਕਾਰ ਸਿੰਘ ਗੁਰਾਇਆ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਖੋਦੇ ਬੇਟ ਤੇ ਜਗਦੀਪ ਸਿੰਘ ਦਕੋਹਾ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਪਾਰਟੀ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਅਤੇ ਤਜਰਬੇ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਸਿਆਸੀ ਪਾਰਟੀ ਵਜੋਂ ਹੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਪੰਜਾਬੀਅਤ, ਪੰਜਾਬ ਦੀਆਂ ਸਮੱਸਿਆਵਾਂ ਅਤੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਵਾਲੀ ਜਥੇਬੰਦੀ ਵਜੋਂ ਆਪਣੀ ਭੂਮਿਕਾ ਨਿਭਾ ਰਿਹਾ ਹੈ। ਪੰਜਾਬ ਦੇ ਲੋਕ ਰਵਾਇਤੀ ਸਿਆਸੀ ਵਾਅਦਿਆਂ ਤੋਂ ਅੱਕ ਚੁੱਕੇ ਹਨ ਅਤੇ ਹੁਣ ਉਹ ਅਜਿਹੀ ਸਿਆਸੀ ਧਿਰ ਦੀ ਭਾਲ ਵਿੱਚ ਹਨ ਜੋ ਪੰਜਾਬ ਦੇ ਹਿੱਤਾਂ ਨੂੰ ਪਹਿਲ ਦੇਵੇ ਅਤੇ ਲੋਕਾਂ ਦੇ ਦੁੱਖ-ਦਰਦ ਨੂੰ ਸਮਝਦੇ ਹੋਏ ਉਨ੍ਹਾਂ ਦੀ ਆਵਾਜ਼ ਬਣੇ। ਨੀਤੀਆਂ ਅਤੇ ਪੰਜਾਬ ਪ੍ਰਤੀ ਸਪੱਸ਼ਟ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਆਗੂ ਅਤੇ ਵਰਕਰ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਲਗਾਤਾਰ ਜੁੜ ਰਹੇ ਹਨ, ਜੋ ਪਾਰਟੀ ਲਈ ਵੱਡੇ ਉਤਸ਼ਾਹ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਵਰਗੇ ਮਹੱਤਵਪੂਰਨ ਹਲਕੇ ਵਿੱਚ ਸ੍. ਗੁਰਿੰਦਰਜੀਤ ਸਿੰਘ ਪੱਡਾ ਤੇ ਹੋਰ ਸਾਥੀਆਂ ਦਾ ਪਾਰਟੀ ਨਾਲ ਜੁੜਨਾ ਜਥੇਬੰਦਕ ਤੌਰ 'ਤੇ ਅਹਿਮ ਕਦਮ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਪਾਰਟੀ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੁਹਿੰਮ ਨੂੰ ਪਿੰਡ-ਪਿੰਡ ਅਤੇ ਵਾਰਡ-ਵਾਰਡ ਤੱਕ ਲੈ ਕੇ ਜਾਣ ਲਈ ਪਾਰਟੀ ਦੇ ਆਗੂ ਅਤੇ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ ਅਤੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਮਰਥਨ ਇਸ ਮੁਹਿੰਮ ਨੂੰ ਹੋਰ ਤਾਕਤ ਦੇ ਰਿਹਾ ਹੈ। ਗੁਰਿੰਦਰਜੀਤ ਸਿੰਘ ਪੱਡਾ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਨਾਲ ਜੁੜ ਕੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ। ਕਿਉਂਕਿ ਉਹ ਪੰਜਾਬ ਪੱਖੀ ਪਾਰਟੀ ਹੈ ਅਤੇ '20 27 - ਹੋਂਦ ਦੀ ਲੜਾਈ ਜੋ ਪਾਰਟੀ ਦਾ ਮੁੱਖ ਏਜੰਡਾ ਹੈ ਤੋਂ ਬਹੁਤ ਪ੍ਰਭਾਵਿਤ ਹੋਏ ਹਨ। ਇਸ ਮੌਕੇ ਮੁੱਖ ਦਫ਼ਤਰ ਸਹਾਇਕ ਸਕੱਤਰ ਭਾਈ ਜਤਿੰਦਰ ਸਿੰਘ ਮਹਿਤਾ ਅਤੇ ਭਾਈ ਜੋਧਬੀਰ ਸਿੰਘ ਜੱਲੂਪੁਰ, ਕੋਆਰਡੀਨੇਟਰ ਯੂਨਿਟ ਦੁਬਈ, ਸਤਿੰਦਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਸ਼ਹਿਰੀ, ਪ੍ਰਿਥੀਪਾਲ ਸਿੰਘ ਹਲਕਾ ਇੰਚਾਰਜ ਬਟਾਲਾ, ਅਜੈਪਾਲ ਸਿੰਘ ਐਡਵੋਕੇਟ ਹਲਕਾ ਇੰਚਾਰਜ ਗੁਰਦਾਸਪੁਰ, ਭਾਈ ਕਸ਼ਮੀਰ ਸਿੰਘ, ਭਾਈ ਹਰਪਾਲ ਸਿੰਘ, ਗੁਰਪ੍ਰੀਤ ਸਿੰਘ ਬਟਾਲਾ, ਜਤਿੰਦਰ ਸਿੰਘ, ਦਲਬੀਰ ਸਿੰਘ ਚਾਹਲ, ਮਨਜੀਤ ਸਿੰਘ ਪਾਹੜਾ, ਗੁਰਦੀਪ ਸਿੰਘ, ਗੁਰਪ੍ਰੀਤ ਕੌਰ ਕਵਲਪ੍ਰੀਤ ਕੌਰ ਸਮੇਤ ਪਾਰਟੀ ਦੇ ਹੋਰ ਆਗੂ, ਅਹੁਦੇਦਾਰ ਅਤੇ ਵਰਕਰ ਵੀ ਮੌਜੂਦ ਸਨ।

ਬੀਡੀਓ ਦਫ਼ਤਰ ਕਾਦੀਆਂ ਵਿਖੇ ਬਲਾਕ ਸੰਮਤੀ ਚੇਅਰਮੈਨ, ਸਰਪੰਚਾਂ ਅਤੇ ਅਧਿਕਾਰੀਆਂ ਨਾਲ ਕੀਤੀ ਅਹਿਮ ਮੀਟਿੰਗ

ਸ੍ਰੀ ਹਰਗੋਬਿੰਦਪੁਰ, 6 ਅਕਤੂਬਰ (ਪ੍ਰਦੀਪ ਸਿੰਘ ਬੇਦੀ) ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਅਤੇ ਜ਼ਮੀਨੀ ਪੱਧਰ 'ਤੇ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲੈਣ ਲਈ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਵੱਲੋਂ ਅੱਜ ਬੀਡੀਓ ਦਫ਼ਤਰ ਕਾਦੀਆਂ ਵਿਖੇ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਬਲਵਿੰਦਰ ਸਿੰਘ ਲਾਡੀ ਨੇ ਬਲਾਕ ਸੰਮਤੀ ਦੀ ਚੇਅਰਮੈਨ ਰੁਬਿੰਦਰ ਕੌਰ, ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਅਤੇ ਬੀਡੀਓ ਦਫ਼ਤਰ ਦੇ ਸਮੂਹ ਸਟਾਫ਼ ਨਾਲ ਮੁਲਾਕਾਤ ਕਰਦਿਆਂ ਪਿੰਡਾਂ ਵਿੱਚ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੌਰਾਨ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ, ਸੜਕਾਂ, ਨਾਲੀਆਂ, ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਵਿਕਾਸ ਕਾਰਜਾਂ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਪਿੰਡ ਵਾਸੀਆਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ। ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਪਿੰਡਾਂ ਦਾ ਸਰਵਪੱਖੀ ਵਿਕਾਸ ਲੋਕਾਂ ਦੀਆਂ ਬੁਨਿਆਦੀ ਲੋੜਾਂ ਨਾਲ ਸਿੱਧੇ ਤੌਰ 'ਤੇ ਜੁੜਿਆ ਹੋਇਆ ਹੈ। ਵਿਕਾਸ ਕਾਰਜਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪੰਚਾਇਤਾਂ, ਬਲਾਕ ਸੰਮਤੀ ਅਤੇ ਪ੍ਰਸ਼ਾਸਨ ਵਿਚਕਾਰ ਬਿਹਤਰ ਤਾਲਮੇਲ ਬੇਹੱਦ ਜ਼ਰੂਰੀ ਹੈ। ਉਨ੍ਹਾਂ ਵੱਲੋਂ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਤੋਂ ਉਨ੍ਹਾਂ ਦੇ ਪਿੰਡਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਇਸ ਮੌਕੇ ਸਰਪੰਚਾਂ ਨੇ ਵੀ ਆਪਣੇ-ਆਪਣੇ ਪਿੰਡਾਂ ਦੀਆਂ ਲੋੜਾਂ ਅਤੇ ਵਿਕਾਸ ਕਾਰਜਾਂ ਸਬੰਧੀ ਸੁਝਾਅ ਸਾਂਝੇ ਕੀਤੇ। ਮੀਟਿੰਗ ਦੌਰਾਨ ਬੀਡੀਓ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਵੀ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਪਿੰਡਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇ ਅਤੇ ਲੋਕਾਂ ਤੱਕ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਬਣਾਇਆ ਜਾਵੇ। ਇਸ ਮੌਕੇ ਬਲਾਕ ਸੰਮਤੀ ਦੀ ਚੇਅਰਮੈਨ ਰੁਬਿੰਦਰ ਕੌਰ, ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਬੀਡੀਓ ਦਫ਼ਤਰ ਦਾ ਸਮੂਹ ਸਟਾਫ਼ ਹਾਜ਼ਰ ਸੀ।

ਪਿੰਡ-ਪਿੰਡ 'ਵਾਰਿਸ ਪੰਜਾਬ ਦੇ' ਦਾ ਢਾਂਚਾ ਮਜ਼ਬੂਤ ਕਰਨ 'ਚ ਜੁਟੇ ਪਰਿਥੀਪਾਲ ਸਿੰਘ

ਬਟਾਲਾ, 6 ਅਕਤੂਬਰ (ਸੰਜੀਵ ਨਈਅਰ) ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਕਾਰਜਕਾਰਨੀ ਮੈਂਬਰ ਅਤੇ ਹਲਕਾ ਬਟਾਲਾ ਇੰਚਾਰਜ ਪਰਿਥੀਪਾਲ ਸਿੰਘ ਬਟਾਲਾ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਪਿੰਡ-ਪਿੰਡ ਸਰਗਰਮੀਆਂ ਤੇਜ਼ ਕੀਤੀਆਂ ਗਈਆਂ ਹਨ। ਪਰਿਥੀਪਾਲ ਸਿੰਘ ਆਪਣੀ ਟੀਮ ਨਾਲ ਲਗਾਤਾਰ ਪਿੰਡਾਂ ਵਿੱਚ ਪਹੁੰਚ ਕਰਕੇ ਵਰਕਰਾਂ ਨਾਲ ਰਾਬਤਾ ਕਾਇਮ ਕਰਨ ਦੇ ਨਾਲ ਪਾਰਟੀ ਦਾ ਏਜੰਡਾ ਲੋਕਾਂ ਤੱਕ ਪਹੁੰਚਾ ਰਹੇ ਹਨ। ਇਸੇ ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ ਵਿੱਚ ਸਥਾਨਕ ਕਮੇਟੀਆਂ ਦੇ ਗਠਨ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡ ਅਠਵਾਲ ਵਿੱਚ 35 ਮੈਂਬਰੀ ਕਮੇਟੀ ਦੇ ਗਠਨ ਤੋਂ ਇਲਾਵਾ ਡੱਲਾ ਮੰਡ, ਚੌਧਰਪੁਰ ਸਮੇਤ ਹੋਰ ਪਿੰਡਾਂ ਵਿੱਚ ਵੀ ਜਥੇਬੰਦਕ ਸਰਗਰਮੀਆਂ ਨੂੰ ਅੱਗੇ ਵਧਾਇਆ ਗਿਆ ਹੈ। ਪਰਿਥੀਪਾਲ ਸਿੰਘ ਦੀ ਲਗਾਤਾਰ ਮੈਦਾਨੀ ਮੌਜੂਦਗੀ ਨਾਲ ਵਰਕਰਾਂ ਵਿੱਚ ਵੀ ਸਰਗਰਮੀ ਦਿਖਾਈ ਦੇ ਰਹੀ ਹੈ। ਪਰਿਥੀਪਾਲ ਸਿੰਘ ਦਾ ਮੁੱਖ ਫੋਕਸ ਹਰ ਪਿੰਡ ਵਿੱਚ ਜ਼ਿੰਮੇਵਾਰ ਟੀਮ ਤਿਆਰ ਕਰਨ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਮਜ਼ਬੂਤ ਕਰਨ 'ਤੇ ਹੈ। ਉਨ੍ਹਾਂ ਵੱਲੋਂ ਪਾਰਟੀ ਦੇ ਵਿਚਾਰਾਂ ਅਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਲੈ ਕੇ ਵਰਕਰਾਂ ਨਾਲ ਲਗਾਤਾਰ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਹਲਕਾ ਬਟਾਲਾ ਵਿੱਚ ਚੱਲ ਰਹੀ ਇਹ ਪਿੰਡ-ਪੱਧਰੀ ਜਥੇਬੰਦਕ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ ਹੋਣ ਦੇ ਸੰਕੇਤ ਦੇ ਰਹੀ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਹੀ ਪੰਜਾਬ ਨੂੰ ਲੀਹਾਂ ਤੇ ਲਿਆਵੇਗੀ: ਅਗਵਾਨ,ਬਟਾਲਾ

ਬਟਾਲਾ 6 ਅਕਤੂਬਰ (ਸੰਜੀਵ ਨਈਅਰ) ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰਨੀ ਕਮੇਟੀ ਮੈਂਬਰ ਅਤੇ ਇਨਚਾਰਜ ਹਲਕਾ ਬਟਾਲਾ, ਪ੍ਰਿਥੀਪਾਲ ਸਿੰਘ ਬਟਾਲਾ ਅਤੇ ਹਲਕਾ ਬਟਾਲਾ ਦੇ ਸੀਨੀਅਰ ਆਗੂਆਂ ਨੇ ਭਾਈ ਸੁਖਵਿੰਦਰ ਸਿੰਘ ਅਗਵਾਨ ਪਾਰਲੀਮਾਨੀ ਬੋਰਡ ਮੈਂਬਰ ਅਤੇ ਪਾਰਟੀ ਦੇ ਤਾਲਮੇਲ ਕਮੇਟੀ ਦੇ ਕੋਆਰਡੀਨੇਟਰ ਨੂੰ ਉਹਨਾਂ ਦੇ ਨਿਵਾਸ ਸਥਾਨ ਤੇ ਮਿਲ ਕੇ ਮੁਲਾਕਾਤ ਕੀਤੀ। ਪਾਰਟੀ ਹਾਈ ਕਮਾਂਡ ਵੱਲੋਂ ਉਹਨਾਂ ਨੂੰ ਦਿੱਤੀਆਂ ਵੱਡੀਆਂ ਜਿੰਮੇਵਾਰੀਆਂ ਸਬੰਧੀ ਉਹਨਾਂ ਦਾ ਸਵਾਗਤ ਕੀਤਾ ਗਿਆ। ਪ੍ਰੈਸ ਨੂੰ ਜਾਰੀ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਮੀਟਿੰਗ ਵਿੱਚ ਪਾਰਟੀ ਦੀਆਂ ਜਿਲਾ ਗੁਰਦਾਸਪੁਰ ਵਿੱਚ ਰਾਜਨੀਤਿਕ ਗਤੀਵਿਧੀਆਂ ਅਤੇ ਅਤੇ ਜਥੇਬੰਦਕ ਤੌਰ ਤੇ ਮਜਬੂਤ ਕਰਨ ਦੇ ਚਲ ਰਹੇ ਉਪਰਾਲਿਆਂ ਤੇ ਕਾਰਵਾਈਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲਾ ਗੁਰਦਾਸਪੁਰ ਵਿੱਚ ਪਾਰਟੀ ਦੇ ਦਿਨ ਪ੍ਰਤੀ ਦਿਨ ਉੱਠ ਰਹੇ ਗ੍ਰਾਫ ਸਬੰਧੀ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਜ਼ਿਲ੍ਹਾ ਵਿੱਚ ਨੌਜਵਾਨਾਂ ਅਤੇ ਬੀਬੀਆਂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨਾਲ ਜੁੜਨ ਦੇ ਰੁਝਾਨ ਨੂੰ ਪੰਜਾਬ ਲਈ ਸ਼ੁਭ ਸੰਕੇਤ ਦਸਿਆ। ਭਾਈ ਅਗਵਾਨ ਨੇ ਜ਼ਿਲ੍ਹੇ ਵਿੱਚ ਪਾਰਟੀ ਨੂੰ ਹੋਰ ਮਜਬੂਤ ਕਰਨ ਲਈ ਪਿੰਡ ਅਤੇ ਮਹੱਲਾ ਪੱਧਰ ਤੇ ਕਮੇਟੀਆਂ ਬਣਾਉਣ ਤੇ ਜ਼ੋਰ ਦਿੱਤਾ । ਉਨਾਂ ਵੱਧ ਤੋਂ ਵੱਧ ਗਿਣਤੀ ਵਿੱਚ ਨੌਜਵਾਨਾਂ ਅਤੇ ਬੀਬੀਆਂ ਨੂੰ ਪਾਰਟੀ ਨਾਲ ਜੋੜਨ ਲਈ ਕਿਹਾ। ਉਨਾਂ ਨੇ ਹਲਕਾ ਬਟਾਲਾ ਵਿੱਚ ਪਿੰਡਾਂ ਅਤੇ ਮਹੱਲਿਆਂ ਵਿੱਚ ਬਣ ਰਹੀਆਂ ਕਮੇਟੀਆਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਸ ਨਾਲ ਜਿਲੇ ਅਤੇ ਪੰਜਾਬ ਵਿੱਚ ਪਾਰਟੀ ਹੋਰ ਮਜਬੂਤ ਹੋ ਰਹੀ ਹੈ। ਭਾਈ ਅਗਵਾਨ ਨੇ ਕਿਹਾ ਕਿ ਪਾਰਟੀ ਪੰਜਾਬ ਵਿੱਚ ਇਮਾਨਦਾਰ, ਯੋਗ ਅਤੇ ਸੂਝਵਾਨ ਉਮੀਦਵਾਰਾਂ ਨੂੰ ਜੋ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਹੋਰਾਂ ਦੀ ਵਿਚਾਰਧਾਰਾ ਤੇ ਖਰੇ ਉਤਰਦੇ ਹੋਣ ,ਉਹਨਾਂ ਨੂੰ ਉਮੀਦਵਾਰ ਬਣਾਏਗੀ। ਭਾਈ ਅੰਮ੍ਰਿਤਪਾਲ ਸਿੰਘ ਹੀ ਪੰਜਾਬ ਨੂੰ ਪੈਰਾਂ ਸਿਰ ਖੜਾ ਕਰ ਸਕਦਾ ਹੈ। ਪ੍ਰਿਥੀਪਾਲ ਸਿੰਘ ਬਟਾਲਾ ਨੇ ਕਿਹਾ ਕਿ ਭਾਈ ਸੁਖਵਿੰਦਰ ਸਿੰਘ ਅਗਵਾਨ ਨੂੰ ਵੱਡੀਆਂ ਜਿੰਮੇਵਾਰੀਆਂ ਦੇ ਕੇ ਪਾਰਟੀ ਵੱਲੋਂ ਜਿਲਾ ਗੁਰਦਾਸਪੁਰ ਨੂੰ ਵੱਡਾ ਮਾਣ ਬਖਸ਼ਿਆ ਗਿਆ ਹੈ। ਭਾਈ ਅਗਵਾਨ ਹੋਰੀਂ, ਮਹਾਨ ਸ਼ਹੀਦ ਸਤਵੰਤ ਸਿੰਘ ਜੀ ਹੋਰਾਂ ਦੇ ਵਾਰਿਸ ਹਨ ਅਤੇ ਉਹਨਾਂ ਦਾ ਜ਼ਿਲਾ ਗੁਰਦਾਸਪੁਰ ਵਿੱਚ ਬਹੁਤ ਮਾਣ ਸਤਿਕਾਰ ਹੈ। ਉਹਨਾਂ ਨਾਲ ਜ਼ਿਲਾ ਗੁਰਦਾਸਪੁਰ ਵਿੱਚ ਅਕਾਲੀ ਦਲ ਵਾਰਿਸ ਪਾਰਟੀ ਦੇ ਬਹੁਤ ਮਜਬੂਤ ਹੋਈ ਹੈ। ਪਾਰਟੀ ਦਾ ਸਿੱਧਾ ਅਤੇ ਪੰਜਾਬ ਵਿੱਚ ਅਧਾਰ ਹੋਰ ਮਜਬੂਤ ਹੋਇਆ। ਇਸ ਮੌਕੇ ਕੈਪਟਨ ਹਰਪਾਲ ਸਿੰਘ ਚੌਧਰਪੁਰ, ਸਤਿੰਦਰਪਾਲ ਸਿੰਘ ਕੰਗ ਗਾਦੜੀਆਂ, ਅਵਤਾਰ ਸਿੰਘ ਜਫਰਵਾਲ, ਦਿਲਬਾਗ ਸਿੰਘ ਕੋਹਾਲੀ, ਦਲਬੀਰ ਸਿੰਘ ਫਤਿਹ ਨੰਗਲ,ਹਰਮੀਤ ਸਿੰਘ ਯੂਥ ਆਗੂ ,ਗੁਰਦੀਪਕ ਸਿੰਘ ਯੂਥ ਆਗੂ, ਆਦਿ ਮੌਜੂਦ ਸਨ। ਸਾਰਿਆਂ ਨੇ ਭਾਈ ਅਗਵਾਨ ਨੂੰ ਸਿਰੋਪਾਓ ਦੇ ਕੇ ਮਾਣ ਸਤਿਕਾਰ ਦਿੱਤਾ।

ਟਕਾਰਲਾ ਬੈਡਮਿੰਟਨ ਇੰਡੋਰ ਸਟੇਡੀਅਮ 'ਚ ਬੱਚਿਆਂ ਲਈ ਕੋਚ ਨਿਯੁਕਤ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਪਰਾਲਾ

ਬਲਾਚੌਰ, 6 ਅਕਤੂਬਰ (ਤਜਿੰਦਰ ਜੋਤ

ਸੰਦੀਪ ਹਨੀ ਟੌਂਸਾ ਵੱਲੋਂ ਬਲਾਚੌਰ ਚ ਅਕਾਲੀ ਦਲ ਦੀ ਘਰ-ਘਰ ਸੰਪਰਕ ਮੁਹਿੰਮ ਦਾ ਆਗਾਜ਼; ਮੌਜੂਦਾ ਸਰਕਾਰ 'ਤੇ ਚੁੱਕੇ ਸਵਾਲ

ਬਲਾਚੌਰ, 6 ਅਕਤੂਬਰ (ਤਜਿੰਦਰ ਜੋਤ, ਜਸਵਿੰਦਰ ਕੌਰ) ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰੇ ਪੰਜਾਬ ਵਿੱਚ ਚਲਾਈ ਜਾ ਰਹੀ ਸੂਬਾ ਪੱਧਰੀ 'ਘਰ-ਘਰ ਸੰਪਰਕ ਮੁਹਿੰਮ' ਤਹਿਤ ਅੱਜ ਹਲਕਾ ਬਲਾਚੌਰ ਵਿੱਚ ਭਾਰੀ ਉਤਸ਼ਾਹ ਅਤੇ ਸਿਆਸੀ ਗਰਮਜੋਸ਼ੀ ਦੇਖਣ ਨੂੰ ਮਿਲੀ। ਹਲਕਾ ਇੰਚਾਰਜ ਸੰਦੀਪ ਹਨੀ ਟੌਂਸਾ ਦੀ ਅਗਵਾਈ ਹੇਠ ਇਸ ਵਿਸ਼ੇਸ਼ ਅਭਿਆਨ ਦੀ ਸ਼ੁਰੂਆਤ ਇਤਿਹਾਸਕ ਪਿੰਡ ਸਹੂੰਗੜਾ ਤੋਂ ਰਸਮੀ ਤੌਰ ਤੇ ਕੀਤੀ ਗਈ। ਇਸ ਦੌਰਾਨ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਘਰ-ਘਰ ਜਾ ਕੇ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ, ਉਨ੍ਹਾਂ ਦੇ ਦੁੱਖ-ਦਰਦ ਸੁਣੇ ਅਤੇ ਇਲਾਕੇ ਦੇ ਵਿਕਾਸ ਨਾਲ ਸੰਬੰਧਿਤ ਅਹਿਮ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਪਿੰਡ ਵਾਸੀਆਂ ਅਤੇ ਪਾਰਟੀ ਵਰਕਰਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੰਦੀਪ ਹਨੀ ਟੌਂਸਾ ਨੇ ਸਪਸ਼ਟ ਕੀਤਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਸਿਰਫ਼ ਰਾਜਨੀਤਿਕ ਪ੍ਰਚਾਰ ਕਰਨਾ ਨਹੀਂ, ਸਗੋਂ ਜ਼ਮੀਨੀ ਪੱਧਰ ਤੇ ਆਮ ਲੋਕਾਂ ਦੀਆਂ ਅਸਲ ਸਮੱਸਿਆਵਾਂ ਨੂੰ ਸਮਝਣਾ ਹੈ। ਉਨ੍ਹਾਂ ਐਲਾਨ ਕੀਤਾ ਕਿ ਹਲਕਾ ਬਲਾਚੌਰ ਦੇ ਪਿੰਡਾਂ ਅਤੇ ਸ਼ਹਿਰਾਂ ਤੋਂ ਪ੍ਰਾਪਤ ਹੋਏ ਸੁਝਾਵਾਂ ਤੇ ਸ਼ਿਕਾਇਤਾਂ ਨੂੰ ਪਾਰਟੀ ਹਾਈਕਮਾਂਡ ਅੱਗੇ ਰੱਖਿਆ ਜਾਵੇਗਾ, ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਤਿਆਰ ਕੀਤੇ ਜਾਣ ਵਾਲੇ ਚੋਣ ਮਨੋਰਥ ਪੱਤਰ ਵਿੱਚ ਇਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਸ਼ਾਮਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਮੈਨੀਫੈਸਟੋ ਕਿਸੇ ਬੰਦ ਕਮਰੇ ਵਿੱਚ ਨਹੀਂ, ਬਲਕਿ ਪੰਜਾਬ ਦੀ ਜਨਤਾ ਦੇ ਸੁਝਾਵਾਂ ਨਾਲ ਤਿਆਰ ਹੋਵੇਗਾ। ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਹਨੀ ਟੌਂਸਾ ਨੇ ਕਿਹਾ ਕਿ ਅੱਜ ਪੂਰੇ ਪੰਜਾਬ ਵਿੱਚ ਡਰ, ਭੈਅ ਅਤੇ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀ ਜਾਨ-ਮਾਲ ਦੀ ਸੁਰੱਖਿਆ ਕਰਨਾ ਹਰ ਚੁਣੀ ਹੋਈ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੁੰਦੀ ਹੈ, ਜਿਸ ਵਿੱਚ ਮੌਜੂਦਾ ਸ਼ਾਸਨ ਪੂਰੀ ਤਰ੍ਹਾਂ ਅਸਫਲ ਸਿੱਧ ਹੋਇਆ ਹੈ। ਦਿਨ-ਦਿਹਾੜੇ ਵਾਪਰ ਰਹੀਆਂ ਅਪਰਾਧਿਕ ਘਟਨਾਵਾਂ, ਵਧ ਰਹੇ ਨਸ਼ੇ ਅਤੇ ਖ਼ਰਾਬ ਅਮਨ-ਕਾਨੂੰਨ ਦੀ ਸਥਿਤੀ ਨੇ ਲੋਕਾਂ ਦਾ ਜੀਣਾ ਦੁੱਭਰ ਕਰ ਦਿੱਤਾ ਹੈ। ਉਨ੍ਹਾਂ ਦੋਹਰਾਇਆ ਕਿ ਅਕਾਲੀ ਦਲ ਨਸ਼ਿਆਂ ਅਤੇ ਅਪਰਾਧ ਵਿਰੁੱਧ 'ਜ਼ੀਰੋ-ਟਾਲਰੈਂਸ' ਨੀਤੀ ਨਾਲ ਕੰਮ ਕਰਨ ਲਈ ਵਚਨਬੱਧ ਹੈ।ਹਨੀ ਟੌਂਸਾ ਨੇ ਪੂਰੇ ਵਿਸ਼ਵਾਸ ਨਾਲ ਕਿਹਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਦੀ ਸਰਕਾਰ ਬਣਨਾ ਤੈਅ ਹੈ। ਸਰਕਾਰ ਬਣਦਿਆਂ ਹੀ: ਪੰਜਾਬ ਵਿੱਚ ਅਮਨ-ਸ਼ਾਂਤੀ, ਭਾਈਚਾਰਕ ਸਾਂਝ ਅਤੇ ਸੁਰੱਖਿਆ ਦਾ ਮਾਹੌਲ ਮੁੜ ਕਾਇਮ ਕੀਤਾ ਜਾਵੇਗਾ।ਹਲਕਾ ਬਲਾਚੌਰ ਵਿੱਚ ਸੜਕਾਂ ਦੀ ਮੁਰੰਮਤ, ਪੀਣ ਵਾਲੇ ਸਾਫ਼ ਪਾਣੀ, ਬਿਹਤਰ ਸਿਹਤ ਸਹੂਲਤਾਂ ਅਤੇ ਮਿਆਰੀ ਸਿੱਖਿਆ ਲਈ ਵਿਸ਼ੇਸ਼ ਵਿਕਾਸ ਪੈਕੇਜ ਲਿਆਂਦਾ ਜਾਵੇਗਾ। ਬੁਨਿਆਦੀ ਸਹੂਲਤਾਂ ਦੀ ਘਾਟ ਨੂੰ ਦੂਰ ਕਰਕੇ ਪ੍ਰਸ਼ਾਸਨਿਕ ਕੰਮਾਂ ਵਿੱਚ ਪੂਰੀ ਪਾਰਦਰਸ਼ਤਾ ਲਿਆਂਦੀ ਜਾਵੇਗੀ।ਅੰਤ ਵਿੱਚ ਸੰਦੀਪ ਹਨੀ ਟੌਂਸਾ ਨੇ ਹਲਕਾ ਬਲਾਚੌਰ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸੰਪਰਕ ਮੁਹਿੰਮ ਦੌਰਾਨ ਅੱਗੇ ਆ ਕੇ ਆਪਣੇ ਮਸਲੇ ਅਤੇ ਸੁਝਾਅ ਬਿਨਾਂ ਕਿਸੇ ਝਿਜਕ ਤੋਂ ਸਾਂਝੇ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਪੰਜਾਬ ਨੂੰ ਮੁੜ ਖੁਸ਼ਹਾਲ, ਸੁਰੱਖਿਅਤ ਅਤੇ ਪ੍ਰਗਤੀਸ਼ੀਲ ਬਣਾਇਆ ਜਾ ਸਕਦਾ ਹੈ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਸਥਾਨਕ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਈ ਇਕੱਤਰਤਾ

ਅੰਮ੍ਰਿਤਸਰ, 6 ਅਕਤੂਬਰ (ਮੋਹਕਮ ਸਿੰਘ) ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਕੀਤੇ ਜਾਣ ਵਾਲੇ ਸਮਾਗਮਾਂ ਸਬੰਧੀ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਜ਼ਿਲ੍ਹਾ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨਾਲ ਇਕੱਤਰਤਾ ਕੀਤੀ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸ. ਦਲਵਿੰਦਰਜੀਤ ਸਿੰਘ, ਨਗਰ ਨਿਗਮ ਦੇ ਕਮਿਸ਼ਨਰ ਸ. ਬਿਕਰਮਜੀਤ ਸਿੰਘ ਸ਼ੇਰਗਿੱਲ, ਐਸਡੀਐਮ ਸ. ਗੁਰਮੰਦਰ ਸਿੰਘ, ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਸ. ਜੈਇੰਦਰ ਸਿੰਘ, ਡੀਸੀਪੀ ਸ. ਰਵਿੰਦਰਪਾਲ ਸਿੰਘ, ਏਡੀਸੀਪੀ ਬੀਬੀ ਅਮਨਦੀਪ ਕੌਰ ਸਮੇਤ ਹੋਰ ਅਧਿਕਾਰੀ ਸ਼ਾਮਲ ਸਨ। ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤਿਆਂ ਅਤੇ ਗੁਰੂ ਨਗਰੀ ਵਿਚ ਸਾਫ਼ ਸਫ਼ਾਈ, ਟ੍ਰੈਫ਼ਿਕ ਸਮੇਤ ਹੋਰ ਅਹਿਮ ਮਸਲਿਆਂ ਨੂੰ ਵਿਚਾਰਿਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸ਼ਹਿਰ ਦੇ ਬਾਨੀ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ 27 ਅਕਤੂਬਰ 2026 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ। ਇਸ ਤੋਂ ਪਹਿਲਾਂ ਹਰ ਸਾਲ ਵਾਂਗ 26 ਅਕਤੂਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਆਯੋਜਤ ਕੀਤਾ ਜਾਵੇਗਾ, ਜੋ ਅੰਮ੍ਰਿਤਸਰ ਦੇ ਪੁਰਾਤਨ ਦਰਵਾਜ਼ਿਆਂ ਤੋਂ ਹੁੰਦਾ ਹੋਇਆ ਵਾਪਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੰਨ ਹੋਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਵਸਾਈ ਇਸ ਇਤਿਹਾਸਕ ਨਗਰੀ ਨੂੰ ਸਾਫ਼ ਸੁਥਰਾ ਰੱਖਣਾ ਸਾਡੀ ਸਭ ਦੀ ਜ਼ੁੰਮੇਵਾਰੀ ਹੈ। ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਲਈ ਹਰ ਸਾਲ ਪ੍ਰਸ਼ਾਸਨ ਵੱਲੋਂ ਵੱਡਾ ਸਹਿਯੋਗ ਪ੍ਰਾਪਤ ਹੁੰਦਾ ਹੈ ਅਤੇ ਇਸ ਵਾਰ ਵੀ ਸਾਂਝੇ ਤੌਰ 'ਤੇ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸ. ਦਲਵਿੰਦਰਜੀਤ ਸਿੰਘ ਤੇ ਨਗਰ ਨਿਗਮ ਦੇ ਕਮਿਸ਼ਨਰ ਸ. ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਆਪਣੇ ਜ਼ੁੰਮੇ ਲੱਗੀ ਹਰ ਸੇਵਾ ਤਨਦੇਹੀ ਨਾਲ ਨਿਭਾਈ ਜਾਵੇਗੀ ਅਤੇ ਸ਼੍ਰੋਮਣੀ ਕਮੇਟੀ ਨੂੰ ਹਰ ਪੱਧਰ 'ਤੇ ਸਹਿਯੋਗ ਕੀਤਾ ਜਾਵੇਗਾ। ਇਸ ਮੌਕੇ ਮੈਨੇਜਰ ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਗੁਰਵਿੰਦਰ ਸਿੰਘ ਭੋਮਾਂ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਨਰਾਇਣ ਸੇਵਾ ਸੰਸਥਾਨ ਵੱਲੋਂ ਅਪਾਹਜਾਂ ਦੇ ਲਈ ਨਕਲੀ ਅੰਗਾਂ ਲਈ ਫਰੀ ਕੈਂਪ

ਅੰਮ੍ਰਿਤਸਰ 6 ਅਕਤੂਬਰ (ਰਾਜੇਸ਼ ਡੈਨੀ) ਨਾਰਾਇਣ ਸੇਵਾ ਸੰਸਥਾਨ, ਉਦੈਪੁਰ, ਰਾਜਸਥਾਨ ਨੇ ਅੰਮ੍ਰਿਤਸਰ ਦੇ ਮਹਾਰਾਜਾ ਰਿਜ਼ੋਰਟ ਵਿਖੇ ਅਪਾਹਜਾਂ ਲਈ ਮੁਫ਼ਤ ਨਕਲੀ ਅੰਗਾਂ ਲਈ ਕੈਂਪ ਲਗਾਇਆ। ਇਸ ਕੈਂਪ ਦਾ ਲਾਭ ਬਹੁਤ ਸਾਰੇ ਅਪਾਹਜਾਂ ਨੇ ਉਠਾਇਆ। ਇਸ ਮੌਕੇ ਤੇ ਸ਼੍ਰੀ ਸਨਾਤਨ ਧਰਮ ਪ੍ਰਚਾਰ ਸੰਘ ਦੇ ਰਾਸ਼ਟਰੀ ਪ੍ਰਧਾਨ ਰਾਜ ਕੁਮਾਰ ਸ਼ਰਮਾ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਸੰਸਥਾ ਦੇ ਸੰਸਥਾਪਕ ਕੈਲਾਸ਼ ਮਾਨਵ, ਪ੍ਰਸ਼ਾਂਤ ਅਗਰਵਾਲ, ਦੇਵੇਂਦਰ ਚੌਬੀਸਾ, ਅਰੁਣ ਜੈਨ ਅਤੇ ਉਨ੍ਹਾਂ ਦੀ ਟੀਮ ਵੱਲੋਂ ਰਾਜਕੁਮਾਰ ਸ਼ਰਮਾ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸੰਸਥਾ ਵੱਲੋਂ ਵਿਸ਼ੇਸ਼ ਸਰਟੀਫਿਕੇਟ ਵੀ ਦਿੱਤਾ ਗਿਆ। ਇਸ ਮੌਕੇ ਤੇ ਰਾਜਕੁਮਾਰ ਸ਼ਰਮਾ ਨੇ ਪੂਰੀ ਟੀਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਪਰਮਾਤਮਾ ਦੀ ਸੇਵਾ ਹੈ। ਇਸ ਤੋਂ ਵੱਡੀ ਕੋਈ ਸੇਵਾ ਨਹੀਂ ਹੈ। ਇੱਕ ਅਪਾਹਜ ਵਿਅਕਤੀ ਨੂੰ ਅੰਗ ਲਗਾ ਕੇ ਤੁਰਨਾ ਉਨ੍ਹਾਂ ਦੇ ਜੀਵਨ ਵਿੱਚ ਰੌਸ਼ਨੀ ਲਿਆਉਣ ਤੋਂ ਘੱਟ ਨਹੀਂ ਹੈ। ਇਸ ਮੌਕੇ ਅਰੁਣ ਜੈਨ, ਸੰਜੀਵ ਕੁਮਾਰ, ਕੌਸ਼ਲ ਪਾਲੀਵਾਲ, ਰਾਜੇਂਦਰ ਸਿੰਘ ਪਵਾਰ, ਮੁਕੇਸ਼ ਸ਼ਰਮਾ, ਰਾਜੀਵ ਸ਼ਰਮਾ ਵੀ ਮੌਜੂਦ ਸਨ।

ਬੱਚਿਆਂ ਨੂੰ ਬਿਹਤਰ ਪੌਸ਼ਟਿਕ ਸਹੂਲਤਾਂ ਪ੍ਰਦਾਨ ਕਰਨਾ ਪੰਜਾਬ ਰਾਜ ਖੁਰਾਕ ਕਮਿਸ਼ਨ ਦੀ ਤਰਜੀਹ: ਵਿਜੇ ਦੱਤ

ਅੰਮ੍ਰਿਤਸਰ, 6 ਅਕਤੂਬਰ (ਰਾਜੇਸ਼ ਡੈਨੀ) ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਅਤੇ ਚੇਅਰਮੈਨ (ਵਧੀਕ) ਸ੍ਰੀ ਵਿਜੇ ਦੱਤ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰ ਦਾ ਦੌਰਾ ਕਰਕੇ ਬੱਚਿਆਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਪੌਸ਼ਟਿਕ ਖੁਰਾਕ ਅਤੇ ਬੁਨਿਆਦੀ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਰਾਜਾਸਾਂਸੀ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ (ਲੜਕੀਆਂ), ਰਾਜਾਸਾਂਸੀ ਅਤੇ ਏਅਰਪੋਰਟ ਰੋਡ ਸਥਿਤ ਸਰਕਾਰੀ ਐਲੀਮੈਂਟਰੀ ਸਕੂਲ ਦਾ ਦੌਰਾ ਕੀਤਾ। ਉਨ੍ਹਾਂ ਨੇ ਪੀ.ਐਮ. ਪੋਸ਼ਣ ਸਕੀਮ ਤਹਿਤ ਬੱਚਿਆਂ ਨੂੰ ਮਿਲ ਰਹੇ ਭੋਜਨ ਦੀ ਗੁਣਵੱਤਾ, ਅਨਾਜ ਦੀ ਉਪਲਬਧਤਾ, ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਸਹੂਲਤਾਂ ਬਾਰੇ ਫੀਡਬੈਕ ਵੀ ਲਿਆ ਅਤੇ ਬੱਚਿਆਂ ਨਾਲ ਬੈਠ ਕੇ ਭੋਜਨ ਕੀਤਾ। ਬੱਚਿਆਂ ਨੂੰ ਪੌਸ਼ਟਿਕ ਅਤੇ ਗੁਣਵੱਤਾ ਭਰਪੂਰ ਭੋਜਨ, ਬਿਹਤਰ ਸਹੂਲਤਾਂ ਅਤੇ ਸੁਰੱਖਿਅਤ ਮਾਹੌਲ ਪ੍ਰਦਾਨ ਕਰਨਾ ਕਮਿਸ਼ਨ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਬੱਚਿਆਂ ਤੱਕ ਸੁਚਾਰੂ ਢੰਗ ਨਾਲ ਪਹੁੰਚਾਉਣ ਅਤੇ ਸਹੂਲਤਾਂ ਵਿੱਚ ਲਗਾਤਾਰ ਸੁਧਾਰ ਲਈ ਲੋੜੀਂਦੇ ਕਦਮ ਚੁੱਕਣ ਲਈ ਕਿਹਾ। ਉਨ੍ਹਾਂ ਵੱਲੋਂ ਆਂਗਣਵਾੜੀ ਕੇਂਦਰ ਨੰਬਰ 120 ਦਾ ਵੀ ਦੌਰਾ ਕੀਤਾ ਗਿਆ ਅਤੇ ਬੱਚਿਆਂ ਲਈ ਉਪਲਬਧ ਪੌਸ਼ਟਿਕ ਖੁਰਾਕ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਬੱਚਿਆਂ ਦੇ ਸਿਹਤਮੰਦ ਵਿਕਾਸ ਲਈ ਆਂਗਣਵਾੜੀ ਕੇਂਦਰਾਂ ਦੀਆਂ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨਾ ਮਹੱਤਵਪੂਰਨ ਹੈ। ਉਨ੍ਹਾਂ ਨੇ ਸਕੂਲਾਂ ਵਿੱਚ ਪੰਜਾਬ ਰਾਜ ਖੁਰਾਕ ਕਮਿਸ਼ਨ ਦੀ ਹੈਲਪਲਾਈਨ 9876764545 ਨੂੰ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕਰਨ ਦੀ ਹਦਾਇਤ ਵੀ ਕੀਤੀ, ਤਾਂ ਜੋ ਲੋਕ ਆਪਣੇ ਸੁਝਾਅ ਸਿੱਧੇ ਕਮਿਸ਼ਨ ਤੱਕ ਪਹੁੰਚਾ ਸਕਣ। ਕਮਿਸ਼ਨ ਵੱਲੋਂ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਸਰਕਾਰੀ ਸਕੀਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਬੱਚਿਆਂ ਨੂੰ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਸਿੰਘ ਸਾਹਿਬਾਨ ਦੀ ਇਕੱਤਰਤਾ ਸੱਦੀ

ਸੀਐੱਮਓ ਭ੍ਰਿਸ਼ਟਾਚਾਰੀਆਂ ਦਾ ਅੱਡਾ, ਭਗਵੰਤ ਮਾਨ ਭ੍ਰਿਸ਼ਟਾਚਾਰੀ ਟੋਲੇ ਨੂੰ ਬਚਾ ਰਹੇ ਹਨ : ਸੰਨੀ ਕੈਂਥ

ਲੁਧਿਆਣਾ, 6 ਅਕਤੂਬਰ (ਸੂਰਜ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਸ ਗਗਨਦੀਪ ਸਿੰਘ ਸੰਨੀ ਕੈਂਥ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ (ਸੀਐੱਮਓ) ਨੂੰ ਭ੍ਰਿਸ਼ਟਾਚਾਰੀਆਂ ਦਾ ਅੱਡਾ ਦੱਸਦਿਆਂ ਕਿਹਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭ੍ਰਿਸ਼ਟਾਚਾਰੀਆਂ ਨੂੰ ਬਚਾ ਰਹੇ ਹਨ। ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਮੁੱਖ ਮੰਤਰੀ ਪੰਜਾਬ ਦੇ ਓਐੱਸਡੀ ਰਾਜਵੀਰ ਘੁੰਮਣ ਅਤੇ ਮੁੱਖ ਮੰਤਰੀ ਦਫ਼ਤਰ ਨਾਲ ਸਬੰਧਤ ਭ੍ਰਿਸ਼ਟਾਚਾਰ ਦੇ ਮਾਮਲੇ ਦੀ ਜਾਂਚ ਸੀਬੀਆਈ ਹਵਾਲੇ ਕਰਨ ਦੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਣਾ ਇਸ ਦਾ ਸਾਬਤ ਸਬੂਤ ਹੈ। ਸੰਨੀ ਕੈਂਥ ਨੇ ਹਾਈਕੋਰਟ ਵਲੋਂ ਜਾਂਚ ਸੀਬੀਆਈ ਹਵਾਲੇ ਕਰਨ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਸ ਫੈਸਲੇ ਨਾਲ ਸਰਕਾਰ ਦੇ 'ਕੱਟੜ ਇਮਾਨਦਾਰ' ਹੋਣ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਹੋਏ ਹਨ। ਪੰਜਾਬ ਸਰਕਾਰ ਦੇ ਜੋ ਸੂਬੇ ਭਰ ਵਿੱਚ ਇਮਾਨਦਾਰ ਸੀਐੱਮ ਦੇ ਬੋਰਡ ਲਗਾਏ ਹਨ, ਉਨ੍ਹਾਂ ਨੂੰ ਬੇਈਮਾਨ ਸੀਐੱਮ ਦੇ ਬੋਰਡਾਂ ਨਾਲ ਬਦਲ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਈਡੀ ਵੱਲੋਂ ਪੰਜਾਬ ਦੇ ਡੀਜੀਪੀ ਨੂੰ ਤਿੰਨ ਵਾਰ ਪੱਤਰ ਭੇਜੇ ਜਾਣ ਦੇ ਬਾਵਜੂਦ ਪੰਜਾਬ ਪੁਲਿਸ ਵੱਲੋਂ ਐੱਫਆਈਆਰ ਦਰਜ ਨਹੀਂ ਕੀਤੀ ਗਈ। ਜੇਕਰ ਪੰਜਾਬ ਸਰਕਾਰ ਸੱਚੀ ਸੀ ਤਾਂ ਇਸ ਜਾਂਚ ਨੂੰ ਹਾਈਕੋਰਟ ਦੀ ਨਿਗਰਾਨੀ ਹੇਠ ਕਰਵਾ ਲੈਂਦੀ, ਪੰਜਾਬ ਸਰਕਾਰ ਨੇ ਅਜਿਹਾ ਨਹੀਂ ਕੀਤਾ ਕਿਉਂ ਕਿ ਦਾਲ ਵਿੱਚ ਕੁਝ ਕਾਲਾ ਹੈ। ਜੇ ਸਰਕਾਰ ਆਪਣੇ ਆਪ ਨੂੰ ਇਮਾਨਦਾਰ ਮੰਨਦੀ ਹੈ ਤਾਂ ਜਾਂਚ ਤੋਂ ਕਿਉਂ ਬਚਦੀ ਰਹੀ? ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਤਤਕਾਲੀ ਮੰਤਰੀ ਵਿਜੇ ਸਿੰਗਲਾ, ਫੌਜਾ ਸਿੰਘ ਸਰਾਰੀ, ਸੰਜੀਵ ਅਰੋੜਾ ਅਤੇ ਵਿਧਾਇਕ ਅਮਿਤ ਰਤਨ ਕੋਟਫੱਤਾ ਤੇ ਜਸਵੰਤ ਸਿੰਘ ਗੱਜਣਮਾਜਰਾ ਭ੍ਰਿਸ਼ਟਾਚਾਰ ਜਾਂ ਮਨੀ ਲਾਂਡਰਿੰਗ ਦੇ ਮਾਮਲਿਆਂ ਵਿੱਚ ਫਸ ਚੁੱਕੇ ਹਨ, ਜਦਕਿ ਤਤਕਾਲੀ ਮੰਤਰੀ ਲਾਲਜੀਤ ਸਿੰਘ ਭੁੱਲਰ ਸਰਕਾਰੀ ਅਧਿਕਾਰੀ ਦੀ ਖੁਦਕੁਸ਼ੀ ਦੇ ਮਾਮਲੇ ਵਿੱਚ ਜੇਲ੍ਹ ਜਾ ਚੁੱਕੇ ਹਨ।

ਤਿੰਨ ਜਾਗਰੂਕਤਾ ਵੈਨਾਂ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਪਹੁੰਚਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਕਰ ਰਹੀਆਂ ਹਨ ਜਾਗਰੂਕ

ਲੁਧਿਆਣਾ, 6 ਅਕਤੂਬਰ (ਝੱਜ ਉਮੈਦਪੁਰ)- ਝੋਨੇ ਦੀ ਪਰਾਲੀ ਸਾੜਨ ਤੋਂ ਰੋਕਣ, ਕਿਸਾਨਾਂ ਨੂੰ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਵਿਗਿਆਨਕ ਢੰਗ ਨਾਲ ਫਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਲੁਧਿਆਣਾ ਵਿੱਚ ਵਿਆਪਕ ਸੂਚਨਾ, ਸਿੱਖਿਆ ਅਤੇ ਸੰਚਾਰ (ਆਈ.ਈ.ਸੀ) ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਕਿਸਾਨਾਂ ਨੂੰ ਪਰਾਲੀ ਦੇ ਟਿਕਾਊ ਪ੍ਰਬੰਧਨ ਅਤੇ ਖੇਤਾਂ ਵਿੱਚ ਹੀ ਇਸ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਹੁਣ ਤੱਕ ਜ਼ਿਲ੍ਹੇ ਵਿੱਚ 80 ਪਿੰਡ ਪੱਧਰੀ ਅਤੇ 2 ਬਲਾਕ ਪੱਧਰੀ ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਹਨ। ਇਸ ਤੋਂ ਇਲਾਵਾ 3 ਜਾਗਰੂਕਤਾ ਵੈਨਾਂ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਪਹੁੰਚ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਆਧੁਨਿਕ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਤਕਨੀਕਾਂ ਅਪਣਾਉਣ ਲਈ ਜਾਗਰੂਕ ਕਰ ਰਹੀਆਂ ਹਨ। ਅਨਾਜ ਮੰਡੀਆਂ ਵਿੱਚ ਕਿਸਾਨਾਂ ਦੀ ਹੋ ਰਹੀ ਵੱਧ ਤੋਂ ਵੱਧ ਸ਼ਮੂਲੀਅਤ ਦੌਰਾਨ ਪਰਾਲੀ ਸਾੜਨ ਤੋਂ ਰੋਕਣ ਅਤੇ ਕਿਸਾਨਾਂ ਨੂੰ ਇਸ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ 110 ਜਾਗਰੂਕਤਾ ਬੈਨਰ ਲਗਾਏ ਗਏ ਹਨ।

ਇਸੇ ਤਰ੍ਹਾਂ ਲਗਭਗ 10,000 ਪੈਂਫਲੇਟ ਵੰਡੇ ਜਾ ਚੁੱਕੇ ਹਨ ਅਤੇ 5,000 ਵਟਸਐਪ ਜਾਗਰੂਕਤਾ ਸੁਨੇਹਿਆਂ ਰਾਹੀਂ ਵੀ ਕਿਸਾਨਾਂ ਤੱਕ ਪਰਾਲੀ ਪ੍ਰਬੰਧਨ ਸਬੰਧੀ ਮਹੱਤਵਪੂਰਨ ਜਾਣਕਾਰੀ ਪਹੁੰਚਾਈ ਗਈ ਹੈ। ਲਗਭਗ 200 ਗੁਰਦੁਆਰਿਆਂ ਵਿੱਚ ਜਾਗਰੂਕਤਾ ਘੋਸ਼ਣਾਵਾਂ ਕਰਵਾਕੇ ਲੋਕਾਂ ਨੂੰ ਪਰਾਲੀ ਸਾੜਨ ਦੀ ਪ੍ਰਥਾ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦੇ ਨਤੀਜੇ ਵਜੋਂ ਕਿਸਾਨ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ) ਮਸ਼ੀਨਰੀ ਨੂੰ ਅਪਣਾਉਣ ਵੱਲ ਵੀ ਉਤਸ਼ਾਹਿਤ ਹੋ ਰਹੇ ਹਨ। ਇਸ ਸਾਲ ਕਿਸਾਨਾਂ ਵੱਲੋਂ ਸਬਸਿਡੀ ਅਧੀਨ 1,350 ਸੀ.ਆਰ.ਐਮ ਮਸ਼ੀਨਾਂ ਖਰੀਦੀਆਂ ਗਈਆਂ ਹਨ, ਜਿਸ 'ਤੇ ਲਗਭਗ 20 ਕਰੋੜ ਰੁਪਏ ਦੀ ਸਬਸਿਡੀ ਦਿੱਤੀ ਗਈ ਹੈ। ਇਹ ਮਸ਼ੀਨਰੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਅਤੇ ਇਸ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਇਸੇ ਲੜੀ ਨੂੰ ਹੋਰ ਮਜ਼ਬੂਤ ਕਰਦਿਆਂ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਟਿਕਾਊ ਅਤੇ ਵਾਤਾਵਰਣ ਪੱਖੀ ਵਿਕਲਪ ਅਪਣਾਉਣ ਲਈ ਪ੍ਰੇਰਿਤ ਕਰਨ ਵਾਸਤੇ 9 ਅਕਤੂਬਰ ਨੂੰ ਰਾਏਕੋਟ ਵਿਖੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਮੁਹਿੰਮ ਕਰਵਾਈ ਜਾ ਰਹੀ ਹੈ। ਇਸ ਦੌਰਾਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਵਿਗਿਆਨਕ ਤਕਨੀਕਾਂ, ਉਪਲਬਧ ਮਸ਼ੀਨਰੀ ਅਤੇ ਇਸ ਦੇ ਪ੍ਰਭਾਵਸ਼ਾਲੀ ਉਪਯੋਗ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

ਸੜਾ ਇੱਕ ਦੀਆਂ ਬਾਕੀ...

ਰਾਸ਼ਟਰਪਤੀ ਮੁਰਮੂ .....

ਜਾਰੀ ਨਹੀਂ ਕੀਤੇ ਗਏ ਹਨ, ਪਰ ਦੋਵਾਂ ਵੱਲੋਂ ਵੱਖ-ਵੱਖ ਮਾਮਲਿਆਂ 'ਤੇ ਵਿਚਾਰ ਸਾਂਝੇ ਕਰਨ ਦੀ ਜਾਣਕਾਰੀ ਸਾਹਮਣੇ ਆਈ ਹੈ। ਰਾਸ਼ਟਰਪਤੀ ਦੇ ਦੌਰੇ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਖ਼ਾਸ ਤੌਰ 'ਤੇ ਰਾਸ਼ਟਰਪਤੀ ਦੇ ਕਾਫ਼ਲੇ ਦੀ ਆਵਾਜਾਈ ਵਾਲੇ ਰਸਤਿਆਂ 'ਤੇ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਨੂੰ ਲੈ ਕੇ ਤਿਆਰੀਆਂ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਰਾਸ਼ਟਰਪਤੀ ਦੇ ਹਿਮਾਚਲ ਦੌਰੇ ਦੌਰਾਨ 7 ਅਕਤੂਬਰ ਨੂੰ ਅਟਲ ਟਨਲ ਦਾ ਦੌਰਾ ਕਰਨ ਦਾ ਵੀ ਪ੍ਰੋਗਰਾਮ ਹੈ। ਰਾਸ਼ਟਰਪਤੀ ਦੀ ਇਹ ਯਾਤਰਾ 6 ਤੋਂ 8 ਅਕਤੂਬਰ ਤੱਕ ਨਿਰਧਾਰਤ ਹੈ। ਚੰਡੀਗੜ੍ਹ ਵਿੱਚ ਰਾਸ਼ਟਰਪਤੀ ਮੁਰਮੂ ਦਾ ਸਵਾਗਤ ਅਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਉਨ੍ਹਾਂ ਦੀ ਮੁਲਾਕਾਤ ਕੇਂਦਰ ਅਤੇ ਪੰਜਾਬ ਸਰਕਾਰ ਵਿਚਕਾਰ ਸੰਵਿਧਾਨਕ ਪੱਧਰ 'ਤੇ ਸੰਪਰਕ ਦਾ ਇੱਕ ਅਹਿਮ ਮੌਕਾ ਰਹੀ। ਰਾਸ਼ਟਰਪਤੀ ਦੇ ਸਵਾਗਤ ਸਮੇਂ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਰਵਾਇਤੀ ਮਹਿਮਾਨ-ਨਿਵਾਜ਼ੀ ਅਤੇ ਸਤਿਕਾਰ ਦੀ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ।

ਸੀਈਸੀ ਗਿਆਨੇਸ਼ ਕੁਮਾਰ .....

ਮੈਂਬਰ ਅਭਿਸ਼ੇਕ ਬੈਨਰਜੀ ਅਤੇ ਡੈਰੇਕ ਓ'ਬ੍ਰਾਇਨ ਸਮੇਤ ਕਈ ਆਗੂ ਹਿਰਾਸਤ ਵਿੱਚ ਲਏ ਗਏ। ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵੀ ਪੁਲਿਸ ਨਾਲ ਟਕਰਾਅ ਵਾਲੀ ਸਥਿਤੀ ਵਿੱਚ ਨਜ਼ਰ ਆਏ। ਮਾਰਚ ਨੂੰ ਅੱਗੇ ਜਾਣ ਤੋਂ ਰੋਕੇ ਜਾਣ ਤੋਂ ਬਾਅਦ ਕੁਝ ਵਿਰੋਧੀ ਆਗੂਆਂ ਨੇ ਸੜਕ 'ਤੇ ਬੈਠ ਕੇ ਧਰਨਾ ਦਿੱਤਾ। ਬਾਅਦ ਵਿੱਚ ਰਾਹੁਲ ਗਾਂਧੀ ਅਤੇ ਹੋਰ ਆਗੂ ਆਕਾਸ਼ਵਾਣੀ ਭਵਨ ਦੇ ਅਹਾਤੇ ਵਿੱਚ ਦਾਖ਼ਲ ਹੋ ਗਏ ਅਤੇ ਉੱਥੇ ਵੀ ਚੋਣ ਕਮਿਸ਼ਨ ਦੇ ਦਫ਼ਤਰ ਤੱਕ ਜਾਣ ਦੀ ਮੰਗ ਕਰਦੇ ਰਹੇ। ਇਸ ਮੁੱਦੇ ਨੂੰ ਲੈ ਕੇ ਵਿਰੋਧੀ ਧਿਰ ਅਤੇ ਭਾਜਪਾ ਵਿਚਕਾਰ ਸਿਆਸੀ ਟਕਰਾਅ ਵੀ ਤੇਜ਼ ਹੋ ਗਿਆ ਹੈ। ਵਿਰੋਧੀ ਪਾਰਟੀਆਂ ਐਸਆਈਆਰ ਨੂੰ ਲੈ ਕੇ ਚੋਣ ਕਮਿਸ਼ਨ ਦੀ ਨਿਰਪੱਖਤਾ 'ਤੇ ਸਵਾਲ ਚੁੱਕ ਰਹੀਆਂ ਹਨ। ਦੂਜੇ ਪਾਸੇ, ਚੋਣ ਕਮਿਸ਼ਨ ਅਤੇ ਭਾਜਪਾ ਨੇ ਵਿਰੋਧੀ ਧਿਰ ਦੇ ਦੋਸ਼ਾਂ ਨੂੰ ਰੱਦ ਕੀਤਾ ਹੈ ਅਤੇ ਐਸਆਈਆਰ ਨੂੰ ਵੋਟਰ ਸੂਚੀਆਂ ਨੂੰ ਅਪਡੇਟ ਕਰਨ ਅਤੇ ਅਯੋਗ ਜਾਂ ਡੁਪਲੀਕੇਟ ਐਂਟਰੀਆਂ ਨੂੰ ਹਟਾਉਣ ਦੀ ਪ੍ਰਕਿਰਿਆ ਦੱਸਿਆ ਹੈ। ਅੱਜ ਦੇ ਪ੍ਰਦਰਸ਼ਨ ਤੋਂ ਪਹਿਲਾਂ 'ਇੰਡੀਆ' ਗਠਜੋੜ ਦੇ ਆਗੂਆਂ ਨੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨਾਲ ਮੁਲਾਕਾਤ ਕਰਕੇ ਐਸਆਈਆਰ ਅਤੇ ਵੋਟਰ ਸੂਚੀਆਂ ਨਾਲ ਜੁੜੀਆਂ ਆਪਣੀਆਂ ਚਿੰਤਾਵਾਂ ਉਠਾਉਣ ਦੀ ਵੀ ਯੋਜਨਾ ਬਣਾਈ ਸੀ। ਇਸ ਤੋਂ ਇਲਾਵਾ ਵਿਰੋਧੀ ਪਾਰਟੀਆਂ ਨੇ ਐਲਾਨ ਕੀਤਾ ਹੈ ਕਿ ਜੇ ਉਨ੍ਹਾਂ ਦੀਆਂ ਮੰਗਾਂ 'ਤੇ ਕਾਰਵਾਈ ਨਾ ਹੋਈ ਤਾਂ ਚੋਣ ਕਮਿਸ਼ਨ ਖ਼ਿਲਾਫ਼ ਉਨ੍ਹਾਂ ਦਾ ਅੰਦੋਲਨ ਜਾਰੀ ਰਹੇਗਾ। ਇਸ ਤਰ੍ਹਾਂ ਅੱਜ ਦਾ ਪ੍ਰਦਰਸ਼ਨ ਸਿਰਫ਼ ਇੱਕ ਮਾਰਚ ਤੱਕ ਸੀਮਤ ਨਹੀਂ ਰਿਹਾ, ਸਗੋਂ ਵੋਟਰ ਸੂਚੀਆਂ ਦੀ ਸ਼ੁੱਧਤਾ, ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਅਤੇ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਨੂੰ ਲੈ ਕੇ ਚੱਲ ਰਹੇ ਵੱਡੇ ਸਿਆਸੀ ਵਿਵਾਦ ਦਾ ਹਿੱਸਾ ਬਣ ਗਿਆ ਹੈ। 'ਇੰਡੀਆ' ਗਠਜੋੜ ਵੱਲੋਂ ਸੀਈਸੀ ਦੇ ਅਸਤੀਫ਼ੇ ਅਤੇ ਐਸਆਈਆਰ ਨੂੰ ਰੋਕਣ ਦੀ ਮੰਗ ਨੇ ਇਸ ਵਿਵਾਦ ਨੂੰ ਹੋਰ ਤੀਖਾ ਕਰ ਦਿੱਤਾ ਹੈ।

ਰਾਹੁਲ ਗਾਂਧੀ ਨੇ .....

ਨਾਲ ਵੋਟਰ ਸੂਚੀਆਂ ਅਤੇ ਕਥਿਤ "ਵੋਟ ਚੋਰੀ"ਨਾਲ ਜੁੜੇ ਸਵਾਲਾਂ 'ਤੇ ਗੱਲ ਕਰਨਾ ਚਾਹੁੰਦੇ ਹਨ। ਉਨ੍ਹਾਂ ਦੇ ਮੁਤਾਬਕ ਵਿਰੋਧੀ ਧਿਰ ਵੱਲੋਂ ਚੋਣ ਕਮਿਸ਼ਨ ਨਾਲ ਮੁਲਾਕਾਤ ਲਈ ਸਮਾਂ ਮੰਗਿਆ ਗਿਆ ਸੀ, ਪਰ ਉਨ੍ਹਾਂ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਤੋਂ ਪਹਿਲਾਂ ਰਾਹੁਲ ਗਾਂਧੀ ਸਮੇਤ ਕਈ 'ਇੰਡੀਆ' ਗਠਜੋੜ ਦੇ ਸੰਸਦ ਮੈਂਬਰਾਂ ਨੇ ਸੰਸਦ ਤੋਂ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਮਾਰਚ ਕੀਤਾ। ਪੁਲਿਸ ਨੇ ਨਵੀਂ ਦਿੱਲੀ ਦੇ ਨੀਤੀ ਆਯੋਗ ਨੇੜੇ ਬੈਰੀਕੇਡ ਲਗਾ ਕੇ ਮਾਰਚ ਨੂੰ ਰੋਕ ਦਿੱਤਾ। ਇਸ ਤੋਂ ਬਾਅਦ ਵਿਰੋਧੀ ਆਗੂਆਂ ਨੇ ਸੜਕ 'ਤੇ ਧਰਨਾ ਦਿੱਤਾ। ਰਾਹੁਲ ਗਾਂਧੀ ਬੈਰੀਕੇਡ 'ਤੇ ਚੜ੍ਹ ਗਏ ਅਤੇ ਤਿਰੰਗਾ ਲਹਿਰਾਉਂਦੇ ਹੋਏ ਨਜ਼ਰ ਆਏ। ਬਾਅਦ ਵਿੱਚ ਪੁਲਿਸ ਨੇ ਉਨ੍ਹਾਂ ਸਮੇਤ ਕਈ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲਿਆ। ਰਾਹੁਲ ਗਾਂਧੀ ਦੀ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਨੇ ਇਹ ਵੀ ਕਿਹਾ ਕਿ ਵਿਰੋਧੀ ਧਿਰ ਇਸ ਮੁੱਦੇ ਨੂੰ ਸਿਰਫ਼ ਸਿਆਸੀ ਲੜਾਈ ਵਜੋਂ ਨਹੀਂ ਦੇਖ ਰਹੀ, ਸਗੋਂ ਇਸਨੂੰ ਚੋਣ ਪ੍ਰਕਿਰਿਆ ਅਤੇ ਲੋਕਤੰਤਰ ਦੀ ਭਰੋਸੇਯੋਗਤਾ ਨਾਲ ਜੋੜ ਰਹੀ ਹੈ। 'ਇੰਡੀਆ' ਗਠਜੋੜ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਅਤੇ ਐਸਆਈਆਰ ਸਮੇਤ ਵੋਟਰ ਸੂਚੀ ਨਾਲ ਜੁੜੇ ਮੁੱਦਿਆਂ 'ਤੇ ਆਪਣਾ ਵਿਰੋਧ ਜਾਰੀ ਰੱਖਣ ਦੀ ਗੱਲ ਕਰ ਰਿਹਾ ਹੈ।

ਬੰਦੀ ਸਿੰਘਾਂ ਦੀ.....

ਸਿੰਘਾਂ ਨਾਲ ਸਬੰਧਤ ਸਾਰੇ ਪਹਿਲੂਆਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇਗੀ। ਸਰਕਾਰ ਵੱਲੋਂ ਮਾਮਲੇ ਨੂੰ ਅੱਗੇ ਵਧਾਉਣ ਲਈ ਕਾਨੂੰਨੀ ਰਾਹ ਤਲਾਸ਼ਣ ਦਾ ਭਰੋਸਾ ਦਿੱਤਾ ਗਿਆ ਹੈ। ਇਸ ਮੀਟਿੰਗ ਨੂੰ ਉਸ ਪਿਛੋਕੜ ਵਿੱਚ ਵੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ ਜਿਸ ਵਿੱਚ ਕੌਮੀ ਇਨਸਾਫ਼ ਮੋਰਚਾ ਲੰਬੇ ਸਮੇਂ ਤੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਕਰ ਰਿਹਾ ਹੈ। ਮੋਰਚੇ ਦੀਆਂ ਮੁੱਖ ਮੰਗਾਂ ਵਿੱਚ ਅਜਿਹੇ ਸਿੱਖ ਕੈਦੀਆਂ ਦੀ ਰਿਹਾਈ ਸ਼ਾਮਲ ਹੈ, ਜਿਨ੍ਹਾਂ ਬਾਰੇ ਮੋਰਚੇ ਦਾ ਦਾਅਵਾ ਹੈ ਕਿ ਉਹ ਆਪਣੀਆਂ ਸਜ਼ਾਵਾਂ ਦੀ ਮਿਆਦ ਪੂਰੀ ਕਰ ਚੁੱਕੇ ਹਨ। ਇਸੇ ਸੰਦਰਭ ਵਿੱਚ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦਾ ਮਾਮਲਾ ਵੀ ਲਗਾਤਾਰ ਚਰਚਾ ਵਿੱਚ ਰਿਹਾ ਹੈ। ਹਵਾਰਾ, ਜੋ ਸਾਬਕਾ ਪੰਜਾਬ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ, ਨੇ ਆਪਣੀ ਬਿਮਾਰ ਮਾਤਾ ਨੂੰ ਮਿਲਣ ਲਈ ਪੈਰੋਲ ਦੀ ਮੰਗ ਕੀਤੀ ਸੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਹਵਾਰਾ ਨੂੰ ਮਨੁੱਖੀ ਆਧਾਰ 'ਤੇ 10 ਦਿਨਾਂ ਦੀ ਪੈਰੋਲ ਦੇਣ ਦੀ ਸਿਫ਼ਾਰਸ਼ ਕਰ ਚੁੱਕੇ ਹਨ ਅਤੇ ਇਸ ਸਬੰਧੀ ਰਾਜਪਾਲ ਨਾਲ ਵੀ ਮੁਲਾਕਾਤ ਕਰ ਚੁੱਕੇ ਹਨ। ਇਸ ਤੋਂ ਪਹਿਲਾਂ ਅਗਸਤ ਵਿੱਚ ਕੌਮੀ ਇਨਸਾਫ਼ ਮੋਰਚੇ ਵੱਲੋਂ ਚੰਡੀਗੜ੍ਹ ਵੱਲ ਮਾਰਚ ਦੀ ਕੋਸ਼ਿਸ਼ ਦੌਰਾਨ ਪੰਜਾਬ-ਚੰਡੀਗੜ੍ਹ ਸਰਹੱਦ 'ਤੇ ਪੁਲਿਸ ਨਾਲ ਟਕਰਾਅ ਵੀ ਹੋਇਆ ਸੀ। ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਪਾਣੀ ਦੀਆਂ ਤੋਪਾਂ ਅਤੇ ਅੱਥਰੂ ਗੈਸ ਦੀ ਵਰਤੋਂ ਕੀਤੀ ਸੀ। ਇਸ ਘਟਨਾ ਤੋਂ ਬਾਅਦ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਮੁੜ ਸਿਆਸੀ ਅਤੇ ਸਮਾਜਿਕ ਚਰਚਾ ਦੇ ਕੇਂਦਰ ਵਿੱਚ ਆ ਗਿਆ ਸੀ। ਅੱਜ ਦੀ ਮੀਟਿੰਗ ਵਿੱਚ ਮੁੱਖ ਮੰਤਰੀ ਮਾਨ ਵੱਲੋਂ ਦਿੱਤਾ ਗਿਆ ਭਰੋਸਾ ਇਸ ਮਾਮਲੇ ਨੂੰ ਕਾਨੂੰਨੀ ਪ੍ਰਕਿਰਿਆ ਰਾਹੀਂ ਅੱਗੇ ਵਧਾਉਣ ਨਾਲ ਜੁੜਿਆ ਹੈ। ਹਾਲਾਂਕਿ ਬੰਦੀ ਸਿੰਘਾਂ ਦੀ ਅਸਲ ਰਿਹਾਈ ਲਈ ਹਰੇਕ ਕੇਸ ਦੀ ਕਾਨੂੰਨੀ ਸਥਿਤੀ, ਸਜ਼ਾ, ਅਧਿਕਾਰ ਖੇਤਰ ਅਤੇ ਸੰਬੰਧਿਤ ਸਰਕਾਰੀ ਅਥਾਰਟੀਆਂ ਦੀ ਮਨਜ਼ੂਰੀ ਵਰਗੇ ਵੱਖ-ਵੱਖ ਪੱਖ ਮਹੱਤਵਪੂਰਨ ਰਹਿਣਗੇ।

ਸੀਐਮ ਨਾਇਬ ਸਿੰਘ ....

ਦੱਸਣ ਨਹੀਂ ਆਏ ਹਨ, ਸਗੋਂ ਉਸ ਭਵਿੱਖ ਦਾ ਭਾਗੀਦਾਰ ਬਣਾਉਣ ਆਏ ਹਨ, ਜਿਸ ਵਿੱਚ ਹਰਿਆਣਾ ਉੱਤਰ ਭਾਰ

ਏਸ਼ੀਅਨ ਗੇਮਜ਼ 'ਚ ਭਾਰਤ ਦਾ ਸੋਨ ਤਮਗਾ ਜਿੱਤਣ 'ਚ ਜਲੰਧਰ ਦੇ ਸੁਖਜੀਤ ਸਿੰਘ ਦਾ ਅਹਿਮ ਯੋਗਦਾਨ

ਜਲੰਧਰ, 6 ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ): ਜਲੰਧਰ : ਏਸ਼ੀਅਨ ਗੇਮਜ਼ 2026 ਦੇ ਹਾਕੀ ਮੁਕਾਬਲੇ ਵਿੱਚ ਭਾਰਤੀ ਪੁਰਸ਼ ਹਾਕੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਾਈਨਲ ਮੁਕਾਬਲੇ ਵਿੱਚ ਮਲੇਸ਼ੀਆ ਨੂੰ 5-1 ਦੇ ਵੱਡੇ ਫਰਕ ਨਾਲ ਹਰਾ ਕੇ ਸੋਨ ਤਮਗਾ ਆਪਣੇ ਨਾਮ ਕਰ ਲਿਆ। ਇਸ ਜਿੱਤ ਦੇ ਨਾਲ ਭਾਰਤੀ ਟੀਮ ਨੇ 2028 ਵਿੱਚ ਲਾਸ ਏਂਜਲਸ ਵਿਖੇ ਹੋਣ ਵਾਲੀਆਂ ਓਲੰਪਿਕ ਖੇਡਾਂ ਲਈ ਵੀ ਕੁਆਲੀਫਾਈ ਕਰ ਲਿਆ ਹੈ। ਭਾਰਤੀ ਟੀਮ ਦੀ ਇਸ ਇਤਿਹਾਸਕ ਜਿੱਤ ਤੋਂ ਬਾਅਦ ਜਲੰਧਰ ਦੇ ਹਾਕੀ ਖਿਡਾਰੀ ਸੁਖਜੀਤ ਸਿੰਘ ਦਾ ਆਪਣੇ ਘਰ ਪਹੁੰਚਣ 'ਤੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਖੇਡ ਪ੍ਰੇਮੀਆਂ ਵੱਲੋਂ ਢੋਲ-ਨਗਾੜਿਆਂ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਖੁਸ਼ੀ ਵਿੱਚ ਜ਼ੋਰਦਾਰ ਆਤਿਸ਼ਬਾਜ਼ੀ ਵੀ ਕੀਤੀ ਗਈ। ਘਰ ਪਹੁੰਚਣ 'ਤੇ ਸੁਖਜੀਤ ਸਿੰਘ ਨੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ। ਇਸ ਤੋਂ ਬਾਅਦ ਉਹ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਵਾਹਿਗੁਰੂ ਦਾ ਸ਼ੁਕਰਾਨਾ ਕਰਨਗੇ। ਸੁਖਜੀਤ ਸਿੰਘ ਨੇ ਪਾਕਿਸਤਾਨ ਖ਼ ?ਲਾਫ਼ ਖੇਡੇ ਗਏ ਮੁਕਾਬਲੇ ਨੂੰ ਯਾਦ ਕਰਦਿਆਂ ਕਿਹਾ ਕਿ ਪਾਕਿਸਤਾਨ ਨਾਲ ਮੈਚ ਹਮੇਸ਼ਾ ਹੀ ਖਿਡਾਰੀਆਂ ਲਈ ਵੱਖਰੀ ਮਹੱਤਤਾ ਰੱਖਦਾ ਹੈ। ਉਨ੍ਹਾਂ ਕਿਹਾ ਕਿ ਇਸ ਟੂਰਨਾਮੈਂਟ ਦੌਰਾਨ ਪਾਕਿਸਤਾਨ ਖ਼ ?ਲਾਫ਼ ਗੋਲ ਕਰਨਾ ਉਨ੍ਹਾਂ ਲਈ ਸਭ ਤੋਂ ਯਾਦਗਾਰ ਪਲਾਂ ਵਿੱਚੋਂ ਇੱਕ ਰਿਹਾ। ਗੋਲ ਕਰਨ ਤੋਂ ਬਾਅਦ ਉਨ੍ਹਾਂ ਦੀ ਖੁਸ਼ੀ ਦਾ ਕੋਈ ਠਿਕਾਣਾ ਨਹੀਂ ਸੀ। ਮਲੇਸ਼ੀਆ ਖ਼ਲਾਫ਼ ਫਾਈਨਲ ਮੁਕਾਬਲੇ ਬਾਰੇ ਸੁਖਜੀਤ ਸਿੰਘ ਨੇ ਕਿਹਾ ਕਿ ਟੀਮ ਦਾ ਟੀਚਾ ਆਪਣੇ ਗੇਮ ਪਲਾਨ ਮੁਤਾਬਕ ਖੇਡਦਿਆਂ ਵਧੀਆ ਪ੍ਰਦਰਸ਼ਨ ਕਰਨਾ ਅਤੇ ਸੋਨ ਤਮਗਾ ਜਿੱਤ ਕੇ ਘਰ ਪਰਤਣਾ ਸੀ। ਭਾਰਤੀ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਇਹ ਟੀਚਾ ਹਾਸਲ ਕਰ ਲਿਆ। ਫਾਈਨਲ ਮੁਕਾਬਲੇ ਵਿੱਚ ਭਾਰਤ ਵੱਲੋਂ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਜੁਗਰਾਜ ਸਿੰਘ ਸਮੇਤ ਹੋਰ ਖਿਡਾਰੀਆਂ ਨੇ ਗੋਲ ਕਰਕੇ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਹਰਮਨਪ੍ਰੀਤ ਸਿੰਘ ਅਤੇ ਜੁਗਰਾਜ ਸਿੰਘ ਦੇ ਗੋਲ ਪੈਨਲਟੀ ਕਾਰਨਰ ਰਾਹੀਂ ਆਏ। ਭਾਰਤੀ ਪੁਰਸ਼ ਹਾਕੀ ਟੀਮ ਦਾ ਏਸ਼ੀਅਨ ਗੇਮਜ਼ ਵਿੱਚ ਇਹ ਪੰਜਵਾਂ ਸੋਨ ਤਮਗਾ, ਜਦਕਿ ਮਹਿਲਾ ਟੀਮ ਦਾ ਇਹ ਦੂਜਾ ਸੋਨ ਤਮਗਾ ਹੈ। ਸੁਖਜੀਤ ਸਿੰਘ ਦੇ ਘਰ ਪਹੁੰਚਣ 'ਤੇ ਹੋਇਆ ਸ਼ਾਨਦਾਰ ਸਵਾਗਤ ਇਸ ਇਤਿਹਾਸਕ ਜਿੱਤ ਦੀ ਖੁਸ਼ੀ ਨੂੰ ਹੋਰ ਵੀ ਯਾਦਗਾਰ ਬਣਾ ਗਿਆ।

ਏਸ਼ੀਅਨ ਗੇਮਜ਼ 'ਚ ਐਲਪੀਯੂ ਦਾ ਸ਼ਾਨਦਾਰ ਪ੍ਰਦਰਸ਼ਨ, 32 ਵਿਦਿਆਰਥੀਆਂ ਨੇ ਜਿੱਤੇ 28 ਤਮਗੇ, 13 ਸੋਨ, 11 ਚਾਂਦੀ ਤੇ 4 ਕਾਂਸੀ ਦੇ ਤਮਗੇ

ਜਲੰਧਰ, 6 ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ): ਜਲੰਧਰ: ਆਇਚੀ-ਨਾਗੋਯਾ ਵਿੱਚ ਹੋਈਆਂ 20ਵੀਆਂ ਏਸ਼ੀਅਨ ਗੇਮਜ਼ ਵਿੱਚ ਭਾਰਤੀ ਖੇਡ ਦਲ ਦੀ ਸ਼ਾਨਦਾਰ ਮੁਹਿੰਮ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (LPU) ਦੇ ਖਿਡਾਰੀਆਂ ਨੇ ਅਹਿਮ ਯੋਗਦਾਨ ਪਾਇਆ। LPU ਦੇ 32 ਵਿਦਿਆਰਥੀਆਂ ਨੇ ਵੱਖ-ਵੱਖ 9 ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 28 ਤਮਗੇ ਆਪਣੇ ਨਾਮ ਕੀਤੇ। ਇਨ੍ਹਾਂ ਵਿੱਚ 13 ਸੋਨ, 11 ਚਾਂਦੀ ਅਤੇ 4 ਕਾਂਸੀ ਦੇ ਤਮਗੇ ਸ਼ਾਮਲ ਹਨ। LPU ਦੇ ਖਿਡਾਰੀਆਂ ਦਾ ਪ੍ਰਦਰਸ਼ਨ ਇਸ ਗੱਲ ਤੋਂ ਵੀ ਸਪੱਸ਼ਟ ਹੁੰਦਾ ਹੈ ਕਿ ਭਾਰਤ ਵੱਲੋਂ ਜਿੱਤੇ ਗਏ ਕੁੱਲ ਸੋਨ ਤਮਗਿਆਂ ਵਿੱਚ LPU ਦਾ ਯੋਗਦਾਨ 62 ਫੀਸਦੀ, ਚਾਂਦੀ ਦੇ ਤਮਗਿਆਂ ਵਿੱਚ 41 ਫੀਸਦੀ ਅਤੇ ਕਾਂਸੀ ਦੇ ਤਮਗਿਆਂ ਵਿੱਚ 11 ਫੀਸਦੀ ਰਿਹਾ। ਯੂਨੀਵਰਸਿਟੀ ਦੇ ਖਿਡਾਰੀਆਂ ਵੱਲੋਂ ਜਿੱਤੇ ਤਮਗੇ ਭਾਰਤ ਦੀ ਕੁੱਲ ਤਮਗਾ ਸੂਚੀ ਦਾ ਲਗਭਗ ਇੱਕ-ਤਿਹਾਈ ਹਿੱਸਾ ਬਣਦੇ ਹਨ। ਭਾਰਤ ਦੀ ਨੁਮਾਇੰਦਗੀ ਕਰਦਿਆਂ LPU ਦੇ 58 ਵਿਦਿਆਰਥੀ ਏਸ਼ੀਅਨ ਗੇਮਜ਼ ਦੀ ਭਾਰਤੀ ਟੀਮ ਦਾ ਹਿੱਸਾ ਬਣੇ ਅਤੇ ਉਨ੍ਹਾਂ ਨੇ 15 ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ। ਇਨ੍ਹਾਂ ਖਿਡਾਰੀਆਂ ਨੇ ਸ਼ੂਟਿੰਗ, ਤੀਰਅੰਦਾਜ਼ੀ, ਹਾਕੀ, ਕੁਸ਼ਤੀ, ਐਥਲੈਟਿਕਸ, ਰੋਇੰਗ, ਮੁੱਕੇਬਾਜ਼ੀ, ਕ੍ਰਿਕਟ ਅਤੇ ਵੇਟਲਿਫਟਿੰਗ ਸਮੇਤ ਕਈ ਖੇਡਾਂ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਸੋਨ ਤਮਗਿਆਂ ਵਿੱਚ ਵੀ ਰਿਹਾ ਦਬਦਬਾ LPU ਦੇ ਖਿਡਾਰੀਆਂ ਦੀ ਸੋਨ ਤਮਗਾ ਮੁਹਿੰਮ ਕਈ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਸਫਲ ਰਹੀ। ਕੰਪਾਊਂਡ ਤੀਰਅੰਦਾਜ਼ੀ ਵਿੱਚ ਤਨਿਪਾਰਥੀ ਚਿਕਿਤਾ ਅਤੇ ਸਾਹਿਲ ਰਾਜੇਸ਼ ਜਾਧਵ ਨੇ ਦੋ-ਦੋ ਸੋਨ ਤਮਗੇ ਜਿੱਤ ਕੇ ਭਾਰਤ ਦਾ ਨਾਮ ਰੌਸ਼ਨ ਕੀਤਾ। LPU ਵੱਲੋਂ ਸਿੱਖਿਆ ਦੇ ਨਾਲ ਉੱਚ ਪੱਧਰੀ ਖੇਡ ਸਿਖਲਾਈ 'ਤੇ ਦਿੱਤਾ ਜਾ ਰਿਹਾ ਜ਼ੋਰ ਨੌਜਵਾਨ ਭਾਰਤੀ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਮੰਚ 'ਤੇ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਪ੍ਰਦਾਨ ਕਰ ਰਿਹਾ ਹੈ। ਓਲੰਪਿਕ ਖੇਡਾਂ ਵਿੱਚ ਭਾਗ ਲੈਣ ਤੋਂ ਲੈ ਕੇ ਏਸ਼ੀਅਨ ਗੇਮਜ਼ ਵਿੱਚ ਤਮਗੇ ਜਿੱਤਣ ਤੱਕ LPU ਦੇ ਖਿਡਾਰੀਆਂ ਨੇ ਵੱਡੇ ਅੰਤਰਰਾਸ਼ਟਰੀ ਮੰਚਾਂ 'ਤੇ ਲਗਾਤਾਰ ਭਾਰਤੀ ਤਿਰੰਗੇ ਦਾ ਮਾਣ ਵਧਾਇਆ ਹੈ।

ਜਲੰਧਰ 'ਚ 10 ਤੋਂ 17 ਅਕਤੂਬਰ ਤੱਕ ਹੋਣਗੇ ਰਾਜ ਪੱਧਰੀ ਖੇਡ ਮੁਕਾਬਲੇ

ਜਲੰਧਰ, 6 ਅਕਤੂਬਰ (ਪਰਮਜੀਤ ਸਿੰਘ): ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜਲੰਧਰ ਵਿੱਚ ਰਾਜ ਪੱਧਰੀ ਖੇਡਾਂ ਦੇ ਮੁਕਾਬਲੇ 10 ਤੋਂ 17 ਅਕਤੂਬਰ ਤੱਕ ਕਰਵਾਏ ਜਾਣਗੇ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਕੈਟਾਗਰੀਜ਼ ਅਤੇ ਉਮਰ ਵਰਗ ਦੇ ਖਿਡਾਰੀ ਹਿੱਸਾ ਲੈਣਗੇ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਨੇ ਰਾਜ ਪੱਧਰੀ ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸ਼ਤਰੰਜ ਅਤੇ ਵਾਲੀਬਾਲ ਸ਼ੂਟਿੰਗ ਦੇ ਰਾਜ ਪੱਧਰੀ ਮੁਕਾਬਲੇ 10 ਤੋਂ 15 ਅਕਤੂਬਰ ਤੱਕ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ, ਜਲੰਧਰ ਵਿਖੇ ਕਰਵਾਏ ਜਾਣਗੇ, ਜਦਕਿ ਟੇਬਲ ਟੈਨਿਸ ਦੇ ਮੁਕਾਬਲੇ 12 ਤੋਂ 17 ਅਕਤੂਬਰ ਤੱਕ ਹੰਸਰਾਜ ਸਟੇਡੀਅਮ ਵਿਖੇ ਹੋਣਗੇ। ਉਨ੍ਹਾਂ ਖੇਡ ਸਥਾਨਾਂ ਅਤੇ ਖਿਡਾਰੀਆਂ ਦੀ ਰਿਹਾਇਸ਼ ਵਾਲੀਆਂ ਥਾਵਾਂ 'ਤੇ ਲੋੜੀਂਦੀਆਂ ਮੈਡੀਕਲ ਟੀਮਾਂ ਦੀ ਤਾਇਨਾਤੀ, ਸੁਰੱਖਿਆ ਪ੍ਰਬੰਧਾਂ ਸਮੇਤ ਹੋਰ ਜ਼ਰੂਰੀ ਸਹੂਲਤਾਂ ਨੂੰ ਯਕੀਨੀ ਬਣਾਉਣ ਦੀ ਵੀ ਹਦਾਇਤ ਕੀਤੀ ਤਾਂ ਜੋ ਖਿਡਾਰੀਆਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਨਾ ਆਵੇ ਅਤੇ ਉਹ ਪੂਰੇ ਉਤਸ਼ਾਹ ਨਾਲ ਖੇਡ ਮੁਕਾਬਲਿਆਂ ਵਿੱਚ ਭਾਗ ਲੈ ਸਕਣ। ਮੀਟਿੰਗ ਵਿੱਚ ਐਸ.ਡੀ.ਐਮ. ਸ਼ੁਭੀ ਆਂਗਰਾ, ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ, ਸਕੱਤਰ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

ਜ਼ਿਲ੍ਹਾ ਪਧੱਰੀ ਪਾਵਰ ਲਿਫਟਿੰਗ ਮੁਕਾਬਲੇ ਵਿੱਚ ਆਯੁਸ਼ ਸ਼ਰਮਾ ਨੇ ਜਿੱਤਿਆ ਸੋਨੇ ਦਾ ਤਗਮਾ

ਗੁਰਦਾਸਪੁਰ, 6 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ): ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਤਹਿਤ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਪਾਵਰਲਿਫਟਿੰਗ ਖੇਡ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਹਾਸਲ ਕੀਤੀ।ਪਾਵਰਲਿਫਟਿੰਗ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਆਯੁਸ਼ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 105 ਕਿਲੋਗ੍ਰਾਮ ਭਾਰ ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਆਪਣੇ ਨਾਮ ਕੀਤਾ। ਇਸੇ ਤਰ੍ਹਾਂ ਕੇਸ਼ਵ ਨੇ ਵੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਜਿੱਤਿਆ।ਇਸ ਮੌਕੇ ਕਨਵੀਨਰ ਸੈਮੂਅਲ ਮਸੀਹ ਨੇ ਦੋਵਾਂ ਖਿਡਾਰੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਖਿਡਾਰੀਆਂ ਦੀ ਸਖ਼ਤ ਮਿਹਨਤ ਅਤੇ ਲਗਨ ਸਦਕਾ ਉਨ੍ਹਾਂ ਨੇ ਜ਼ਿਲ੍ਹਾ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰਨਾਂ ਨੌਜਵਾਨਾਂ ਨੂੰ ਵੀ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦੀਆਂ ਹਨ।ਆਯੁਸ਼ ਸ਼ਰਮਾ ਅਤੇ ਕੇਸ਼ਵ ਨੇ ਆਪਣੀ ਇਸ ਪ੍ਰਾਪਤੀ ਲਈ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਨਾਲ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਵਧੀਆ ਮੌਕੇ ਮਿਲ ਰਹੇ ਹਨ। ਦੋਵਾਂ ਖਿਡਾਰੀਆਂ ਨੇ ਆਪਣੇ ਕੋਚ ਬਲਦੇਵ ਸਿੰਘ ਅਤੇ ਮੌਂਟੀ ਮਹਿਤਾ ਜੀ ਦਾ ਵੀ ਦਿਲੋਂ ਧੰਨਵਾਦ ਕੀਤਾ

ਖੇਡਾਂ ਵਤਨ ਪੰਜਾਬ ਦੀਆਂ ਕਰਾਟੇ ਮੁਕਾਬਲਿਆਂ 'ਚ ਮਾਤਾ ਗੁਜਰੀ ਸਕੂਲ ਦੀ ਸ਼ਾਨਦਾਰ ਪ੍ਰਾਪਤੀ

ਪਟਿਆਲਾ, 6 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਪਟਿਆਲਾ ਵਿਖੇ ਕਰਵਾਏ ਗਏ "ਖੇਡਾਂ ਵਤਨ ਪੰਜਾਬ ਦੀਆਂ" ਜ਼ਿਲ੍ਹਾ ਪੱਧਰੀ ਕਰਾਟੇ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ: ਨਮਨਜੋਤ ਕੌਰ, ਦੂਜਾ ਸਥਾਨ, ਪ੍ਰਭਲੀਨ ਕੌਰ, ਅਵਨੀਤ ਕੌਰ, ਗੁਰਲੀਨ ਅਤੇ . ਰਾਧਿਕਾ, ਨੇ ਤੀਜਾ ਸਥਾਨ ਹਾਸਿਲ ਕੀਤਾ ਹੈ ਇਸੇ ਤਰਾਂ ਅੰਡਰ-17 ਲੜਕੀਆਂ ਦੇ ਮੁਕਾਬਲਿਆਂ ਵਿੱਚ ਇਸ਼ਮੀਤ ਕੌਰ, ਦੂਜਾ ਸਥਾਨ ਅਤੇ ਹਿਮਾਂਸ਼ੀ ਕੌਰ, ਤੀਜਾ ਸਥਾਨ ਹਾਸਿਲ ਕੀਤਾ ਹੈ! ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰਧਾਨ ਸ਼੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ਼੍ਰੀਮਤੀ ਪੂਨਮ ਧੀਮਾਨ ਨੇ ਸਮੂਹ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਨ ਨੇ ਵਿਦਿਆਰਥਣਾਂ ਦੀ ਇਸ ਕਾਮਯਾਬੀ ਲਈ ਕੋਚ ਸ੍ਰੀ ਹਰਦੀਪ ਕੁਮਾਰ ਦੀ ਮਿਹਨਤ ਅਤੇ ਮਾਰਗਦਰਸ਼ਨ ਦੀ ਵੀ ਸ਼ਲਾਘਾ ਕੀਤੀ। ਕੋਚ ਸ੍ਰੀ ਹਰਦੀਪ ਕੁਮਾਰ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਨਵੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਬੰਧਨ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਮਿਹਨਤ ਅਤੇ ਟੀਮ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸਕੂਲ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਹਰ ਸੰਭਵ ਸਹਿਯੋਗ ਪ੍ਰਦਾਨ ਕਰਦਾ ਰਹੇਗਾ।

ਐਥਲੈਟਿਕਸ ਟਰਾਇਲ 10 ਨੂੰ, ਚੁਣੇ ਖਿਡਾਰੀ ਹੈਦਰਾਬਾਦ ਨੈਸ਼ਨਲ ਮੀਟ 'ਚ ਲੈਣਗੇ ਭਾਗ: ਦਲਜੀਤ ਰਾਣਾ

ਸ੍ਰੀ ਆਨੰਦਪੁਰ ਸਾਹਿਬ, 6 ਅਕਤੂਬਰ (ਦਮਨ ਅਰੋੜਾ): ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਰੂਪਨਗਰ ਵੱਲੋਂ ਆਉਣ ਵਾਲੇ ਐਥਲੈਟਿਕਸ ਮੁਕਾਬਲਿਆਂ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਸ੍ਰੀ ਦਸ਼ਮੇਸ਼ ਮਾਰਸ਼ਲ ਅਕੈਡਮੀ ਵਿਖੇ ਓਲੰਪੀਅਨ ਸਰਦਾਰ ਰਣਜੀਤ ਸਿੰਘ ਦੀ ਰਹਿਨੁਮਾਈ ਹੇਠ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਨਵੇਂ ਚੁਣੇ ਪ੍ਰਧਾਨ ਅਤੇ ਸਾਬਕਾ ਡੀਆਈਜੀ ਦਲਜੀਤ ਸਿੰਘ ਰਾਣਾ ਨੇ ਕੀਤੀ। ਇਸ ਮੌਕੇ ਸੈਕਟਰੀ ਅਤੇ ਕੋਚ ਸਰਦਾਰ ਜਗਬੀਰ ਸਿੰਘ ਜੌਹਲ ਸਮੇਤ ਐਸੋਸੀਏਸ਼ਨ ਦੇ ਅਹੁਦੇਦਾਰ ਹਾਜ਼ਰ ਸਨ। ਮੀਟਿੰਗ ਦੌਰਾਨ ਦੱਸਿਆ ਗਿਆ ਕਿ 10 ਅਕਤੂਬਰ ਨੂੰ ਅੰਡਰ-14 ਅਤੇ ਅੰਡਰ-16 ਉਮਰ ਵਰਗ ਦੇ ਬੱਚਿਆਂ ਦੇ ਐਥਲੈਟਿਕਸ ਚੋਣ ਟਰਾਇਲ ਅਤੇ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ ਟਰਾਇਲਾਂ ਵਿੱਚੋਂ ਚੁਣੇ ਜਾਣ ਵਾਲੇ ਖਿਡਾਰੀ ਨਵੰਬਰ ਮਹੀਨੇ ਦੌਰਾਨ ਹੈਦਰਾਬਾਦ ਵਿੱਚ ਹੋਣ ਵਾਲੀ ਨੈਸ਼ਨਲ ਇੰਟਰ-ਡਿਸਟ੍ਰਿਕਟ ਐਥਲੈਟਿਕਸ ਮੀਟ ਵਿੱਚ ਜ਼ਿਲ੍ਹਾ ਰੂਪਨਗਰ ਦੀ ਨੁਮਾਇੰਦਗੀ ਕਰਨਗੇ। ਐਸੋਸੀਏਸ਼ਨ ਦੇ ਆਗੂਆਂ ਅਨੁਸਾਰ ਐਥਲੈਟਿਕਸ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਹੈਦਰਾਬਾਦ ਵਿਖੇ ਹੋਣ ਵਾਲੀ ਨੈਸ਼ਨਲ ਮੀਟ ਲਈ ਚੁਣੇ ਗਏ ਖਿਡਾਰੀਆਂ ਦੀ ਰਿਹਾਇਸ਼, ਖਾਣ-ਪੀਣ ਅਤੇ ਹੋਰ ਲੋੜੀਂਦੇ ਖਰਚੇ ਮੁਫ਼ਤ ਕੀਤੇ ਜਾਣਗੇ। ਐਸੋਸੀਏਸ਼ਨ ਦੇ ਪ੍ਰਧਾਨ ਸਾਬਕਾ ਡੀਆਈਜੀ ਦਲਜੀਤ ਰਾਣਾ ਨੇ ਕਿਹਾ ਕਿ ਜ਼ਿਲ੍ਹੇ

ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਵਲੋਂ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦੇ ਹੱਲ ਲਈ ਅਧਿਕਾਰੀਆਂ ਨਾਲ ਮੀਟਿੰਗ

ਗੁਰਦਾਸਪੁਰ, 6 ਅਕਤੂਬਰ (ਗੁਲਸ਼ਨ ਰਣੀਆਂ) ਸ੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਕਰਕੇ ਅਧਿਕਾਰੀਆਂ ਕੋਲੋਂ ਵਿਸਥਾਰ ਵਿੱਚ ਜਾਣਕਾਰੀ ਲਈ ਅਤੇ ਪੈਡਿੰਗ ਮੁਸ਼ਕਿਲਾਂ ਨੂੰ ਨਿਸ਼ਚਿਤ ਸਮੇਂ ਅੰਦਰ ਹੱਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਚਰਨਜੀਤ ਸਿੰਘ ਪਾਰੋਵਾਲ, ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ, ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਨਵਜੋਤ ਸਿੰਘ ਸੰਧੂ ਐਸ. ਪੀ ਬਟਾਲਾ ਸਮੇਤ ਹਲਕਿਆਂ ਦੇ ਚੇਅਰਮੈਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਹਲਕਾ ਵਾਈਜ਼ ਪੋਰਟਲ ਤੇ ਪ੍ਰਾਪਤ ਸਮੱਸਿਆਵਾਂ ਸਬੰਧੀ ਵੱਖ ਵੱਖ ਵਿਭਾਗਾਂ ਵਲੋਂ ਕੀਤੇ ਗਏ ਕੰਮਾਂ ਅਤੇ ਜਿਨ੍ਹਾਂ ਮੁਸ਼ਕਿਲਾਂ ਦਾ ਨਿਪਟਾਰਾ ਨਹੀ ਕੀਤਾ ਗਿਆ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਰਹਿੰਦੀਆਂ ਮੁਸ਼ਕਿਲਾਂ ਦਾ ਜਲਦ ਹੱਲ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਅਧਿਕਾਰੀਆਂ ਦੱਸਿਆ ਕਿ ਟਰੇਡਰਸ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ ਅਤੇ ਪੇਡਿੰਗ ਮੁਸ਼ਕਿਲਾਂ ਨੂੰ ਵੀ ਜਲਦ ਹੱਲ ਕਰ ਦਿੱਤਾ ਜਾਵੇਗਾ।ਮੀਟਿੰਗ ਵਿੱਚ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵਲੋਂ ਵੱਖ ਵੱਖ ਮੁਸ਼ਕਿਲਾਂ ਦੱਸੀਆਂ ਗਈਆਂ ਜਿਵੇਂ ਬਿਜਲੀ ਦੀਆਂ ਤਾਰਾਂ ਉੱਚੀਆਂ ਕਰਨ ਸਬੰਧੀ, ਸੀਵਰੇਜ਼ ਦੀ ਸਮੱਸਿਆ, ਸਫਾਈ ਸਬੰਧੀ, ਬਾਜਾਰਾਂ ਵਿੱਚ ਸੀ.ਸੀ.ਟੀ.ਵੀ ਕੈਮਰੇ ਲਗਾਉਣ ਸਬੰਧੀ, ਨਾਲਿਆਂ ਦੀ ਸਫਾਈ ਕਰਵਾਉਣ ਆਦਿ ਸਬੰਧੀ ਮੁਸ਼ਕਿਲਾਂ ਦੱਸੀਆਂ ਗਈਆਂ।ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਿਕਾਇਤ ਦੇ ਹੱਲ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਸਮੂਹ ਅਧਿਕਾਰੀਆਂ ਨੂੰ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਹਦਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਰੈਗੂਲਰ ਮੀਟਿੰਗ ਕਰਨ ਦਾ ਮੁੱਖ ਇਹੀ ਮੰਤਵ ਹੈ ਕਿ ਮੁਸ਼ਕਿਲਾਂ ਨੂੰ ਸਮੇਂ ਸਿਰ ਹੱਲ ਕੀਤਾ ਜਾ ਸਕੇ।ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਦੇ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ ਪਾਰੋਵਾਲ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਹਲਕੇ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਨਾਲ ਰਾਬਤਾ ਕਰਨ ਕਰਕੇ ਸਮੱਸਿਆਵਾਂ ਦਾ ਹੋਰ ਤੇਜ਼ੀ ਨਾਲ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ।ਇਸ ਮੌਕੇ ਸਹਾਇਕ ਕਮਿਸ਼ਨਰ (ਜ) ਕੁਲਦੀਪ ਚੰਦ, ਐਸ. ਡੀ.ਐਮ ਦੀਨਾਨਗਰ ਗਗਨਦੀਪ ਸਿੰਘ, ਐਸ.ਡੀ.ਐਮ ਡੇਰਾ ਬਾਬਾ ਨਾਨਕ ਲਛਮਣ ਸਿੰਘ, ਐਸ.ਡੀ.ਐਮ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ ਟਿਵਾਣਾ,ਐਸ.ਡੀ.ਐਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ, ਚੇਅਰਮੈਨ ਕਿਰਪਾਲ ਸਿੰਘ ਫੁਪਾਰ ਕਮਿਸ਼ਨ ਹਲਕਾ ਬਟਾਲਾ, ਚੇਅਰਮੈਨ ਵਿਪਨ ਸੋਨੀ ਹਲਕਾ ਡੇਰਾ ਬਾਬਾ ਨਾਨਕ, ਚੇਅਰਮੈਨ ਰਾਜੀਵ ਸੈਣੀ ਹਲਕਾ ਦੀਨਾਨਗਰ, ਚੇਅਰਮੈਨ ਰਜਿੰਦਰ ਨੰਦਾ ਹਲਕਾ ਗੁਰਦਾਸਪੁਰ, ਚੇਅਰਮੈਨ ਰੁਪਿੰਦਰ ਸਿੰਘ ਰੋਮੀ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ, ਚੇਅਰਮੈਨ ਅਸ਼ਵਨੀ ਦੁੱਗਲ ਹਲਕਾ ਕਾਦੀਆਂ, ਚੇਅਰਮੈਨ ਗੁਰਪ੍ਰੀਤ ਸਿੰਘ ਹਲਕਾ ਫਤਹਿਗੜ੍ਹ ਚੂੜੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਰਿਆੜਕੀ ਕਾਲਜ ਵਿਖੇ 36ਵੇਂ ਗਿਆਨੀ ਮੇਵਾ ਸਿੰਘ ਜੀ ਯਾਦਗਾਰੀ ਗੁਰਮਤਿ ਕੈਂਪ ਦਾ ਦੂਜਾ ਦਿਨ ਰੂਹਾਨੀ ਰੰਗ ਵਿੱਚ ਰੰਗਿਆ

ਸ੍ਰੀ ਹਰਗੋਬਿੰਦਪੁਰ 6 ਅਕਤੂਬਰ (ਪ੍ਰਦੀਪ ਸਿੰਘ ਬੇਦੀ) ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣਿਆ ਜਾਂਦਾ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਗਿਆਨੀ ਮੇਵਾ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੇ 36ਵੇਂ ਸਲਾਨਾ ਗੁਰਮਤ ਕੈਂਪ ਦਾ ਦੂਜਾ ਦਿਨ ਗੁਰਬਾਣੀ, ਸਿੱਖ ਇਤਿਹਾਸ, ਵਿਚਾਰ-ਵਟਾਂਦਰੇ ਅਤੇ ਰੂਹਾਨੀ ਰੰਗ ਨਾਲ ਭਰਪੂਰ ਰਿਹਾ। ਦਿਨ ਦੀ ਸ਼ੁਰੂਆਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਈ ਗਈ ਸਿੱਖ ਇਤਿਹਾਸ ਦੀ ਚਿੱਤਰ ਪ੍ਰਦਰਸ਼ਨੀ ਅਤੇ ਪੁਸਤਕ ਪ੍ਰਦਰਸ਼ਨੀ ਦੇ ਦਰਸ਼ਨਾਂ ਨਾਲ ਹੋਈ। ਪ੍ਰਿੰਸੀਪਲ ਸ. ਸਵਰਨ ਸਿੰਘ ਜੀ ਵਿਰਕ ਨੇ ਕਿਹਾ ਕਿ ਇਤਿਹਾਸ ਨੂੰ ਸੁਣਨ ਦੇ ਨਾਲ-ਨਾਲ ਤਸਵੀਰਾਂ ਰਾਹੀਂ ਵੇਖਣ ਨਾਲ ਵਿਦਿਆਰਥੀਆਂ ਦੇ ਮਨਾਂ ਵਿੱਚ ਇਤਿਹਾਸਕ ਘਟਨਾਵਾਂ ਅਤੇ ਸ਼ਹਾਦਤਾਂ ਦੀ ਤਸਵੀਰ ਹੋਰ ਸਪਸ਼ਟ ਰੂਪ ਵਿੱਚ ਉਭਰਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਇਤਿਹਾਸ ਕੇਵਲ ਪੁਸਤਕਾਂ ਦੇ ਪੰਨਿਆਂ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਵਿਦਿਆਰਥੀਆਂ ਦੇ ਸਾਹਮਣੇ ਜੀਵੰਤ ਹੋ ਉੱਠਦਾ ਹੈ। ਵਿਦਿਆਰਥੀਆਂ ਨੇ ਸਿੱਖ ਇਤਿਹਾਸ, ਗੁਰਬਾਣੀ, ਗੁਰੂ ਸਾਹਿਬਾਨ ਦੇ ਜੀਵਨ ਅਤੇ ਸਿੱਖ ਜੀਵਨ-ਜਾਚ ਨਾਲ ਸਬੰਧਤ ਪੁਸਤਕਾਂ ਨੂੰ ਉਤਸ਼ਾਹ ਨਾਲ ਵੇਖਿਆ। ਕੈਂਪ ਦੀ ਕਾਰਵਾਈ ਦੋ ਪੜਾਵਾਂ ਵਿੱਚ ਹੋਈ। ਪਹਿਲੇ ਪੜਾਅ ਦੀ ਸ਼ੁਰੂਆਤ ਗੁਰਦੁਆਰਾ ਅਚਲ ਸਾਹਿਬ, ਬਟਾਲਾ ਦੇ ਭਾਈ ਗੁਰਵਿੰਦਰ ਸਿੰਘ ਜੀ ਦੇ ਕੀਰਤਨੀ ਜਥੇ ਵੱਲੋਂ ਰਸ-ਭਿੰਨੇ ਕੀਰਤਨ ਨਾਲ ਹੋਈ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਖੇਤਰ ਦੇ ਡਾਇਰੈਕਟਰ ਡਾ. ਅਮਰਜੀਤ ਸਿੰਘ ਜੀ ਨੇ ਸਫ਼ਲ ਤੇ ਖੁਸ਼ ਇਨਸਾਨ ਕਿਵੇਂ ਬਣੀਏ ਵਿਸ਼ੇ 'ਤੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜੀਵਨ ਦੀ ਅਸਲ ਸਫ਼ਲਤਾ ਕੇਵਲ ਪੜ੍ਹਾਈ ਜਾਂ ਰੁਜ਼ਗਾਰ ਵਿੱਚ ਨਹੀਂ, ਸਗੋਂ ਚੰਗੇ ਚਰਿੱਤਰ, ਸਿਹਤਮੰਦ ਜੀਵਨ, ਸੁਚੱਜੇ ਰਿਸ਼ਤਿਆਂ ਅਤੇ ਸਮਾਜ ਪ੍ਰਤੀ ਜ਼ਿੰਮੇਵਾਰ ਬਣਨ ਵਿੱਚ ਹੈ। ਉਨ੍ਹਾਂ ਸਮੇਂ ਦੀ ਕਦਰ ਅਤੇ ਤਕਨਾਲੋਜੀ ਦੀ ਸਾਰਥਕ ਵਰਤੋਂ 'ਤੇ ਜ਼ੋਰ ਦਿੰਦਿਆਂ ਰਿਆੜਕੀ ਕਾਲਜ ਦੇ ਵਿਦਿਆਰਥੀਆਂ ਦੀ ਸਾਦਗੀ ਦੀ ਸ਼ਲਾਘਾ ਕੀਤੀ ਅਤੇ ਗਿਆਨੀ ਮੇਵਾ ਸਿੰਘ ਜੀ ਦੀ ਗੁਰਮਤਿ ਪ੍ਰਤੀ ਸਮਰਪਣ ਭਾਵਨਾ ਨੂੰ ਯਾਦ ਕੀਤਾ। ਇਸੇ ਪੜਾਅ ਵਿੱਚ ਕਵੀਸ਼ਰ ਭਾਈ ਸੁੱਚਾ ਸਿੰਘ ਜੀ ਡੇਰਾ ਪਠਾਣਾਂ ਨੇ ਕਵੀਸ਼ਰੀ ਰਾਹੀਂ ਸ੍ਰੀ ਗੁਰੂ ਰਾਮਦਾਸ ਜੀ ਦੇ ਬਚਪਨ, ਮਾਤਾ-ਪਿਤਾ ਦੇ ਵਿਛੋੜੇ ਉਪਰੰਤ ਨਾਨੀ ਵੱਲੋਂ ਕੀਤੀ ਸੰਭਾਲ ਅਤੇ ਗੁਰੂ ਘਰ ਨਾਲ ਜੁੜਨ ਦੀ ਕਥਾ ਸੁਣਾ ਕੇ ਇਤਿਹਾਸ ਨਾਲ ਜੋੜਿਆ। ਦੂਜੇ ਪੜਾਅ ਵਿੱਚ ਭਾਈ ਅਮਨਜੀਤ ਸਿੰਘ ਜੀ ਦੇ ਢਾਡੀ ਜਥੇ ਨੇ ਜੋਸ਼ੀਲੀਆਂ ਵਾਰਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੀ ਵਿਸ਼ਾਲਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਪ੍ਰਚਾਰਕ ਭਾਈ ਜਗਦੇਵ ਸਿੰਘ ਜੀ ਨੇ ਬਾਣੀ ਨੂੰ ਧਿਆਨ ਤੇ ਇਕਾਗਰਤਾ ਨਾਲ ਪੜ੍ਹਨ, ਸਮਝ ਕੇ ਜੀਵਨ ਵਿੱਚ ਧਾਰਨ ਕਰਨ ਅਤੇ ਚੰਗੀ ਸੰਗਤ ਅਪਣਾਉਣ ਦਾ ਸੁਨੇਹਾ ਦਿੱਤਾ। ਕੈਂਪ ਦੇ ਦੂਜੇ ਦਿਨ ਦੀ ਸਮੁੱਚੀ ਕਾਰਵਾਈ ਦਾ ਮੰਚ ਸੰਚਾਲਨ ਪ੍ਰਚਾਰਕ ਭਾਈ ਲਵਪ੍ਰੀਤ ਸਿੰਘ ਜੀ ਨੇ ਬਾਖੂਬੀ ਕੀਤਾ। ਅਖੀਰ ਸ੍ ਗਗਨਦੀਪ ਸਿੰਘ ਜੀ ਵਿਰਕ ਨੇ ਸਾਰੇ ਆਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਇਨ੍ਹਾਂ ਕੈਂਪਾਂ ਰਾਹੀਂ ਗੁਰਮਤਿ ਦਾ ਸੰਦੇਸ਼ ਵਿਦਿਆਰਥੀਆਂ ਤੋਂ ਹੁੰਦਾ ਹੋਇਆ ਪਰਿਵਾਰਾਂ ਅਤੇ ਸਮੁੱਚੇ ਸਮਾਜ ਤੱਕ ਪਹੁੰਚਾਉਣਾ ਹੀ ਮੁੱਖ ਮਨੋਰਥ ਹੈ। ਕੈਂਪ ਦੌਰਾਨ ਹਰ ਮਹਿਮਾਨ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤਾ ਲੰਗਰ ਵੀ ਛਕਿਆ ।

ਪਿੰਡ ਸਾਹਿਬਾ ਚ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਡੇਂਗੂ ਸਰਵੇ; ਘਰ-ਘਰ ਜਾ ਕੇ ਲਾਰਵਾ ਕੀਤਾ ਚੈੱਕ

ਬਲਾਚੌਰ 6 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਮੌਸਮ ਦੇ ਬਦਲਾਅ ਅਤੇ ਬਰਸਾਤ ਦੇ ਦਿਨਾਂ ਤੋਂ ਬਾਅਦ ਵਧ ਰਹੇ ਮੱਛਰਾਂ ਦੇ ਪ੍ਰਕੋਪ ਨੂੰ ਠੱਲ੍ਹ ਪਾਉਣ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਹਤ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਜਾਗਰੂਕਤਾ ਅਤੇ ਚੈਕਿੰਗ ਮੁਹਿੰਮ ਵਿੱਢੀ ਗਈ ਹੈ। ਸਿਵਲ ਸਰਜਨ ਡਾਕਟਰ ਅਮਨ ਸੂਦ ਵੱਲੋਂ ਜਾਰੀ ਕੀਤੀਆਂ ਸਖ਼ਤ ਹਦਾਇਤਾਂ ਦੀ ਪਾਲਣਾ ਕਰਦਿਆਂ, ਪ੍ਰਾਇਮਰੀ ਹੈਲਥ ਸੈਂਟਰ ਸਜੋਆ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਤਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਵਿਸ਼ੇਸ਼ ਟੀਮ ਵੱਲੋਂ ਪਿੰਡ ਸਾਹਿਬਾ ਵਿਖੇ ਘਰ-ਘਰ ਜਾ ਕੇ 'ਡੇਂਗੂ ਲਾਰਵਾ ਸਰਵੇ' ਕੀਤਾ ਗਿਆ। ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਦੀ ਸੁਪਰਵੀਜ਼ਨ ਹੇਠ ਤੈਨਾਤ ਸਿਹਤ ਕਰਮਚਾਰੀਆਂ ਨੇ ਪਿੰਡ ਦੇ ਵੱਖ-ਵੱਖ ਘਰਾਂ, ਗਲੀਆਂ ਅਤੇ ਖੁੱਲ੍ਹੀਆਂ ਥਾਵਾਂ ਦਾ ਨਿਰੀਖਣ ਕੀਤਾ। ਟੀਮ ਨੇ ਘਰਾਂ ਵਿੱਚ ਪਏ ਕੂਲਰਾਂ, ਗਮਲਿਆਂ, ਫ੍ਰਿਜਾਂ ਦੀਆਂ ਪਿਛਲੀਆਂ ਵੇਸਟ-ਵਾਟਰ ਟਰੇਆਂ, ਪਾਣੀ ਦੀਆਂ ਢੱਕਣ-ਹੀਣ ਟੈਂਕੀਆਂ ਅਤੇ ਛੱਤਾਂ 'ਤੇ ਪਏ ਕਬਾੜ ਦੀ ਬਾਰੀਕੀ ਨਾਲ ਚੈਕਿੰਗ ਕੀਤੀ। ਜਿੱਥੇ ਵੀ ਪਾਣੀ ਖੜ੍ਹਾ ਮਿਲਿਆ, ਉਸ ਨੂੰ ਮੌਕੇ 'ਤੇ ਹੀ ਖ਼ਾਲੀ ਕਰਵਾਇਆ ਗਿਆ ਅਤੇ ਲੋਕਾਂ ਨੂੰ ਲਾਰਵਾ ਪੈਦਾ ਹੋਣ ਦੇ ਖ਼ਤਰਿਆਂ ਬਾਰੇ ਜਾਗਰੂਕ ਕੀਤਾ ਗਿਆ। ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਵਾਸੀਆਂ ਨੂੰ ਦੱਸਿਆ ਕਿ ਡੇਂਗੂ ਫੈਲਾਉਣ ਵਾਲਾ 'ਏਡੀਜ਼' ਮੱਛਰ ਹਮੇਸ਼ਾ ਘਰਾਂ ਦੇ ਅੰਦਰ ਜਾਂ ਆਲੇ-ਦੁਆਲੇ ਖੜ੍ਹੇ ਸਾਫ਼ ਪਾਣੀ ਵਿੱਚ ਹੀ ਆਂਡੇ ਦਿੰਦਾ ਹੈ। ਇਹ ਮੱਛਰ ਮੁੱਖ ਤੌਰ 'ਤੇ ਦਿਨ ਤੇ ਸ਼ਾਮ ਦੇ ਵੇਲੇ ਕੱਟਦਾ ਹੈ ਅਤੇ 7 ਦਿਨਾਂ ਦੇ ਅੰਦਰ ਆਂਡੇ ਤੋਂ ਪੂਰਾ ਮੱਛਰ ਬਣ ਕੇ ਤਿਆਰ ਹੋ ਜਾਂਦਾ ਹੈ। ਇਸ ਲਈ ਹਰ 7ਵੇਂ ਦਿਨ ਪਾਣੀ ਦੇ ਬਰਤਨਾਂ ਨੂੰ ਸਾਫ਼ ਕਰਨਾ ਬੇਹੱਦ ਜ਼ਰੂਰੀ ਹੈ। ਸਿਹਤ ਵਿਭਾਗ ਅਨੁਸਾਰ ਅਚਾਨਕ ਤੇਜ਼ ਬੁਖ਼ਾਰ, ਸਿਰ ਦਰਦ, ਮਾਸਪੇਸ਼ੀਆਂ, ਜੋੜਾਂ ਤੇ ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਚਮੜੀ 'ਤੇ ਲਾਲ ਦਾਣੇ ਅਤੇ ਨੱਕ/ਮਸੂੜਿਆਂ ਚੋਂ ਖ਼ੂਨ ਆਉਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। 'ਡੇਂਗੂ ਡੇ' ਦਾ ਨੇਮ ਅਪਣਾਉਂਦਿਆਂ ਹਫ਼ਤੇ ਵਿੱਚ ਇੱਕ ਦਿਨ ਕੂਲਰਾਂ, ਟਰੇਆਂ ਅਤੇ ਖੁਰਲੀਆਂ ਨੂੰ ਖ਼ਾਲੀ ਕਰਕੇ ਧੁੱਪ ਵਿੱਚ ਸੁਕਾਓ। ਪਾਣੀ ਦੀਆਂ ਟੈਂਕੀਆਂ ਦੇ ਢੱਕਣ ਏਅਰ-ਟਾਈਟ ਬੰਦ ਰੱਖੋ, ਟੁੱਟੇ-ਫੁੱਟੇ ਬਰਤਨ/ਟਾਇਰ ਖੁੱਲ੍ਹੇ ਵਿੱਚ ਨਾ ਰੱਖੋ ਅਤੇ ਪੂਰੀਆਂ ਬਾਂਹਾਂ ਦੇ ਕੱਪੜੇ ਪਹਿਨਣ ਦੇ ਨਾਲ ਮੱਛਰਦਾਨੀਆਂ/ਕਰੀਮਾਂ ਦੀ ਵਰਤੋਂ ਕਰੋ। ਬੁਖ਼ਾਰ ਹੋਣ 'ਤੇ ਝੋਲਾਛਾਪ ਡਾਕਟਰਾਂ ਦੀ ਬਜਾਏ ਸਰਕਾਰੀ ਹਸਪਤਾਲਾਂ ਨਾਲ ਸੰਪਰਕ ਕੀਤਾ ਜਾਵੇ, ਜਿੱਥੇ ਵਿਸ਼ੇਸ਼ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਇਸ ਵਿਸ਼ੇਸ਼ ਚੈਕਿੰਗ ਅਤੇ ਜਾਗਰੂਕਤਾ ਅਭਿਆਨ ਦੌਰਾਨ ਓਂਕਾਰ ਸਿੰਘ (ਸਿਹਤ ਕਰਮਚਾਰੀ), ਰਾਜਨ ਵੱਧਣ (ਬਰੀਡਿੰਗ ਚੈੱਕਰ), ਆਸ਼ਾ ਕਿਰਨ ਸਮੇਤ ਸਥਾਨਕ ਸਿਹਤ ਸਫ਼ਾਈ ਕਮੇਟੀ ਦੇ ਮੈਂਬਰ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਭਗਵਾਨ ਮਹਾਵੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੰਗਾ ਵਿੱਚ ਇਨਾਮ ਵੰਡ ਸਮਾਰੋਹ 'ਅਭਿਨੰਦਨ-2026' ਯਾਦਾਂ ਵਿਖੇਰਦਾ ਹੋਇਆ ਸੰਪੰਨ

ਬੰਗਾ 6 ਅਕਤੂਬਰ (ਮਨਜਿੰਦਰ ਸਿੰਘ)ਭਗਵਾਨ ਮਹਾਵੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੰਗਾ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ 'ਅਭਿਨੰਦਨ-2026' ਸਕੂਲ ਦੇ ਖੇਡ ਮੈਦਾਨ ਵਿੱਚ ਬਹੁਤ ਹੀ ਚਾਅ, ਠਾਠ-ਬਾਠ ਅਤੇ ਉਤਸ਼ਾਹਪੂਰਨ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ। ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਭਾਰਤ ਸਰਕਾਰ ਦੇ ਪ੍ਰਧਾਨ ਮੰਤਰੀ ਦਫ਼ਤਰ ਦੀ ਪ੍ਰਸ਼ਾਸਨਿਕ ਸਲਾਹਕਾਰ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਸੰਕਲਪ ਸੰਸਥਾ ਦੇ ਸੰਸਥਾਪਕ ਮਾਨਯੋਗ ਸੰਤੋਸ਼ ਕੁਮਾਰ ਤਨੇਜਾ ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਸੁਕੇਤ ਧੀਰ (ਸਹਿ-ਸੰਸਥਾਪਕ ਅਤੇ ਕ੍ਰੀਏਟਿਵ ਡਾਇਰੈਕਟਰ) ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਸਮਾਰੋਹ ਦੀ ਸ਼ੁਭ ਸ਼ੁਰੂਆਤ ਆਏ ਹੋਏ ਸਨਮਾਨਿਤ ਮਹਿਮਾਨਾਂ ਵੱਲੋਂ ਪਰੰਪਰਾਗਤ ਢੰਗ ਨਾਲ ਜੋਤ ਪ੍ਰਜਵਲਿਤ ਕਰਕੇ ਕੀਤੀ ਗਈ। ਇਸ ਤੋਂ ਬਅਦ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕੇ. ਵਸੁਧਾ ਜੈਨ ਨੇ ਆਏ ਹੋਏ ਸਮੂਹ ਮਹਿਮਾਨਾਂ, ਮਾਪਿਆਂ ਅਤੇ ਇਲਾਕੇ ਦੇ ਪ

ਕੌਮੀ ਔਸਤ ਨੂੰ ਪਿੱਛੇ ਛੱਡਦੇ ਹੋਏ ਸਿੱਖਿਆ ਦੇ ਖੇਤਰ ਵਿਚ ਪੰਜਾਬ ਦੀਆਂ ਕੁੜੀਆਂ ਦੀ ਸੈਕੰਡਰੀ ਪੱਧਰ 'ਤੇ ਦਾਖ਼ਲਾ ਦਰ 96.5 ਫ਼ੀਸਦੀ ਤੱਕ ਪੁੱਜੀ

ਬੇਟੀ ਬਚਾਓ, ਬੇਟੀ ਪੜ੍ਹਾਓ ਯੋਜਨਾ 100 ਫ਼ੀਸਦੀ ਕੇਂਦਰੀ ਫ਼ੰਡਾਂ ਦੇ ਬਾਵਜੂਦ ਸੂਬੇ ਅੰਦਰ ਪ੍ਰਸ਼ਾਸਨਿਕ ਕਾਰਵਾਈ ਤੇ ਜ਼ਮੀਨੀ ਹਕੀਕਤ ਸਵਾਲਾਂ ਦੇ ਘੇਰੇ 'ਚ

ਪਟਿਆਲਾ 6ਅਕਤੂਬਰ (ਰਾਜਿੰਦਰ ਸਿੰਘ ਥਿੰਦ) ਕੌਮੀ ਔਸਤ ਨੂੰ ਪਛਾੜਦੇ ਹੋਏ ਪੰਜਾਬ ਦੀਆਂ ਕੁੜੀਆਂ ਦੀ ਸੈਕੰਡ੍ਰੀ ਪੱਧਰ ਤੇ ਦਾਖਲਾ ਦਰ 96.5 ਫੀਸਦੀ ਤੱਕ ਪਹੁੰਚ ਗਈ ਹੈ।ਬੇਟੀ ਬਚਾਓ ਬੇਟੀ ਪੜਾਓ ਯੋਜਨਾ ਤਹਿਤ 100 ਫੀਸਦੀ ਫੰਡਾਂ ਦੇ ਬਾਵਜੂਦ ਸੂਬੇ ਅੰਦਰ ਪ੍ਰਸ਼ਾਨਿਕ ਕਾਰਵਾਈ ਤੇ ਜਮੀਨੀ ਹਕੀਕਤ ਅੱਜ ਸਵਾਲਾਂ ਦੇ ਘੇਰੇ ਵਿੱਚ ਹੈ! ਪੰਜਾਬ ਅੰਦਰ ਕੰਨਿਆ ਭਰੂਣ ਹੱਤਿਆ, ਲਿੰਗ ਅਨੁਪਾਤ ਅਤੇ ਕੁੜੀਆਂ ਦੀ ਸਿੱਖਿਆ ਨੂੰ ਲੈ ਕੇ ਕੇਂਦਰ ਤੇ ਸੂਬਾ ਸਰਕਾਰ ਦੇ ਦਾਅਵਿਆਂ ਦੀ ਅਸਲੀਅਤ ਇਕ ਸਰਕਾਰੀ ਦਸਤਾਵੇਜ਼ ਰਾਹੀਂ ਸਾਹਮਣੇ ਆਈ ਹੈ। 31 ਜੁਲਾਈ 2026 ਨੂੰ ਕੇਂਦਰੀ ਮੰਤਰਾਲੇ ਵਲੋਂ ਜਾਰੀ ਕੀਤੇ ਗਏ ਦਸਤਾਵੇਜ਼ ਅਨੁਸਾਰ ਸਰਕਾਰ ਨੇ ਪੰਜਾਬ ਵਿਚ ਕੁੜੀਆਂ ਦੀ ਸਥਿਤੀ ।ਸੁਧਰਨ ਦੇ ਵੱਡੇ ਦਾਅਵੇ ਕੀਤੇ ਹਨ। ਪਰ ਜਦੋਂ ਇਸ ਰਿਪੋਰਟ ਦਾ ਬਰੀਕੀ ਨਾਲ । ਅਧਿਐਨ ਕੀਤਾ ਜਾਂਦਾ ਹੈ, ਤਾਂ ਪ੍ਰਸ਼ਾਸਨਿਕ ਪੱਧਰ ▼ਤੇ ਕਈ ਵਿਰੋਧਾਭਾਸ ਅਤੇ ਸਵਾਲ

ਉੱਭਰ ਕੇ ਸਾਹਮਣੇ ਆਉਂਦੇ ਹਨ। ਸੂਤਰਾਂ ਅਨੁਸਾਰ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਧੀਆਂ ਦੀ ਸੁਰੱਖਿਆ ਦੇ ਮੁੱਦੇ @ਤੇ ਅਸਲੀਅਤ ਨੂੰ ਛੁਪਾਇਆ ਜਾ ਰਿਹਾ ਹੈ। ਭਰੂਣ ਹੱਤਿਆ, ਡਿੱਗਦਾ ਬਾਲ ਲਿੰਗ ਅਨੁਪਾਤ ਅਤੇ ਕੁੜੀਆਂ ਦੀ ਸਿੱਖਿਆ ਵਿਚ ਅਸਮਾਨਤਾ ਅਜੇ ਵੀ ਗੰਭੀਰ ਹੋਣਾਚਿੰਤਾ ਦਾ ਵਿਸ਼ਾ ਬਣੇ ਹੋਏ ਹਨ। ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਕੰਨਿਆ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਰਾਜ ਮੰਤਰੀ ਸ੍ਰੀਮਤੀ ਸਾਵਿਤਰੀ ਠਾਕੁਰ ਵਲੋਂ ਪੇਸ਼ ਰਿਪੋਰਟ ਵਿਚ ਕਈ ਪ੍ਰਸ਼ਾਸਨਿਕ ਕਮੀਆਂ ਸਾਫ਼ ਦਿਖਾਈ ਦਿੰਦੀਆਂ ਹਨ।ਰਿਪੋਰਟ ਅਨੁਸਾਰ ਧੀਆਂ ਦਾ ਜਨਮ ਸਮੇਂ ਲਿੰਗ 2 ਤੋਂ ਵਧ ਕੇ 922 ਹੋਇਆ, ਕੇਂਦਰੀ ਵਲੋਂ ਜ਼ਿਲ੍ਹੇਵਾਰ ਅੰਕੜੇ ਛਪਾਉਣਾ ਹੈਰਾਨਕੁੰਨ ਹੈ ਸਰਕਾਰ ਵਲੋਂ ਇਹ ਨਾ ਦੱਸਣਾ ਕਿ ਕਿਹੜੇ ਜ਼ਿਲ੍ਹਿਆਂ ਵਿਚ ਲਿੰਗ ਅਨੁਪਾਤ ਦੀ ਸਥਿਤੀ ਨਾਜ਼ੁਕ ਹੈ, ਸਰਕਾਰੀ ਪਾਰਦਰਸ਼ਤਾ @ਤੇ ਇਕ ਵੱਡਾ ਸਵਾਲ ਖੜ੍ਹਾ ਕਰਦਾ ਹੈ। ਕੀ ਸਰਕਾਰ ਜਾਣਬੁੱਝ ਕੇ ਉਨ੍ਹਾਂ ਜ਼ਿਲ੍ਹਿਆਂ ਦੀ ਅਸਫਲਤਾ ਅਸਫਲਤਾ ਨੂੰ ਨੂੰ ਛੁਪਾਉਣਾ ਛੁਪਾਉਣ ਚਾਹੁੰਦੀ ਹੈ ਜਿੱਥੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਜ਼ਮੀਨੀ ਪੱਧਰ @ਤੇ ਪ੍ਰਭਾਵ ਨਹੀਂ ਛੱਡ ਸਕੀ ? ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਹੈਲਥ ਮੈਨੇਜਮੈਂਟਇਨਫੋਰਮੇਸ਼ਨ ਸਿਸਟਮ ਦੀ ਤਾਜ਼ਾ ਰਿਪੋਰਟ ਦੇ ਹਵਾਲੇ ਨਾਲ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਲਿੰਗ ਅਨੁਪਾਤ ਵਿਚ ਭਾਰੀ ਸੁਧਾਰ ਹੋਇਆ ਹੈ। ਰਿਪੋਰਟ ਮੁਤਾਬਿਕ, ਰਾਸ਼ਟਰੀ ਪੱਧਰ @ਤੇ ਜਨਮ ਸਮੇਂ ਲਿੰਗ ਅਨੁਪਾਤ (ਐਸ ਆਰ ਬੀ) 2014-ਅ 15 ਦੇ 98 ਤੋਂ ਵਧ ਕੇ 2025-25 (ਆਰਜ਼ੀ) ਵਿਚ 929 ਹੋ ਗਿਆ ਹੈ। ਜੇਕਰ ਪੰਜਾਬ ਦੀ ਗੱਲ ਕਰੀਏ ਤਾਂ ਸਰਕਾਰੀ ਅੰਕੜਿਆਂ ਅਨੁਸਾਰ ਸੂਬੇ ਵਿਚ ਜਨਮ ਸਮੇਂ ਲਿੰਗ ਅਨੁਪਾਤ 2014-15 ??? 892 ??, ?? ?? 3025-26 ਤੱਕ ਸੁਧਰ ਕੇ 922 ਹੋ ਗਿਆ ਹੈ। ਇਹ ਅੰਕੜੇ ਕਾਗ਼ਜ਼ਾਂ ਵਿਚ ਜ਼ਰੂਰ ਰਾਹਤ ਦੇਣ ਵਾਲੇ ਹਨ, ਪਰ ਬਿਨ੍ਹਾਂ ਜ਼ਿਲ੍ਹਾਵਾਰ ਵੇਰਵਿਆਂ ਦੇ ਇਨ੍ਹਾਂ ਅੰਕੜਿਆਂ ਦੀ ਜ਼ਮੀਨੀ ਪ੍ਰਮਾਣਿਕਤਾ ਨੂੰ ਪੂਰੀ ਤਰ੍ਹਾਂ ਸਹੀ ਮੰਨਣਾ ਜਲਦਬਾਜ਼ੀ ਹੋਵੇਗੀ। ਸਿੱਖਿਆ ਦੇ ਮਾਮਲੇ ਵਿਚ ਪੰਜਾਬ ਦੀਆਂ ਕੁੜੀਆਂ ਨੇ ਕੰਮੀ ਔਸਤ ਨੂੰ ਵੀ ਪਿੱਛੇ ਛੱਡ ਦਿੱਤਾ ਹੈ ਜੋ ਕਿ ਪੰਜਾਬੀਆਂ ਲਈ ਮਾਣ ਵਾਲੀ

ਸੰਗਰੂਰ ਵਿੱਚ ਪਹਿਲੀ ਵਾਰ ਹੋਇਆ ਲਗਾਤਾਰ 13 ਘੰਟੇ ਦਾ ਨਾਮ ਸਿਮਰਨ

ਸਤਿਨਾਮ ਵਾਹਿਗੁਰੂ ਦੇ ਜਾਪ ਨੇ ਸਿਰਜਿਆ ਪਵਿੱਤਰ ਅਤੇ ਵਿਸਮਾਦਮਈ ਮਾਹੌਲ

ਸੰਗਰੂਰ 06 ਅਕਤੂਬਰ (ਜਸਪਾਲ ਸਿੰਘ ਸਰਾਓ) ਸਥਾਨਿਕ ਗੁਰਦੁਆਰਾ ਸਾਹਿਬ ਗੁਰੂ ਨਾਨਕ ਪੁਰਾ ਵਿਖੇ ਪ ?ਬੰਧਕ ਕਮੇਟੀ ਦੇ ਪ੍ਰਧਾਨ ਪ੍ਰੀਮ ਸਿੰਘ, ਨਰਿੰਦਰ ਪਾਲ ਸਿੰਘ ਸਾਹਨੀ ਐਡਵੋਕੇਟ ਜਨਰਲ ਸਕੱਤਰ, ਗੁਰਿੰਦਰ ਸਿੰਘ ਗੁਜਰਾਲ, ਹਰਦੀਪ ਸਿੰਘ ਸਾਹਨੀ, ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ, ਬੀਬੀ ਸਵਰਨ ਕੌਰ ਪ੍ਰਧਾਨ ਇਸਤਰੀ ਸਤਿਸੰਗ ਸਭਾ ਦੀ ਦੇਖ ਰੇਖ ਹੇਠ ਅਤੇ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਸੁਸਾਇਟੀ ਦੇ ਪ੍ਰਧਾਨ ਜਸਵਿੰਦਰ ਸਿੰਘ ਸਾਹਨੀ, ਗਗਨਦੀਪ ਸਿੰਘ ਗੱਗੀ, ਗੁਰਪ੍ਰੀਤ ਸਿੰਘ ਰੋਬਿਨ, ਦਮਨਜੀਤ ਸਿੰਘ ਸਰਨਾ, ਗੁਰਸਿਮਰਨ ਸਿੰਘ ਗੁਜਰਾਲ ਅਤੇ ਰਾਜਵਿੰਦਰ ਸਿੰਘ ਲੱਕੀ ਦੇ ਵਿਸ਼ੇਸ਼ ਉੱਦਮ ਉਪਰਾਲੇ ਸਦਕਾ ਪਹਿਲੀ ਵਾਰ 13 ਘੰਟੇ ਦਾ ਲਗਾਤਾਰ ਜਪ - ਤਪ ਸਮਾਗਮ ਕੀਤਾ ਗਿਆ। ਸਵੇਰੇ 8 ਵਜੇ ਤੋਂ ਆਰੰਭ ਹੋਏ ਇਸ ਸਮਾਗਮ ਵਿੱਚ ਸ਼ਹਿਰ ਦੀਆਂ ਸਮੂਹ ਗੁਰਦੁਆਰਾ ਸਾਹਿਬਾਨ ਦੀਆਂ ਪ ?ਬੰਧਕ ਕਮੇਟੀਆਂ ਅਤੇ ਸੇਵਾ ਸੁਸਾਇਟੀਆਂ ਅਤੇ ਇਸਤਰੀ ਸਤਿਸੰਗ ਸਭਾਵਾਂ ਦੇ ਮੁਖੀਆਂ ਜਿਨਾਂ ਵਿੱਚ ਭਾਈ ਗੁਰਪ੍ਰੀਤ ਸਿੰਘ, ਕੁਲਵੰਤ ਸਿੰਘ ਬੁਰਜ, ਜਸਵੀਰ ਸਿੰਘ ਪਿੰਕਾ, ਗੁਰਮੀਤ ਸਿੰਘ, ਜਤਿੰਦਰ ਸਿੰਘ ਰੇਖੀ, ਬਲਵਿੰਦਰ ਸਿੰਘ, ਹਰਭਜਨ ਸਿੰਘ ਭੱਟੀ, ਗੁਰਿੰਦਰ ਵੀਰ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਚਰਨਜੀਤ ਪਾਲ ਸਿੰਘ, ਦਲਵੀਰ ਸਿੰਘ ਬਾਬਾ, ਗੁਰਮੀਤ ਸਿੰਘ ਸਾਹਨੀ, ਜਸਵਿੰਦਰ ਪਾਲ ਸਿੰਘ ਵਿੱਕੀ, ਹਰਪ੍ਰੀਤ ਸਿੰਘ, ਸਤਪਾਲ ਸਿੰਘ, ਸੁਖਦੇਵ ਸਿੰਘ ਰਤਨ, ਜਸਵੰਤ ਸਿੰਘ, ਗੁਰਮੀਤ ਸਿੰਘ, ਲਖਵੀਰ ਸਿੰਘ ਲੱਖਾ, ਬਲਵੰਤ ਸਿੰਘ ਭਿੰਖੀ, ਬੀਬੀ ਸਿਮਰਤ ਰਾਣਾ ਕੌਰ ਪੂਨੀਆ, ਸ਼ਵਿੰਦਰ ਕੌਰ, ਬਲਵੰਤ ਕੌਰ, ਸੰਤੋਸ਼ ਕੌਰ, ਜਤਿੰਦਰ ਕੌਰ, ਵਰਿੰਦਰ ਕੌਰ, ਇੰਦਰਪਾਲ ਕੌਰ, ਪਰਮਜੀਤ ਕੌਰ, ਅੰਮ੍ਰਿਤ ਕੌਰ, ਚੰਚਲ ਰਾਣੀ, ਗੁਰਲੀਨ ਕੌਰ, ਮਹਿਕਪ੍ਰੀਤ ਕੌਰ, ਪਰਵਿੰਦਰ ਕੌਰ, ਰੇਖਾ ਰਾਣੀ, ਕਿਰਨ ਦੂਆ, ਪ੍ਰਿਪਾਲ ਕੌਰ ਸਾਹਨੀ, ਜੋਗਿੰਦਰ ਕੌਰ,ਗੁਰਬੀਰ ਕੌਰ, ਸੁਰਿੰਦਰ ਕੌਰ, ਮਨਜੀਤ ਕੌਰ, ਰੁਪਿੰਦਰ ਕੌਰ ਆਦਿ ਦੀ ਅਗਵਾਈ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਨੇ ਕੇਵਲ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਫਿਜ਼ਾ ਵਿੱਚ ਨਾਮ ਦਾ ਰਸ ਘੋਲਿਆ ਜਿਸ ਨਾਲ ਪਵਿੱਤਰ ਤੇ ਵਿਸਮਾਦਮਈ ਮਾਹੌਲ ਸਿਰਜਿਆ ਗਿਆ। ਰਾਤ 9 ਵਜੇ ਹੋਈ ਸਮਾਪਤੀ ਮੌਕੇ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਨਾਲ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ। ਪ ?ਬੰਧਕ ਕਮੇਟੀ ਵੱਲੋਂ ਸਮਾਗਮ ਦੌਰਾਨ ਚਾਹ, ਰਿਫਰੈਸ਼ਮੈਂਟ, ਬਨਾਨਾ ਸ਼ੇਕ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਨਰਿੰਦਰ ਪਾਲ ਸਿੰਘ ਸਾਹਨੀ ਨੇ ਸੰਗਤਾਂ ਵੱਲੋਂ ਦਰਸਾਏ ਅਥਾਹ ਉਤਸ਼ਾਹ ਅਤੇ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਵਿਸ਼ੇਸ਼ ਸਹਿਯੋਗ ਲਈ ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ, ਪ ?ਮੋਦ ਕੁਮਾਰੀ, ਰਾਜ ਕੁਮਾਰ ਰਾਜੂ, ਜੰਗ ਸਿੰਘ ਸੇਵਾਦਾਰ ਅਤੇ ਸਮੂਹ ਸੰਸਥਾਵਾਂ ਦੇ ਮੁੱਖੀਆਂ ਨੂੰ ਪ੍ਰੀਮ ਸਿੰਘ, ਜਸਵਿੰਦਰ ਸਿੰਘ ਸਾਹਨੀ, ਹਰਭਜਨ ਸਿੰਘ ਭੱਟੀ, ਸਵਰਨ ਕੌਰ, ਪਰਵਿੰਦਰ ਕੌਰ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਜਸਵਿੰਦਰ ਸਿੰਘ, ਚਰਨਕਮਲ ਸਿੰਘ ਸ਼ੇਖੋਂ, ਸੁਖਵਿੰਦਰ ਸਿੰਘ, ਗਗਨਜੀਤ ਸਿੰਘ, ਸਮਰਪ੍ਰੀ ਸਿੰਘ, ਹਰਿੰਦਰਵੀਰ ਸਿੰਘ, ਗੁਰਪ੍ਰੀਤ ਸਿੰਘ, ਗੁਰਕੰਵਲ ਸਿੰਘ, ਜਗਜੀਤ ਸਿੰਘ, ਮਨਵਿੰਦਰ ਸਿੰਘ ਸੋਬਤੀ, ਗੁਰਿੰਦਰ ਸਿੰਘ ਸਰਨਾ, ਆਦਿ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ।

ਸਨੌਰ ਹਲਕੇ 'ਚ ਆਮ ਆਦਮੀ ਨੇ ਰਿਵਾਇਤੀ ਪਾਰਟੀਆਂ ਨੂੰ ਵੱਡਾ ਝੱਟਕਾ

• ਮਸੀਂਗਣ ਦੇ ਦਰਜਨਾਂ ਪਰਿਵਾਰਾਂ ਨੇ ਹਡਾਣਾ ਦੀ ਅਗਵਾਈ ਕਬੂਲੀ

ਸਨੌਰ /ਦੇਵੀਗੜ੍ਹ 6 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਅੱਜ ਹਲਕਾ ਸਨੌਰ ਅਧੀਨ ਪੈਂਦੇ ਪਿੰਡ ਮਸੀਂਗਣ ਵਿਖੇ ਉਸ ਸਮੇਂ ਰਵਾਇਤੀ ਪਾਰਟੀਆਂ ਨੂੰ ਵੱਡਾ ਝਟਕਾ ਲੱਗਾ, ਜਦੋਂ ਵੱਖ - ਵੱਖ ਪਾਰਟੀਆਂ ਦੀਆਂ ਨੀਤੀਆਂ ਨੂੰ ਅਲਵਿਦਾ ਆਖ ਕੇ ਕਈ ਦਰਜਨਾਂ ਪਰਿਵਾਰ ਗਸੀ ਤੌਰ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਹਡਾਣਾ ਨੇ ਇਸ ਮੌਕੇ ਵਿਸ਼ੇਸ਼ ਤੌਰ ਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਇਲਾਕੇ ਅੰਦਰ ਕਰਵਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਸਦਕਾ ਆਮ ਆਦਮੀ ਪਾਰਟੀ ਦਾ ਕਾਫ਼ਲਾ ਦਿਨ-ਬ-ਦਿਨ ਵੱਡਾ ਹੁੰਦਾ ਜਾ ਰਿਹਾ ਹੈ। ਸ਼ਾਮਲ ਹੋਣ ਵਾਲਿਆਂ ਵਿੱਚ ਪਵਨ ਕੁਮਾਰ, ਮੰਗਾ ਰਾਮ, ਗੁਰਪ੍ਰੀਤ ਸਿੰਘ, ਮਨੀਸ਼, ਹਰਪ੍ਰੀਤ ਸਿੰਘ, ਰਾਹੁਲ,

ਸੁਰੇਸ਼, ਕੁਲਵਿੰਦਰ, ਰਾਜ ਕੁਮਾਰ, ਬਿੰਦਰ ਕੁਮਾਰ, ਬੰਟੀ ਸਿੰਘ, ਅਭਿਸ਼ੇਕ, ਬਚਿੱਤਰ ਸਿੰਘ, ਰਾਮੇਸ਼ਵਰ ਅਤੇ ਹੋਰ ਕਈ ਪਿੰਡ ਵਾਸੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ. ਸਮੂਹ ਆਗੂਆਂ ਤੇ ਪਰਿਵਾਰਾਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਅੱਜ ਲੋਕ ਰਵਾਇਤੀ ਧਿਰਾਂ ਦੇ ਲਾਰਿਆਂ ਤੋਂ ਅੱਕ ਕੇ 'ਆਪ' ਦੀ ਕੰਮ ਅਤੇ ਇਮਾਨਦਾਰੀ ਦੀ ਰਾਜਨੀਤੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਮੁਫ਼ਤ ਬਿਜਲੀ, ਸਿਹਤ ਤੇ ਸਿੱਖਿਆ ਖੇਤਰ ਵਿੱਚ ਇਨਕਲਾਬੀ ਕਦਮ ਅਤੇ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਨੌਕਰੀਆਂ ਦੇਣ ਵਰਗੇ ਇਤਿਹਾਸਕ ਫ਼ੈਸਲਿਆਂ ਨੇ ਲੋਕਾਂ ਦੇ ਦਿਲ ਜਿੱਤੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਮਸੀਂਗਣ ਦੇ ਸਰਬਪੱਖੀ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਰਹਿੰਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਸ ਮੌਕੇ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਚੇਅਰਮੈਨ ਦਲਜੀਤ ਸਿਓਲ, ਜੈ ਦੀਪ, ਖੁਸ਼ੀ ਮਸੀਂਗਣ, ਸਰਪੰਚ ਰਾਜਾ ਧੰਜੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਦੇ ਅਹੁਦੇਦਾਰ, ਪੰਚ-ਸਰਪੰਚ ਅਤੇ ਸੀਨੀਅਰ ਵਲੰਟੀਅਰ ਹਾਜ਼ਰ ਸਨ।

ਬਾਬਾ ਬੁੱਢਾ ਸ਼ਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲਗਾਇਆ ਲੰਗਰ

ਕੋਟਕਪੂਰਾ (6 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਅੱਜ ਸਥਾਨਕ ਮੇਨ ਬਾਈਪਾਸ ਬਠਿੰਡਾ ਫਰੀਦਕੋਟ ਰੋਡ ਤੇ ਨਪਾਲੀ ਢਾਬੇ ਦੇ ਨਜ਼ਦੀਕ ਪੈਟਰੋਲ ਪੰਪ ਉੱਤੇ ਠੇਕੇਦਾਰ ਦਰਸ਼ਨ ਸਿੰਘ ਅਤੇ ਠੇਕੇਦਾਰ ਗੁਰਦੇਵ ਸਿੰਘ ਤੇ ਪਰਿਵਾਰ ਵੱਲੋਂ ਬਾਬਾ ਬੁੱਢਾ ਸ਼ਾਹਿਬ ਤੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ ਗਿਆ ਇਸ ਮੌਕੇ ਠੇਕੇਦਾਰ ਦਰਸ਼ਨ ਸਿੰਘ ਵੱਲੋਂ ਦੱਸਿਆ ਗਿਆ ਕਿ ਸਤਿਗੁਰਾਂ ਦੀ ਅਪਾਰ ਕਿਰਪਾ ਸਦਕਾ ਸਾਡੇ ਸਮੁੱਚੇ ਪਰਿਵਾਰ ਵੱਲੋਂ ਆਪਣੀ ਦਸਾਂ ਨੌਹਾਂ ਦੀ ਕਮਾਈ ਨੂੰ ਸਫਲ ਬਣਾਉਣ ਵਾਸਤੇ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਹਰੇਕ ਸਾਲ ਸੰਗਤਾਂ ਵਾਸਤੇ ਦਿਹਾੜੀ ਕੋਠੇ ਪੰਚਾਇਤ ਅਤੇ ਆਮ ਲੋਕਾਂ ਵੱਲੋਂ ਲੰਗਰ ਲਗਾਇਆ ਜਾਂਦਾ ਹੈ ਇਸੇ ਲੜੀ ਤਹਿਤ ਪੰਜਵਾਂ ਸਲਾਨਾ ਲੰਗਰ ਲਗਾਇਆ ਗਿਆ ਜਿਸ ਵਿੱਚ ਅੱਜ ਸੁਬਾ ਤੋਂ ਲੈ ਕੇ ਸ਼ਾਮ ਤੱਕ ਪਕੌੜੇ, ਜਲੇਬੀਆਂ, ਪੂਰੀਆਂ, ਪਾਣੀ ਅਤੇ ਪ੍ਰਸਾਦੇ ਦਾ ਲੰਗਰ ਲਗਾਇਆ ਗਿਆ ਹੈ ਜੋ ਲਗਾਤਾਰ ਤਿੰਨ ਦਿਨ 6,7,8 ਅਕਤੂਬਰ ਤੱਕ ਚੱਲੇਗਾ ਇਸ ਮਹਾਨ ਜੱਗ ਵਿੱਚ ਆਮ ਲੋਕਾਂ ਤੋਂ ਇਲਾਵਾ ਵੱਖ-ਵੱਖ ਪਾਰਟੀਆਂ ਦੇ ਆਗੂ ਆਪਣਾ ਯੋਗਦਾਨ ਪਾ ਕੇ ਆਪਣੀ ਕਮਾਈ ਸਫਲ ਕਰ ਰਹੇ ਹਨ ਜਿਨਾਂ ਵਿੱਚ ਅੱਜ ਸੁਬਾ ਕਾਂਗਰਸ ਦੇ ਉੱਗੇ ਆਗੂ ਅਤੇ ਹਲਕਾ ਇੰਚਾਰਜ ਸ੍ ਅਜੇ ਪਾਲ ਸਿੰਘ ਸੰਧੂ ਅਤੇ ਅਕਾਲੀ ਦਲ ਦੇ ਸਾਬਕਾ ਮੰਤਰੀ ਸ੍ ਮਨਤਾਰ ਸਿੰਘ ਬਰਾੜ ਨੇ ਪੰਗਤੀਆਂ ਵਿੱਚ ਬੈਠ ਕੇ ਲੰਗਰ ਛਕਿਆ ਇਸ ਚੱਲ ਰਹੇ ਜੱਗ ਵਿੱਚ ਓਲਡ ਇਜ ਗੋਲਡ ਕਲੱਬ ਦੇ ਪ੍ਰਧਾਨ ਰਿਟਾ ਮਾਸਟਰ ਜੋਗਿੰਦਰ ਸਿੰਘ ਅਤੇ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਸੇਵਾ ਨਿਭਾਈ ਜਾ ਰਹੀ ਹੈ।

ਚੌਥੇ ਵਿਸ਼ਾਲ ਨਗਰ ਕੀਰਤਨ ਵਿੱਚ ਬਲਜਿੰਦਰ ਸਿੰਘ ਢਿੱਲੋਂ ਨੇ ਕੀਤੀ ਸ਼ਮੂਲੀਅਤ

• ਸਮੂਹ ਸੰਗਤ ਨਾਲ ਮਿਲ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰ ਸਰਬੱਤ ਦੇ ਭਲੇ ਦੀ ਕੀਤੀ ਅਰਦਾਸ

ਸਨੌਰ: 5 ਸਤੰਬਰ (ਰਾਜਿੰਦਰ ਸਿੰਘ ਥਿੰਦ) ਬਾਬਾ ਬਲਬੀਰ ਸਿੰਘ ਜੀ ਦੀ ਅਗਵਾਈ ਵਿੱਚ ਸਮੂਹ ਸਾਧ ਸੰਗਤ ਗੁਰਦੁਆਰਾ ਟਿੱਬੀ ਸਾਹਿਬ (ਰਜਿ:) ਸਨੌਰ ਅਤੇ ਪ੍ਰਬੰਧਕ ਕਮੇਟੀਆਂ ਵੱਲੋਂ ਹਲਕਾ ਸਨੌਰ ਦੇ ਪਵਿੱਤਰ ਅਸਥਾਨ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਕਰਵਾਏ ਗਏ ਚੌਥੇ ਵਿਸ਼ਾਲ ਨਗਰ ਕੀਰਤਨ ਵਿੱਚ ਲੋਕ ਸਭਾ ਪਟਿਆਲਾ ਦੇ ਇੰਚਾਰਜ ਅਤੇ ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਸ਼ਰਧਾ ਅਤੇ

ਖ਼ੂਨਦਾਨ ਸੇਵਾਵਾਂ ਵਿੱਚ ਕਾਰਗੁਜ਼ਾਰੀ ਲਈ ਪਟਿਆਲਾ ਜ਼ਿਲ੍ਹੇ ਨੂੰ ਰਾਜ ਪੱਧਰੀ ਸਨਮਾਨ

ਪਟਿਆਲਾ, 6 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਵੱਲੋਂ ਖ਼ੂਨਦਾਨ ਅਤੇ ਖ਼ੂਨ ਸੰਚਾਰ ਸੇਵਾਵਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਅਤੇ ਜ਼ਿਲ੍ਹਾ ਨੋਡਲ ਅਫਸਰ ਡਾ.ਗੁਰਪ੍ਰੀਤ ਨਾਗਰਾ ਨੂੰ ਸਨਮਾਨਿਤ ਕੀਤਾ ਗਿਆ ਹੈ। ਪੰਜਾਬ ਸਟੇਟ ਬਲੱਡ ਟਰਾਂਸਫਿਊਜ਼ਨ ਕੌਂਸਲ/ਬਲੱਡ ਟਰਾਂਸਫਿਊਜ਼ਨ ਸਰਵਿਸਿਜ਼, ਪੰਜਾਬ ਵੱਲੋਂ ਜ਼ਿਲ੍ਹਾ ਪਟਿਆਲਾ ਨੂੰ ਸਾਲ 2025-26 ਦੌਰਾਨ E-Raktkosh ਡਾਟਾ ਦੇ ਆਧਾਰ 'ਤੇ Best Performing District – Maximum KPI Achievement ਲਈ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ। ਇਹ ਸਨਮਾਨ 5 ਅਕਤੂਬਰ 2026 ਨੂੰ ਚੰਡੀਗੜ੍ਹ ਵਿਖੇ ਮਨਾਏ ਗਏ ਰਾਜ ਪੱਧਰੀ ਰਾਸ਼ਟਰੀ ਸਵੈਇੱਛਿਕ ਖ਼ੂਨਦਾਨ ਦਿਵਸ ਸਮਾਗਮ ਦੌਰਾਨ ਦਿੱਤਾ ਗਿਆ। ਪ੍ਰਸ਼ੰਸਾ ਪੱਤਰ ਵਿੱਚ ਜ਼ਿਲ੍ਹਾ ਪਟਿਆਲਾ ਵੱਲੋਂ ਖ਼ੂਨ ਸੰਚਾਰ ਦੀਆਂ ਜੀਵਨ-ਰੱਖਿਅਕ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਿਹਤ ਵਿਭਾਗ ਵੱਲੋਂ ਕਿਹਾ ਗਿਆ ਕਿ ਇਹ ਉਪਲਬਧੀ ਸਿਹਤ ਵਿਭਾਗ ਦੇ ਅਧਿਕਾਰੀਆਂ, ਬਲੱਡ ਬੈਂਕਾਂ ਦੀਆਂ ਟੀਮਾਂ, ਸਟਾਫ਼, ਸਵੈਇੱਛਿਕ ਖ਼ੂਨਦਾਨੀਆਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ। ਨਿਯਮਿਤ ਸਵੈਇੱਛਿਕ ਖ਼ੂਨਦਾਨ ਨਾਲ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਅਤੇ ਇਸ ਦੇ ਅੰਗ ਉਪਲਬਧ ਕਰਵਾਉਣ ਵਿੱਚ ਮਹੱਤਵਪੂਰਨ ਮਦਦ ਮਿਲਦੀ ਹੈ।

ਡਾ. ਜਮੀਲ ਉਰ ਰਹਿਮਾਨ ਨੇ ਅਨਾਜ ਮੰਡੀ ਮਾਲੇਰਕੋਟਲਾ ਵਿਖੇ ਝੋਨੇ ਦੀ ਸਰਕਾਰੀ ਖਰੀਦ ਕਰਵਾਈ ਸ਼ੁਰੂ

ਮਾਲੇਰਕੋਟਲਾ, 6 ਅਕਤੂਬਰ (ਮੁਨਸ਼ੀ ਫਾਰੂਕ): ਵਿਧਾਇਕ ਮਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਸਥਾਨਕ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ, ਮਜ਼ਦੂਰਾਂ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਵੱਲੋਂ ਵੇਚੀ ਗਈ ਝੋਨੇ ਦੀ ਫ਼ਸਲ ਦੀ ਅਦਾਇਗੀ ਖਰੀਦ ਏਜੰਸੀਆਂ ਵੱਲੋਂ ਨਿਰਧਾਰਤ ਸਮੇਂ ਅਨੁਸਾਰ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ। ਖਰੀਦ ਕੇਂਦਰਾਂ ਵਿੱਚ ਕਿਸਾਨਾਂ ਅਤੇ ਹੋਰਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਛਾਂ, ਰੌਸ਼ਨੀ ਸਮੇਤ ਹੋਰ ਬੁਨਿਆਦੀ ਸਹੂਲਤਾਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਵਿਧਾਇਕ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਫ਼ਸਲ ਹੀ ਲੈ ਕੇ ਆਉਣ, ਤਾਂ ਜੋ ਉਨ੍ਹਾਂ ਨੂੰ ਫ਼ਸਲ ਦੀ ਵਿਕਰੀ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਮੰਡੀਆਂ ਵਿੱਚ ਬੇਲੋੜੀ ਭੀੜ ਦੀ ਸਮੱਸਿਆ ਤੋਂ ਵੀ ਬਚਿਆ ਜਾ ਸਕੇ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੀ ਗਈ ਫ਼ਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਕੀਤੀ ਜਾਵੇਗੀ। ਇਸ ਮੌਕੇ ਐਸ.ਡੀ.ਐਮ ਮਾਲੇਰਕੋਟਲਾ ਕਨੂ ਗਰਗ, ਚੇਅਰਮੈਨ ਮਾਰਕਿਟ ਕਮੇਟੀ ਜਾਫਰ ਅਲੀ, ਚੇਅਰਮੈਨ ਹੱਜ ਕਮੇਟੀ ਮੁਹੰਮਦ ਹਾਸ਼ਿਮ, ਸਕੱਤਰ ਮਾਰਕਿਟ ਕਮੇਟੀ ਹਰਪ੍ਰੀਤ ਸਿੰਘ, ਇੰਸਪੈਕਟਰ ਇੰਚਾਰਜ ਖੁਰਾਕ ਸਪਲਾਈ ਵਿਭਾਗ ਗਸ਼ਮਿੰਦਰ ਸਿੰਘ ਹਾਜਰ ਸਨ ।

ਭਾਕਿਯੂ ਏਕਤਾ ਉਗਰਾਹਾਂ ਵੱਲੋਂ ਡੀਸੀ ਦਫ਼ਤਰ ਦਾ ਘਿਰਾਓ ਸਮਾਪਤ

ਸ੍ਰੀ ਮੁਕਤਸਰ ਸਾਹਿਬ, 6 ਅਕਤੂਬਰ (ਆਦੇਸ਼): ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤੇ ਦਾ ਵਿਰੋਧ, ਲੈਂਡ ਪੂਲਿੰਗ ਪਾਲਿਸੀ ਰੱਦ ਕਰਨ, ਜ਼ਮੀਨਾਂ ਦੇ ਮਾਲਕੀ ਹੱਕ ਬਹਾਲ ਕਰਨ, ਕਰਜ਼ਾ ਮੁਕਤੀ ਅਤੇ ਪੁਲਿਸ ਕੇਸ ਰੱਦ ਕਰਨ ਸਮੇਤ ਹੋਰ ਮੰਗਾਂ ਨੂੰ ਲੈ ਕੇ 5 ਅਕਤੂਬਰ ਤੋਂ ਡੀਸੀ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਅੱਗੇ ਸ਼ੁਰੂ ਕੀਤਾ ਘਿਰਾਓ ਅੱਜ ਦੂਜੇ ਦਿਨ ਸਮਾਪਤ ਕਰ ਦਿੱਤਾ ਗਿਆ। ਪੰਜਾਬ ਸਰਕਾਰ ਵੱਲੋਂ 13 ਅਕਤੂਬਰ ਨੂੰ ਪੰਜਾਬ ਭਵਨ, ਚੰਡੀਗੜ੍ਹ ਵਿਖੇ ਮੀਟਿੰਗ ਸਬੰਧੀ ਪੱਤਰ ਦਿੱਤੇ ਜਾਣ ਤੋਂ ਬਾਅਦ ਇਹ ਫੈਸਲਾ ਲਿਆ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਮੰਗਾਂ ਲਾਗੂ ਹੋਣ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਪੰਜਾਬ ਸਰਕਾਰ ਤੋਂ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਜਲਦ ਬੁਲਾਉਣ ਅਤੇ ਲੈਂਡ ਪੂਲਿੰਗ ਪਾਲਿਸੀ ਰੱਦ ਕਰਨ ਦਾ ਮਤਾ ਪਾਸ ਕਰਨ ਦੀ ਮੰਗ ਕੀਤੀ। ਉਨ੍ਹਾਂ ਖੇਤਾਂ ਵਿੱਚ ਮੈਪਿੰਗ ਲਈ ਡਰੋਨ ਚਲਾਉਣੇ ਬੰਦ ਕਰਨ ਦੀ ਵੀ ਮੰਗ ਕੀਤੀ। ਆਗੂਆਂ ਨੇ ਐਮਐਸਪੀ ਦੀ ਕਾਨੂੰਨੀ ਗਾਰੰਟੀ, ਕਿਸਾਨਾਂ-ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਹੜ੍ਹਾਂ ਨਾਲ ਹੋਏ ਨੁਕਸਾਨ ਦਾ ਮੁਆਵਜ਼ਾ, ਮਨਰੇਗਾ ਤਹਿਤ 200 ਦਿਨ ਕੰਮ ਦੀ ਗਾਰੰਟੀ ਅਤੇ ਅੰਦੋਲਨਾਂ ਦੌਰਾਨ ਦਰਜ ਕੇਸ ਰੱਦ ਕਰਨ ਦੀਆਂ ਮੰਗਾਂ ਵੀ ਉਠਾਈਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਮਜ਼ਦੂਰ ਹਾਜ਼ਰ ਸਨ।

ਲੋਕਾਂ ਨੂੰ ਤੀਰਥ ਯਾਤਰਾ ਕਰਵਾਉਣ ਵਾਲੀ ਭਗਵੰਤ ਮਾਨ ਪਹਿਲੀ ਸਰਕਾਰ :ਰੱਜਣ ਸਿੰਘ

ਪਟਿਆਲਾ, 6 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਅੱਜ ਹਰ ਪਾਸੇ ਭਰਵੀਂ ਸ਼ਲਾਘਾ ਹੋ ਰਹੀ ਹੈ। ਲੋਕਾਂ ਨੂੰ ਤੀਰਥ ਯਾਤਰਾ ਕਰਵਾਉਣ ਵਾਲੀ ਇਹ ਪਹਿਲੀ ਸਰਕਾਰ ਹੈ ਜਿਸ ਨੂੰ ਸੂਬੇ ਦੇ ਲੋਕਾਂ ਨੂੰ ਸਾਰੇ ਧਾਰਮਿਕ ਅਸਥਾਨਾਂ ਦੀ ਮੁਫ਼ਤ ਯਾਤਰਾ ਕਰਵਾਈ ਜਾ ਰਹੀ ਹੈ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਜ਼ਿਲ੍ਹਾ ਮੀਡਿਆ ਇੰਚਾਰਜ ਗੱਜਣ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਬਾਤ ਕਰਨ ਮੌਕੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਯੋਜਨਾ ਤਹਿਤ ਬਜ਼ੁਰਗਾਂ ਨੂੰ ਮੁਫਤ ਤੀਰਥ ਯਾਤਰਾ ਕਰਵਾਈ ਜਾ ਰਹੀ ਹੈ, ਜਿਸ ਵਿੱਚ ਉਹਨਾਂ ਨੂੰ ਸਫਰ ਲਈ ਇੱਕ ਕਿੱਟ, ਗਲਾਸ, ਚੰਗੀ ਕਿਸਮ ਦਾ ਖਾਣਾ ਅਤੇ ਰਹਿਣ-ਸਹਿਣ ਦਾ ਵਧੀਆ ਪ੍ਰਬੰਧ ਸਰਕਾਰ ਵੱਲੋਂ ਕੀਤਾ ਜਾਂਦਾ ਹੈ। ਇਸੇ ਲੜੀ ਤਹਿਤ ਅੱਜ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਜੀ ਦੇ ਯਤਨਾਂ ਸਦਕਾ ਵਾਰਡ ਨੰਬਰ 6, ਪਟਿਆਲਾ ਦਿਹਾਤੀ ਤੋਂ 45 ਯਾਤਰੀਆਂ ਦੀ ਬਸ ਜਸਬੀਰ ਸਿੰਘ ਗਾਂਧੀ ਕੌਂਸਲਰ ਅਤੇ ਵਾਰਡ ਇੰਚਾਰਜ ਸ ਹਰੀਸ਼ ਸੁਖੀਜਾ ਵੱਲੋਂ ਹਰੀ ਝੰਡੀ ਦੇ ਕੇ ਸ਼ਰਧਾਲੂਆਂ ਦੀ ਇੱਕ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ, ਦੁਰਗਿਆਨਾ ਮੰਦਿਰ ਅਤੇ ਵਾਘਾ ਬਾਰਡਰ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ ਇਸ ਮੌਕੇ ਕੁਲਦੀਪ ਕੌਰ, ਦਿਲਜੀਤ ਸਿੰਘ ਰਾਏ, ਜਗਸੀਰ ਸਿੰਘ , ਇੰਦਰਪਾਲ ਸਿੰਘ ਕੋਹਲੀ ਕਮਲਜੀਤ ਸਿੰਘ ਆਦਿ ਗਾਂਧੀ ਜੀ ਨਾਲ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਚੋਣ ਮੁਹਿੰਮ ਤਹਿਤ ਹਲਕਾ ਆਤਮ ਨਗਰ ਵਿੱਚ ਅਕਾਲੀ ਆਗੂਆਂ ਨੇ ਘਰ ਘਰ ਜਾ ਕੇ ਪੁੱਛੀਆਂ ਸਮੱਸਿਆਵਾਂ ਅਤੇ ਮੰਗਾਂ

ਲੁਧਿਆਣਾ, 6 ਅਕਤੂਬਰ (ਸੂਰਜ): ਸ਼੍ਰੋਮਣੀ ਅਕਾਲੀ ਦਲ ਵਲੋਂ ਪੰਜਾਬ ਪੱਧਰ ਤੇ ਘਰ ਘਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਪ੍ਰਤੀ ਜਾਣਕਾਰੀ ਪ੍ਰਾਪਤ ਕਰਨ ਸੰਬੰਧੀ ਸ਼ੁਰੂ ਕੀਤੀ ਗਈ ਮੁਹਿੰਮ ਦੇ ਤਹਿਤ ਵਿਧਾਨ ਸਭਾ ਹਲਕਾ ਆਤਮ ਨਗਰ ਦੇ ਸਾਰੇ ਵਾਰਡਾਂ ਵਿੱਚ ਹਲਕਾ ਇੰਚਾਰਜ ਸ.ਜਗਬੀਰ ਸਿੰਘ ਸੋਖੀ ਦੇ ਦਿਸ਼ਾ ਨਿਰਦੇਸ਼ਾਂ ਤੇ ਅਕਾਲੀ ਆਗੂਆਂ ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸਬੰਧੀ ਫਾਰਮ ਭਰਵਾ ਕੇ ਜਾਣਕਾਰੀ ਇੱਕਠੀ ਕੀਤੀ। ਇਸ ਮੌਕੇ ਤੇ ਪਾਰਟੀ ਵਲੋਂ ਛਪਾਏ ਗਏ ਪੈਂਫਲਿਟ ਵੀ ਵੰਡੇ ਗਏ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਵਿੱਚ ਜਿਹੜੀਆਂ ਸਕੀਮਾਂ ਆਮ ਲੋਕਾਂ ਦੀ ਸਹੂਲਤ ਲਈ ਸ਼ੁਰੂ ਕੀਤੀਆਂ ਗਈਆਂ ਸਨ, ਉਹ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਿਲਕੁਲ ਬੰਦ ਕਰ ਦਿੱਤੀਆਂ ਹਨ ਜਾਂ ਉਨ੍ਹਾਂ ਦਾ ਨਾਮ ਬਦਲ ਕੇ ਪੰਜਾਬ ਵਾਸੀਆਂ ਨੂੰ ਗੁੰਮਰਾਹ ਕਰਨ ਦੀ ਨਾਕਾਮ ਕੋਸ਼ਿਸ਼ ਕੀਤੀ ਜਾ ਰਹੀ ਹੈ। ਯੂਥ ਅਕਾਲੀ ਆਗੂ ਮਨਸਿਮਰਨ ਸਿੰਘ ਵਲੋਂ ਵਿਸ਼ਵਕਰਮਾ ਕਾਲੋਨੀ ਵਿਖੇ ਕੀਤੇ ਗਏ ਭਾਰੀ ਇਕੱਠ ਵਿੱਚ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਸ.ਜਗਬੀਰ ਸਿੰਘ ਸੋਖੀ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਵਿੱਚ ਸ. ਪਰਕਾਸ਼ ਸਿੰਘ ਬਾਦਲ ਨੇ ਪੰਜਾਬ ਦੇ ਲੋਕਾਂ ਲਈ ਆਟਾ ਦਾਲ ਸਕੀਮ, ਪੈਨਸ਼ਨ ਸਕੀਮ, ਸ਼ਗਨ ਸਕੀਮ, ਅਨੁਸੂਚਿਤ ਜਾਤੀ ਲਈ ਵਜੀਫਾ ਸਕੀਮ, ਮਾਈ ਭਾਗੋ ਵਿਦਿਆ ਸਕੀਮ ਤਹਿਤ ਲੜਕੀਆਂ ਲਈ ਮੁਫ਼ਤ ਸਾਈਕਲ, ਯੁਵਕ ਕਲੱਬਾਂ ਲਈ ਖੇਡ ਕਿੱਟਾਂ, ਤੀਰਥ ਯਾਤਰਾ ਸਕੀਮ, ਮੁਫ਼ਤ ਸੇਵਾ ਕੇਂਦਰ, ਮੁਫ਼ਤ ਦਵਾਈ ਕੇਂਦਰ, ਮੁਫ਼ਤ ਜਾਂਚ ਕੇਂਦਰ, ਆਰ. ਓ. ਸਕੀਮ, ਅਨੁਸੂਚਿਤ ਜਾਤੀ ਲਈ 5 - 5 ਮਰਲੇ ਦੇ ਪਲਾਟ ਦਿੱਤੇ ਪਰ ਆਪ ਸਰਕਾਰ ਨੇ ਵੱਡੀ ਗਿਣਤੀ ਵਿਚ ਸਕੀਮਾ ਬੰਦ ਕਰ ਦਿੱਤੀਆਂ ਅਤੇ ਕੁਝ ਕੁ ਸਕੀਮਾ ਦੇ ਨਾਮ ਬਦਲ ਕੇ ਪੰਜਾਬ ਵਾਸੀਆਂ ਨੂੰ ਜਿੱਥੇ ਗੁੰਮਰਾਹ ਕਰਨ ਦੀ ਨਾਕਾਮ ਕੋਸ਼ਿਸ਼ ਕੀਤੀ ਉਥੇ ਤੀਰਥ ਯਾਤਰਾ ਸਕੀਮ ਅਤੇ ਰਸੋਈ ਸਕੀਮ ਤਹਿਤ ਪੰਜਾਬ ਦਾ ਸਰਮਾਇਆ ਦਿੱਲੀ ਵਾਲਿਆਂ ਦੇ ਚਹੇਤਿਆਂ ਨੂੰ ਦੋਹੀਂ ਹੱਥੀਂ ਲੁਟਾਇਆ। ਸ. ਸੋਖੀ ਨੇ ਆਮ ਆਦਮੀ ਪਾਰਟੀ ਤੇ ਵਰ੍ਹਦੇ ਹੋਏ ਕਿਹਾ ਕਿ ਇਸ ਨੇ ਬਦਲਾਅ ਦੇ ਨਾਮ ਦੇ ਪੰਜਾਬ ਵਾਸੀਆਂ ਨੂੰ ਗੁੰਮਰਾਹ ਕਰਕ ਸਤਾ ਤਾਂ ਪ੍ਰਾਪਤ ਕਰ ਲਈ ਪਰ ਚੋਣਾਂ ਤੋਂ ਪਹਿਲਾਂ ਕਿਤੇ ਗਏ ਵਾਅਦਿਆਂ ਵਿਚੋਂ ਇਕ ਦੋ ਨੂੰ ਛੱਡ ਕੇ ਕੋਈ ਵੀ ਪੂਰਾ ਨਹੀਂ ਕੀਤਾ। ਨਾਂ ਤਾਂ ਇਹ ਰੇਤਾ ਦੀ ਮਾਇਨਿੰਗ ਵਿੱਚੋ 20 ਹਜਾਰ ਕਰੋੜ ਰੁਪਏ ਪੈਦਾ ਕਰ ਸਕੇ ਅਤੇ ਨਾਂ ਪੰਜਾਬ ਵਿਚੋਂ ਨਸ਼ਾ ਖਤਮ ਕਰ ਸਕੀ। ਹਰ ਗਲੀ ਮੁੱਹਲੇ ਵਿੱਚ ਨਸ਼ਾ ਸ਼ਰੇਆਮ ਵਿੱਕ ਰਿਹਾ ਹੈ, ਜਿਸ ਨੂੰ ਕੋਈ ਰੋਕਣ ਵਾਲਾ ਨਹੀਂ। ਇਸ ਮੌਕੇ ਤੇ ਵੱਖ ਵੱਖ ਵਾਰਡਾਂ ਵਿੱਚ ਲੋਕਾਂ ਨਾਲ ਰਾਬਤਾ ਕਰਨ ਵਾਲਿਆਂ ਵਿੱਚ ਪ੍ਰਵੀਨ ਭਾਰਤੀ, ਹਰਦੀਪ ਸਿੰਘ, ਸਿਮਰਨਜੀਤ ਸਿੰਘ, ਗੁਰਪ੍ਰੀਤ ਕੌਰ ਪ੍ਰੀਤੀ, ਸਰਿਤਾ, ਅੰਜਲੀ, ਬਲਕਾਰ ਸਿੰਘ, ਕੁਲਦੀਪ ਸਿੰਘ ਖਾਲਸਾ, ਜੋਂਟੀ ਨਾਹਰ, ਡਾ. ਕਮਲਜੀਤ ਸਿੰਘ, ਮਨਜੀਤ ਸਿੰਘ ਰੰਗੀ, ਜੀਵਨ ਸੇਖਾ, ਮਨਜਿੰਦਰ ਸਿੰਘ ਮੰਗਾ, ਲਖਵਿੰਦਰ ਸਿੰਘ ਗਿੱਲ, ਮਨਵਿੰਦਰ ਗਾਂਧੀ ਸਮੇਤ ਵੱਡੀ ਗਿਣਤੀ ਵਿਚ ਅਕਾਲੀ ਅਹੁਦੇਦਾਰ ਅਤੇ ਵਰਕਰ ਸ਼ਾਮਲ ਸਨ।

ਮਿਕਸ ਲੈਂਡ ਯੂਜ ਦੇ ਹੱਲ ਲਈ ਧਰਨਾ ਭਲਕੇ : ਠੁਕਰਾਲ, ਵਿਸ਼ਵਕਰਮਾ

ਲੁਧਿਆਣਾ, 6 ਅਕਤੂਬਰ (ਸੂਰਜ): ਮਿਕਸ ਲੈਂਡ ਯੂਜ ਏਰੀਏ ਵਿੱਚ ਚੱਲ ਰਹੇ ਲਗਭਗ 50 ਹਜਾਰ ਕਾਰਖਾਨਿਆਂ ਦੀ ਮਿਆਦ ਸਤੰਬਰ ਵਿੱਚ ਖਤਮ ਹੋ ਗਈ ਹੈ, ਹੁਣ ਇਹ ਕਾਰਖਾਨੇ ਸਰਕਾਰ ਅਨੁਸਾਰ ਗੈਰ ਕਾਨੂੰਨੀ ਹੋ ਗਏ ਹਨ। ਇਸ ਸਬੰਧੀ ਸਮਾਲ ਸਕੇਲ ਮੈਨੂਫੈਕਚਰਜ ਐਸੋ: ਦੀ ਇੱਕ ਅਹਿਮ ਮੀਟਿੰਗ ਪ੍ਰਧਾਨ ਜਸਵਿੰਦਰ ਸਿੰਘ ਠੁਕਰਾਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ. ਠੁਕਰਾਲ ਨੇ ਦੱਸਿਆ ਕਿ ਮਿਕਸ ਲੈਂਡ ਯੂਜ ਦੀ ਮਿਆਦ ਖਤਮ ਹੋਣ ਨਾਲ ਮਿਕਸ ਲੈਂਡ ਯੂਜ ਵਿੱਚ ਚੱਲ ਰਹੀਆਂ ਫੈਕਟਰੀਆਂ ਤੇ ਉਜਾੜੇ ਦੀ ਤਲਵਾਰ ਲਟਕ ਗਈ ਹੈ। ਸ. ਠੁਕਰਾਲ ਨੇ ਕਿਹਾ ਕਿ ਇਸ ਦੇ ਹੱਲ ਸਬੰਧੀ ਬਹੁਤ ਯਤਨ ਕੀਤੇ ਗਏ ਜਿਸ ਵਿੱਚ ਜਿਲਾ ਉਦਯੋਗ ਕੇਂਦਰ ਨੂੰ ਮੰਗ ਪੱਤਰ ਦੇਣ ਦੇ ਨਾਲ ਸਰਕਾਰ ਨਾਲ ਸੰਪਰਕ ਕੀਤਾ ਗਿਆ, ਪਰ ਇਸ ਸਬੰਧੀ ਕੋਈ ਹੱਲ ਨਹੀ ਕੀਤਾ ਗਿਆ। ਜਿਸ ਕਾਰਨ ਫੈਕਟਰੀਆਂ ਬੰਦ ਹੋਣ ਕਿਨਾਰੇ ਹਨ ਅਤੇ ਕਾਰਖਾਨੇਦਾਰਾ ਵਿਚ ਸਹਿਮ ਦਾ ਮਾਹੌਲ ਹੈ। ਉਹਨਾਂ ਹੋਰ ਦੱਸਿਆ ਕਿ ਮੀਟਿੰਗ ਦੋਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਰਕਾਰ ਨੂੰ ਕੁੰਭਕਰਨੀ ਨੀਂਦ ਤੋਂ ਜਗਾਉਣ ਲਈ 8 ਸਤੰਬਰ ਨੂੰ ਜਿਲਾ ਉਦਯੋਗ ਕੇਂਦਰ ਦੇ ਬਾਹਰ ਇਕ ਵਿਸ਼ਾਲ ਧਰਨਾ ਲਗਾਇਆ ਜਾਵੇਗਾ। ਇਸ ਸਮੇ ਬੋਲਦਿਆ ਸ. ਚਰਨਜੀਤ ਸਿੰਘ ਵਿਸ਼ਵਕਰਮਾ ਨੇ ਕਿਹਾ ਕਿ ਇਹ ਰੋਸ ਧਰਨਾ ਸਰਕਾਰ ਦੀਆਂ ਬੰਦ ਪਈਆਂ ਅੱਖਾਂ ਅਤੇ ਕੰਨਾਂ ਨੂੰ ਖੋਲਣ ਲਈ ਮਜਬੂਰ ਕਰੇਗਾ ਅਤੇ ਇਨਾ ਇਲਾਕਿਆ ਨੂੰ ਸਨਅਤੀ ਇਲਾਕ